ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 16 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੪ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਮੁੱਖ ਮੰਤਰੀ ਨੂੰ ਸਵਾਲ ਪੁੱਛਣ ਜਾ ਰਹੇ ਸੀ ਕਿਸਾਨ

# ਕਿਸਾਨਾਂ ਅਤੇ ਪੁਲਿਸ ਵਿਚਾਲੇ ਹੋਈ ਹੱਥੋਪਾਈ

**ਸੰਗਰੂਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਦੇ ਪਿੰਡ ਛਾਜਲੀ ਪਹੁੰਚੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਵਾਲ ਪੁੱਛਣ ਜਾ ਰਹੇ ਕਿਸਾਨਾਂ ਅਤੇ ਪੁਲਿਸ ਵਿਚਕਾਰ ਝੜਪ ਹੋ ਗਈ। ਝੜਪ ਤੋਂ ਬਾਅਦ ਮਾਹੌਲ ਤਣਾਅਪੂਰਨ ਹੋ ਗਿਆ ਅਤੇ ਗੁੱਸੇ ਵਿੱਚ ਆਏ ਕਿਸਾਨ ਵਿਰੋਧ ਪ੍ਰਦਰਸ਼ਨ ਲਈ ਬੈਠ ਗਏ। ਇਸ ਦੌਰਾਨ ਕਿਸਾਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।



ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਛਾਜਲੀ ਵਿੱਚ ਬਣੇ ਸਕੂਲ ਆਫ਼ ਐਮੀਨੈਂਸ ਦਾ ਉਦਘਾਟਨ ਕਰਨ ਲਈ ਆਏ ਸਨ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਅਤੇ ਸਿੱਧੂਪੁਰ ਦੇ ਸੈਂਕੜੇ ਵਰਕਰ ਅਤੇ ਔਰਤਾਂ ਵੱਖ-ਵੱਖ ਪਿੰਡਾਂ ਤੋਂ ਛਾਜਲੀ ਪਹੁੰਚੇ, ਇਸ ਦੌਰਾਨ ਉਹ ਮੁੱਖ ਮੰਤਰੀ ਭਗਵੰਤ ਮਾਨ ਤੋਂ ਸਵਾਲ ਪੁੱਛਣ ਲਈ ਜਾ ਰਹੇ ਸਨ, ਪਰ ਪੁਲਿਸ ਨੇ ਉਨ੍ਹਾਂ ਨੂੰ ਸਮਾਗਮ ਵਾਲੀ ਥਾਂ ਤੋਂ ਲਗਭਗ ਇੱਕ ਕਿਲੋਮੀਟਰ ਪਹਿਲਾਂ ਰੋਕ ਲਿਆ ਅਤੇ ਅੱਗੇ ਨਹੀਂ ਜਾਣ ਦਿੱਤਾ। ਕਿਸਾਨਾਂ ਅਤੇ ਔਰਤਾਂ ਨੇ ਪੁਲਿਸ ਦੀ ਨਾਕਾਬੰਦੀ ਤੋੜ ਕੇ ਅੱਗੇ ਵਧਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਪੁਲਿਸ ਅਤੇ ਕਿਸਾਨਾਂ ਵਿਚਕਾਰ ਹੱਥੋਪਾਈ ਅਤੇ ਬਹਿਸ ਸ਼ੁਰੂ ਹੋ ਗਈ। ਪੁਲਿਸ ਨੇ ਕਿਸਾਨਾਂ ਨੂੰ ਪਿੱਛੇ ਧੱਕ ਦਿੱਤਾ ਅਤੇ ਗੁੱਸੇ ਵਿੱਚ ਆਏ ਕਿਸਾਨ ਸੜਕ 'ਤੇ ਧਰਨਾ ਲਾ ਕੇ ਬੈਠ ਗਏ। ਇਸ ਦੌਰਾਨ ਕਿਸਾਨ ਆਗੂਆਂ ਜਸਵਿੰਦਰ ਸਿੰਘ ਲੌਂਗੋਵਾਲ, ਜਸਵੀਰ ਸਿੰਘ, ਸੰਤ ਰਾਮ ਛਾਜਲੀ, ਰਾਜ ਸਿੰਘ, ਕੇਵਲ ਸਿੰਘ, ਬਲਜੀਤ ਕੌਰ ਆਦਿ ਨੇ ਕਿਹਾ ਕਿ ਉਹ ਮੁੱਖ ਮੰਤਰੀ ਤੋਂ ਪੁੱਛਣਾ ਚਾਹੁੰਦੇ ਹਨ ਕਿ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਚੱਲ ਰਹੇ ਮੋਰਚੇ ਨੂੰ ਜ਼ਬਰਦਸਤੀ ਕਿਉਂ ਹਟਾਇਆ ਗਿਆ ਅਤੇ ਉੱਥੋਂ ਸਾਮਾਨ ਕਿਉਂ ਲੁੱਟਿਆ ਗਿਆ। ਉਨ੍ਹਾਂ ਕਿਹਾ ਕਿ ਅੱਜ ਇਹ ਸਰਕਾਰ ਉਨ੍ਹਾਂ ਤੋਂ ਸਵਾਲ ਪੁੱਛਣ ਦਾ ਅਧਿਕਾਰ ਖੋਹ ਰਹੀ ਹੈ। ਜਦੋਂ ਕਿ ਇਹੀ ਪਾਰਟੀ ਅਤੇ ਮੁੱਖ ਮੰਤਰੀ ਕਹਿੰਦੇ ਸਨ ਕਿ ਜਦੋਂ ਕੋਈ ਆਗੂ ਜਾਂ ਮੰਤਰੀ ਪਿੰਡਾਂ ਵਿੱਚ ਆਉਂਦਾ ਹੈ ਤਾਂ ਉਨ੍ਹਾਂ ਤੋਂ ਸਵਾਲ ਪੁੱਛੋ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰਾਂ ਕਿਸਾਨਾਂ ਦੀ ਆਵਾਜ਼ ਨੂੰ ਦਬਾ ਨਹੀਂ ਸਕਦੀਆਂ। ਸਰਕਾਰ ਨੂੰ ਆਪਣੇ ਤਾਨਾਸ਼ਾਹੀ ਰਵੱਈਏ ਦਾ ਜਵਾਬ




## ਅੰਮ੍ਰਿਤਪਾਲ ਸਿੰਘ ਦਾ ਸਾਥੀ ਪਪਲਪ੍ਰੀਤ ਸਿੰਘ ਅਜਨਾਲਾ ਕੋਰਟ 'ਚ ਪੇਸ਼, ਮਿਲਿਆ 3 ਦਿਨ ਦਾ ਰਿਮਾਂਡ



**ਅਜਨਾਲਾ/ਅੰਮ੍ਰਿਤਸਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਫਰਵਰੀ 2023 'ਚ ਅਜਨਾਲਾ ਥਾਣੇ 'ਤੇ ਹਮਲਾ ਕਰਨ ਦੇ ਦੋਸ਼ ਵਿਚ ਜਥੇਬੰਦੀ 'ਵਾਰਿਸ ਪੰਜਾਬ ਦੇ' ਦੇ ਮੁਖੀ ਲੋਕ ਸਭਾ ਮੈਂਬਰ ਖਡੂਰ ਸਾਹਿਬ ਅੰਮ੍ਰਿਤਪਾਲ ਸਿੰਘ ਜੱਲੂਪੁਰ ਖੇੜਾ ਅਤੇ ਉਸਦੇ ਸਾਥੀਆਂ 'ਤੇ ਥਾਣਾ ਅਜਨਾਲਾ 'ਚ ਮੁਕੱਦਮਾ ਨੰਬਰ 39 ਵਿਚ ਧਾਰਾ 307,353,186 ਤਹਿਤ ਕੀਤੇ ਗਏ ਮੁਕੱਦਮੇ 'ਚ ਸ਼ਾਮਲ ਡਿਬਰੂਗੜ੍ਹ ਜੇਲ੍ਹ 'ਚੋਂ ਲਿਆਂਦੇ ਗਏ ਪਪਲਪ੍ਰੀਤ ਸਿੰਘ ਨੂੰ ਭਾਰੀ ਸੁਰੱਖਿਆ ਪੁਲਸ ਬਲ ਨਾਲ ਅਜਨਾਲਾ ਕੋਰਟ ਵਿਚ ਪੇਸ਼ ਕੀਤਾ ਗਿਆ। ਇਸ ਮੌਕੇ ਮਾਣਯੋਗ ਅਦਾਲਤ ਨੇ ਪਪਲਪ੍ਰੀਤ ਸਿੰਘ ਨੂੰ 3 ਦਿਨ ਦਾ ਰਿਮਾਂਡ ਦਿੱਤਾ ਹੈ। ਦੱਸ ਦਈਏ ਕਿ ਥਾਣਾ ਅਜਨਾਲਾ 2023 ਫਰਵਰੀ 'ਚ ਕੀਤੇ ਗਏ ਹਮਲੇ ਸੰਬੰਧੀ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਰਾਮ ਮੰਦਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ! ਸ਼ਿਕਾਇਤ ਪਿੱਛੋਂ ਪੁਲਿਸ ਨੇ ਵਧਾਈ ਸੁਰੱਖਿਆ

**ਅਯੁੱਧਿਆ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਮ ਮੰਦਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲਾ ਈਮੇਲ ਮਿਲਣ ਤੋਂ ਬਾਅਦ ਹੜਕੰਪ ਮੱਚ ਗਈ ਹੈ, ਜਿਸ ਤੋਂ ਬਾਅਦ ਅਯੁੱਧਿਆ ਦੇ ਸਾਈਬਰ ਪੁਲਿਸ ਸਟੇਸ਼ਨ ਵਿੱਚ ਐਫਆਈਆਰ ਦਰਜ ਕੀਤੀ ਗਈ। ਸਾਈਬਰ ਸੈੱਲ ਇਸ ਮਾਮਲੇ ਦੀ ਜਾਂਚ ਕਰ ਰਿਹਾ ਹੈ। ਪਿਛਲੇ ਸੋਮਵਾਰ ਰਾਤ ਨੂੰ ਰਾਮ ਜਨਮ ਭੂਮੀ ਟਰੱਸਟ ਦੇ ਡਾਕ 'ਤੇ ਇੱਕ ਧਮਕੀ ਭਰਿਆ ਪੱਤਰ ਮਿਲਿਆ, ਜਿਸ ਵਿੱਚ ਮੰਦਰ ਦੀ ਸੁਰੱਖਿਆ ਵਧਾਉਣ ਲਈ ਲਿਖਿਆ ਗਿਆ ਸੀ। ਧਮਕੀ ਭਰੀ ਮੇਲ ਮਿਲਣ ਤੋਂ ਬਾਅਦ, ਇੱਕ ਵਿਆਪਕ ਤਲਾਸ਼ੀ ਮੁਹਿੰਮ ਵੀ ਚਲਾਈ ਗਈ। ਅਯੁੱਧਿਆ ਦੇ ਨਾਲ-ਨਾਲ ਬਾਰਾਬੰਕੀ ਅਤੇ ਹੋਰ ਗੁਆਂਢੀ ਜ਼ਿਲ੍ਹਿਆਂ ਵਿੱਚ ਵੀ ਚੌਕਸੀ ਵਧਾ ਦਿੱਤੀ ਗਈ ਸੀ।



ਇਸ ਮਾਮਲੇ ਵਿੱਚ ਰਾਮ ਜਨਮ ਭੂਮੀ ਟਰੱਸਟ ਦਫ਼ਤਰ ਦੇ ਲੇਖਾ ਅਧਿਕਾਰੀ ਮਹੇਸ਼ ਕੁਮਾਰ ਨੇ ਕੇਸ ਦਾਇਰ ਕੀਤਾ ਹੈ। ਕੈਨੇਡਾ ਸਥਿਤ SFJ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਨਵੰਬਰ ਵਿੱਚ ਇੱਕ ਵੀਡੀਓ ਜਾਰੀ ਕਰਕੇ ਰਾਮ ਮੰਦਰ 'ਤੇ ਹਮਲਾ ਕਰਨ ਦੀ ਧਮਕੀ ਦਿੱਤੀ ਸੀ। ਇੱਕ ਕਥਿਤ ਵੀਡੀਓ ਸੰਦੇਸ਼ ਵਿੱਚ, ਪੰਨੂ ਨੇ ਕਿਹਾ ਕਿ 16-17 ਨਵੰਬਰ ਨੂੰ ਅਯੁੱਧਿਆ ਦੇ ਰਾਮ ਮੰਦਰ ਵਿੱਚ ਖੂਨ-ਖਰਾਬਾ ਹੋਵੇਗਾ। ਇਸ ਤੋਂ ਬਾਅਦ, ਅਯੁੱਧਿਆ ਪ੍ਰਸ਼ਾਸਨ ਹੋਰ ਵੀ ਸਾਵਧਾਨ ਹੋ ਗਿਆ ਹੈ, ਕਿਉਂਕਿ 18 ਨਵੰਬਰ ਨੂੰ ਰਾਮ ਮੰਦਰ ਵਿੱਚ ਰਾਮ ਵਿਵਾਹ ਉਤਸਵ ਹੈ। ਇਸ ਧਮਕੀ 'ਤੇ ਅਯੁੱਧਿਆ ਦੇ ਮੇਅਰ ਗਿਰੀਸ਼ ਪਤੀ ਤ੍ਰਿਪਾਠੀ ਨੇ ਕਿਹਾ ਸੀ ਕਿ ਅਯੁੱਧਿਆ ਦੀ ਰੱਖਿਆ ਹਨੂੰਮਾਨ ਜੀ ਕਰ ਰਹੇ ਹਨ, ਇਸ ਲਈ ਕੋਈ ਵੀ ਇੱਥੇ ਹਮਲਾ ਕਰਨ ਦੀ ਹਿੰਮਤ ਨਹੀਂ ਕਰ ਸਕਦਾ। ਦੱਸ ਦੇਈਏ ਕਿ ਅਯੁੱਧਿਆ ਪਹਿਲਾਂ ਹੀ ਇੱਕ ਉੱਚ ਸੁਰੱਖਿਆ ਖੇਤਰ ਹੈ ਅਤੇ ਇੱਥੇ ਤਾਇਨਾਤ ਸੁਰੱਖਿਆ ਕਰਮਚਾਰੀਆਂ ਨੂੰ ਅੱਤਵਾਦੀ ਹਮਲਿਆਂ ਨਾਲ ਨਜਿੱਠਣ ਲਈ ਸਿਖਲਾਈ ਦਿੱਤੀ ਗਈ ਹੈ। ਸਮੇਂ-ਸਮੇਂ 'ਤੇ ਇੱਥੇ ਸੁਰੱਖਿਆ ਉਪਾਵਾਂ ਦੀ ਸਮੀਖਿਆ ਕੀਤੀ ਜਾਂਦੀ ਹੈ। ਪੂਰੇ ਸ਼ਹਿਰ ਦੀ ਨਿਗਰਾਨੀ ਸੀਸੀਟੀਵੀ ਅਤੇ ਡਰੋਨ ਕੈਮਰਿਆਂ ਨਾਲ ਕੀਤੀ ਜਾਂਦੀ ਹੈ।

## 'ਆਪ' ਵਿਧਾਇਕ ਕੁਲਵੰਤ ਸਿੰਘ ਦੇ ਘਰ ਈਡੀ ਵੱਲੋਂ ਮਨੀ ਲਾਂਡਰਿੰਗ ਦੇ ਮਾਮਲੇ ਨੂੰ ਲੈ ਕੇ ਛਾਪੇਮਾਰੀ, ਪਰਿਵਾਰਕ ਮੈਂਬਰਾਂ ਤੋਂ ਕੀਤੀ ਗਈ ਪੁੱਛਗਿੱਛ



**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੋਹਾਲੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁਲਵੰਤ ਸਿੰਘ ਦੇ ਸੈਕਟਰ -94 ਸਥਿਤ ਘਰ 'ਚ ਈਡੀ ਦੀ ਟੀਮ ਪਹੁੰਚੀ ਹੈ। ਈਡੀ ਦੀ ਟੀਮ ਵੱਲੋਂ ਮਣੀ ਲਾਂਡਰਿੰਗ ਦੇ ਮਾਮਲੇ ਨੂੰ ਲੈ ਕੇ ਆਪ ਵਿਧਾਇਕ ਦੇ ਘਰ ਅਤੇ ਉਨ੍ਹਾਂ ਦੇ ਵੱਖ-ਵੱਖ ਠਿਕਾਣਿਆਂ ਦੀ ਤਲਾਸ਼ੀ ਲੈ ਰਹੀ ਹੈ। ਈਡੀ ਦੀ ਟੀਮ ਸਥਾਨਕ ਪੁਲਿਸ ਦੇ ਨਾਲ ਸਵੇਰੇ ਮੋਹਾਲੀ ਦੇ ਜਨਤਾ ਲੈਂਡ ਪ੍ਰਮੋਟਰਜ਼ ਲਿਮਟਿਡ (ਜੇਐਲਪੀਐਲ) ਇਲਾਕੇ ਵਿੱਚ ਵਿਧਾਇਕ ਕੁਲਵੰਤ ਸਿੰਘ ਦੇ ਘਰ ਪਹੁੰਚੀ। ਕੁਲਵੰਤ ਸਿੰਘ ਦੀ ਰੀਅਲ ਅਸਟੇਟ ਕੰਪਨੀ ਹੈ। ਈਡੀ ਦੇ ਸੂਤਰਾਂ ਅਨੁਸਾਰ ਕੁਲਵੰਤ ਸਿੰਘ ਇਸ ਸਮੇਂ ਘਰ ਨਹੀਂ ਹਨ ਪਰ ਕੇਂਦਰੀ ਏਜੰਸੀ ਦੀ ਟੀਮ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੋਂ ਪੁੱਛਗਿੱਛ ਕਰ ਰਹੀ ਹੈ। ਇਸੇ ਲਈ ਈਡੀ ਦੀ ਛਾਪੇਮਾਰੀ ਚੱਲ ਰਹੀ ਹੈ। ਸੂਤਰਾਂ ਅਨੁਸਾਰ ਇਹ ਛਾਪੇਮਾਰੀ ਪਰਲ ਐਗਰੋਟੈਕ ਕਾਰਪੋਰੇਸ਼ਨ ਲਿਮਟਿਡ (ਪੀਏਸੀਐਲ) ਵਿੱਚ ਹੋਏ ਘੁਟਾਲੇ ਨਾਲ ਸਬੰਧਤ ਹੈ। ਆਰੋਪ ਹੈ ਕਿ ਪੀਏਸੀਐਲ ਦੇ ਡਾਇਰੈਕਟਰਾਂ ਨੇ ਕਥਿਤ ਤੌਰ 'ਤੇ ਨਿਵੇਸ਼ਕਾਂ ਦੇ ਪੈਸੇ ਨੂੰ ਕਈ ਥਾਵਾਂ 'ਤੇ ਸਥਿਤ ਜਾਅਲੀ ਕੰਪਨੀਆਂ ਨੂੰ ਟ੍ਰਾਂਸਫਰ ਕਰਕੇ ਗਬਨ ਕੀਤਾ ਸੀ। ਫਿਰ ਇਨ੍ਹਾਂ ਪੈਸਿਆਂ ਨੂੰ ਨਕਦੀ ਵਿੱਚ ਕਢਵਾ ਕੇ PACL ਦੇ ਮੁੱਖ ਸਹਿਯੋਗੀਆਂ ਨੂੰ ਸੌਂਪ ਦਿੱਤਾ ਗਿਆ ਅਤੇ ਫਿਰ ਹਵਾਲਾ ਦੇ ਜ਼ਰੀਏ ਭਾਰਤ ਤੋਂ ਬਾਹਰ ਦੀਆਂ ਕੰਪਨੀਆਂ ਨੂੰ ਜਾਇਦਾਦਾਂ ਖਰੀਦਣ ਲਈ ਟ੍ਰਾਂਸਫਰ ਕੀਤਾ ਗਿਆ। ਈਡੀ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਈਡੀ ਨੇ ਵਿਧਾਇਕ ਕੁਲਵੰਤ ਸਿੰਘ ਦੇ ਸੈਕਟਰ 71 ਸਥਿਤ ਘਰ 'ਤੇ ਛਾਪਾ ਮਾਰਿਆ ਸੀ। ਸ਼ਰਾਬ ਘੁਟਾਲੇ ਦੇ ਮਾਮਲੇ 'ਚ 54 ਨੇ ਵਿਧਾਇਕ ਦੇ ਘਰ ਛਾਪਾ ਮਾਰਿਆ ਸੀ। ਇਸ ਤੋਂ ਬਾਅਦ ਉਸ ਤੋਂ ਪੁੱਛਗਿੱਛ ਕੀਤੀ ਗਈ।

## ਈ. ਡੀ. ਨੇ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਖਿਲਾਫ਼ ਚਾਰਜਸ਼ੀਟ ਕੀਤੀ ਦਾਖਲ

**ਨਵੀਂ ਦਿੱਲੀ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਜਾਂਚ ਏਜੰਸੀ ਇਨਫੋਰਸਮੈਂਟ ਡਾਇਰੈਕਟੋਰੇਟ (54) ਨੇ ਨੈਸ਼ਨਲ ਹੇਰਾਲਡ ਮਾਮਲੇ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਚਾਰਜਸ਼ੀਟ ਦਾਇਰ ਕੀਤੀ ਹੈ। ਇਸ ਵਿੱਚ ਕਾਂਗਰਸ ਆਗੂਆਂ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਦੇ ਨਾਮ ਵੀ ਸ਼ਾਮਲ ਹਨ। ਦੋਵਾਂ ਵਿਰੁੱਧ ਪਹਿਲੀ ਵਾਰ ਚਾਰਜਸ਼ੀਟ ਦਾਇਰ ਕੀਤੀ ਗਈ ਹੈ। ਅਦਾਲਤ ਨੇ ਇਸ ਮਾਮਲੇ ਵਿੱਚ ਦੋਸ਼ਾਂ ਦਾ ਨੋਟਿਸ ਲੈਣ ਲਈ ਸੁਣਵਾਈ ਲਈ 25 ਅਪ੍ਰੈਲ ਦੀ ਤਰੀਕ ਤੈਅ ਕੀਤੀ ਹੈ। ਈਡੀ ਨੇ ਨੈਸ਼ਨਲ ਹੈਰਾਲਡ ਦੇ ਕਥਿਤ ਮਨੀ ਲਾਂਡਰਿੰਗ ਮਾਮਲੇ ਵਿੱਚ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਅਤੇ ਸੋਨੀਆ ਗਾਂਧੀ ਦੇ ਨਾਲ-ਨਾਲ ਕਾਂਗਰਸ ਦੇ ਓਵਰਸੀਜ਼ ਮੁਖੀ ਸੈਮ ਪਿਤਰੋਦਾ ਵਿਰੁੱਧ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵਿੱਚ ਚਾਰਜਸ਼ੀਟ ਦਾਇਰ ਕੀਤੀ ਹੈ।



ਇਸ ਚਾਰਜਸ਼ੀਟ ਵਿੱਚ ਸੁਮਨ ਦੂਬੇ ਅਤੇ ਹੋਰਾਂ ਦੇ ਨਾਮ ਵੀ ਸ਼ਾਮਲ ਹਨ। ਕੇਂਦਰੀ ਜਾਂਚ ਏਜੰਸੀ ਈਡੀ ਨੇ ਹੁਣ ਤੱਕ ਏਜੇਐਲ ਯਾਨੀ ਐਸੋਸੀਏਟਿਡ ਜਰਨਲਜ਼ ਲਿਮਟਿਡ ਅਤੇ ਯੰਗ ਇੰਡੀਆ ਦੀਆਂ ਲਗਭਗ 751.9 ਕਰੋੜ ਰੁਪਏ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਹਨ। ਦੋਸ਼ ਹੈ ਕਿ ਕਰੋੜਾਂ ਰੁਪਏ ਦੀ ਇਹ ਜਾਇਦਾਦ ਅਪਰਾਧ ਤੋਂ ਹੋਈ ਕਮਾਈ ਤੋਂ ਖਰੀਦੀ ਗਈ ਸੀ। ਈਡੀ ਨੇ ਇਹ ਜ਼ਬਤੀ ਕਾਰਵਾਈ ਪੀਐਮਐਲਏ ਤਹਿਤ ਦਿੱਲੀ, ਮੁੰਬਈ ਅਤੇ ਲਖਨਊ ਵਿੱਚ ਕੀਤੀ ਹੈ। ਈਡੀ ਦੇ ਸੂਤਰਾਂ ਅਨੁਸਾਰ, 661.69 ਕਰੋੜ ਰੁਪਏ ਦੀ ਜਾਇਦਾਦ ਏਜੇਐਲ ਨਾਲ ਜੁੜੀ ਹੋਈ ਹੈ, ਜਦੋਂ ਕਿ ਲਗਭਗ 90.21 ਕਰੋੜ ਰੁਪਏ ਦੀ ਜਾਇਦਾਦ ਯੰਗ ਇੰਡੀਆ ਨਾਲ ਜੁੜੀ ਹੋਈ ਹੈ। 2014 ਵਿੱਚ, ਈਡੀ ਨੇ ਦਿੱਲੀ ਦੇ ਮੈਟਰੋਪੋਲੀਟਨ ਮੈਜਿਸਟ੍ਰੇਟ ਦੇ ਹੁਕਮਾਂ 'ਤੇ ਪੀਐਮਐਲਏ ਦੇ ਤਹਿਤ ਏਜੇਐਲ ਅਤੇ ਯੰਗ ਇੰਡੀਆ ਵਿਰੁੱਧ ਜਾਂਚ ਸ਼ੁਰੂ ਕੀਤੀ ਸੀ। ਜਾਂਚ ਤੋਂ ਪਤਾ ਲੱਗਾ ਕਿ ਮਾਮਲੇ ਦੇ ਮੁਲਜ਼ਮਾਂ ਨੇ ਯੰਗ ਇੰਡੀਅਨ ਰਾਹੀਂ ਏਜੇਐਲ ਦੀਆਂ ਸੈਂਕੜੇ ਕਰੋੜ ਰੁਪਏ ਦੀਆਂ ਜਾਇਦਾਦਾਂ ਹਾਸਲ ਕਰਨ ਲਈ ਇੱਕ ਅਪਰਾਧਿਕ ਸਾਜ਼ਿਸ਼ ਰਚੀ ਸੀ। ਸਰਕਾਰ ਵੱਲੋਂ ਅਖਬਾਰ ਪ੍ਰਕਾਸ਼ਿਤ ਕਰਨ ਲਈ ਭਾਰਤ ਦੇ ਕਈ ਸ਼ਹਿਰਾਂ ਵਿੱਚ ਰਿਆਇਤੀ ਦਰਾਂ 'ਤੇ ਜ਼ਮੀਨ ਦਿੱਤੀ ਗਈ ਸੀ। ਏਜੇਐਲ ਨੇ 2008 ਵਿੱਚ ਆਪਣਾ ਪ੍ਰਕਾਸ਼ਨ ਬੰਦ ਕਰ ਦਿੱਤਾ ਅਤੇ ਜਾਇਦਾਦਾਂ ਦੀ ਵਰਤੋਂ ਵਪਾਰਕ ਉਦੇਸ਼ਾਂ ਲਈ ਕਰਨੀ ਸ਼ੁਰੂ ਕਰ ਦਿੱਤੀ। ਏਜੇਐਲ ਨੂੰ ਆਲ ਇੰਡੀਆ ਕਾਂਗਰਸ ਕਮੇਟੀ (ਏਆਈਸੀਸੀ) ਨੂੰ 90.21 ਕਰੋੜ ਰੁਪਏ ਦਾ ਕਰਜ਼ਾ ਚੁਕਾਉਣਾ ਪਿਆ, ਹਾਲਾਂਕਿ, ਕਾਂਗਰਸ ਪਾਰਟੀ ਨੇ 90.21 ਕਰੋੜ ਰੁਪਏ ਦਾ ਇਹ ਕਰਜ਼ਾ ਮੁਆਫ਼ ਕਰ ਦਿੱਤਾ ਅਤੇ ਏਜੇਐਲ ਨੂੰ ਇੱਕ ਨਵੀਂ ਕੰਪਨੀ ਯੰਗ ਇੰਡੀਅਨ ਨੂੰ ਸਿਰਫ਼ 50 ਲੱਖ ਰੁਪਏ ਵਿੱਚ ਵੇਚਣ ਦੀ ਸਾਜ਼ਿਸ਼ ਰਚੀ। ਇਸ ਤੋਂ ਬਾਅਦ, ਯੰਗ ਇੰਡੀਆ ਦੇ ਸ਼ੇਅਰ ਗਾਂਧੀ ਪਰਿਵਾਰ ਅਤੇ ਉਨ੍ਹਾਂ ਦੇ ਨਜ਼ਦੀਕੀਆਂ ਨੂੰ ਦੇ ਦਿੱਤੇ ਗਏ, ਭਾਵ ਏਜੇਐਲ ਦੀ ਕਰੋੜਾਂ ਦੀ ਜਾਇਦਾਦ ਯੰਗ ਇੰਡੀਆ ਰਾਹੀਂ ਅਸਿੱਧੇ ਤੌਰ 'ਤੇ ਗਾਂਧੀ ਪਰਿਵਾਰ ਦੇ ਕੰਟਰੋਲ ਵਿੱਚ ਆ ਗਈ। ਹਾਲਾਂਕਿ, ਇਸ ਤੋਂ ਪਹਿਲਾਂ, ਏਜੇਐਲ ਨੇ ਇੱਕ ਅਸਾਧਾਰਨ ਆਮ ਮੀਟਿੰਗ ਬੁਲਾਈ ਅਤੇ ਇੱਕ ਮਤਾ ਪਾਸ ਕੀਤਾ, ਜਿਸ ਤੋਂ ਬਾਅਦ ਏਜੇਐਲ ਵਿੱਚ 1000 ਤੋਂ ਵੱਧ ਸ਼ੇਅਰਧਾਰਕਾਂ ਦੀ ਸ਼ੇਅਰਹੋਲਡਿੰਗ ਸਿਰਫ 1% ਰਹਿ ਗਈ ਅਤੇ ਏਜੇਐਲ ਵਾਈਆਈ ਦੀ ਇੱਕ ਸਹਾਇਕ ਕੰਪਨੀ ਬਣ ਗਈ।

## 'ਪ੍ਰਧਾਨ ਸਾਬ੍ਹ' ਦੀ ਕੁਰਸੀ ਨੂੰ ਮੁੜ ਖੜ੍ਹਾ ਹੋਇਆ ਖ਼ਤਰਾ ! ਕਿਹਾ- ਨਹੀਂ ਕਬੂਲੀ ਜਾਵੇਗੀ ਸੁਖਬੀਰ ਦੀ ਲੀਡਰਸ਼ਿਪ, ਬਾਦਲ ਧੜੇ ਨੇ ਕੀਤੀ ਬੋਗਸ ਭਰਤੀ

**ਚੰਡੀਗੜ੍ਹ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੇਸ਼ੱਕ ਇਸ ਵੇਲੇ ਸ਼੍ਰੋਮਣੀ ਕਮੇਟੀ ਤੇ ਅਕਾਲੀ ਦਲ ਦੀ ਕਮਾਨ ਬਾਦਲ ਧੜੇ ਹੱਥ ਹੈ ਪਰ ਅਹਿਮ ਗੱਲ਼ ਇਹ ਹੈ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ 'ਤੇ ਬਣੀ ਪੰਜ ਮੈਂਬਰੀ ਭਰਤੀ ਕਮੇਟੀ ਨੇ ਵੀ 15 ਲੱਖ ਤੋਂ ਵੱਧ ਮੈਂਬਰਸ਼ਿਪ ਪੂਰੀ ਕਰ ਲਈ ਹੈ ਤੇ ਅਗਲੇ ਦਿਨਾਂ ਅੰਦਰ ਸੱਤ ਲੱਖ ਹੋਰ ਭਰਤੀ ਹੋਣ ਦਾ ਦਾਅਵਾ ਕੀਤਾ ਹੈ। ਉਧਰ, ਬਾਗੀ ਧੜੇ ਨੇ ਸਪਸ਼ਟ ਸੰਕੇਤ ਦੇ ਦਿੱਤੇ ਹਨ ਕਿ ਉਹ ਸੁਖਬੀਰ ਬਾਦਲ ਦੀ ਲੀਡਰਸ਼ਿਪ ਨੂੰ ਨਹੀਂ ਕਬੂਲਣਗੇ ਤੇ ਪੰਥਕ ਧਿਰਾਂ ਨੂੰ ਇੱਕਜੁਟ ਕਰਕੇ ਸ਼੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਹੇਠ ਇਕੱਠੇ ਹੋਣਗੇ। ਇਸ ਮੌਕੇ ਉਨ੍ਹਾਂ ਵੱਲੋਂ ਅਕਾਲੀ ਦਲ ਵੱਲੋਂ ਕੀਤੀ ਭਰਤੀ ਨੂੰ ਬੋਗਸ ਦੱਸਿਆ ਹੈ। ਇਸ ਨੂੰ ਲੈ ਕੇ ਚਰਨਜੀਤ ਸਿੰਘ ਬਰਾੜ ਨੇ 2 ਦਸੰਬਰ ਵਾਲਾ ਹੁਕਮਨਾਮਾ ਸਾਂਝਾ ਕਰਦਿਆਂ ਲਿਖਿਆ, ਸੰਗਤ ਖੁਦ ਆਪ ਪੜ੍ਹ ਕੇ ਫੈਸਲਾ ਕਰੇ ਕਿ ਇਹ ਨਿਗਰਾਨ ਕਮੇਟੀ ਹੈ ਜਾ ਭਰਤੀ ਕਮੇਟੀ ? ਦੂਸਰਾ ਝੂਠ ਬੋਲਦੇ ਹਨ ਕਿ ਪੰਜ ਮੈਂਬਰੀ ਭਰਤੀ ਕਮੇਟੀ ਵਾਲਿਆਂ ਦੇ ਨਾਮ ਕਿੱਥੇ ਹਨ ਇਹ ਵੀ ਸੰਗਤ ਜੀ ਪੜ ਕੇ ਉਹਨਾਂ ਨੂੰ ਦੱਸਿਓ ਜੀ। ਸੁਖਬੀਰ ਧੜੇ ਦੀ ਭਰਤੀ ਕਿਉਂ ਬੋਗਸ ਕਿਉਂ ਹੈ ? ਸੰਗਤ ਜੀ ਪੜੋ ਕਿ ਭਰਤੀ ਅਧਾਰ ਕਾਰਡ ਲੈ ਕੈ ਫਿਰ ਕਰਨੀ ਸੀ ਇਹਨਾਂ ਨਹੀ ਲਏ ਇਸ ਲਈ ਬੋਗਸ ਹੈ। ਇੱਕ ਧੜਾ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਹੁਕਮਨਾਮਾ ਸਾਹਿਬ ਸੰਬੰਧੀ ਕੂੜ ਪ੍ਰਚਾਰ ਕਰ ਸਿਆਸਤ ਖੇਡ ਰਿਹਾ ਹੈ। ਅਸੀ ਉਸ ਪਰਮਾਤਮਾ ਦੇ ਚਰਨਾਂ ਵਿੱਚ ਇਹੀ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਉਹਨਾਂ ਨੂੰ ਸਮੱਤ ਬਖਸ਼ਣ ਤੇ ਸਹੀ ਦਿਸ਼ਾ ਵਿੱਚ ਚੱਲ ਸਕਣ। 2 ਦਿਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਹੁਕਮਨਾਮੇ ਦੀ ਕਾਪੀ ਸਾਂਝੀ ਕਰ ਰਿਹਾ ਹਾਂ ਜਿਸ ਵਿੱਚ ਸਾਫ਼ ਸਾਫ ਭਰਤੀ ਸ਼ੁਰੂ ਕਰਨ ਦੇ ਹੁਕਮ ਕੀਤੇ ਗਏ ਹਨ ਇਸ ਹੁਕਮਾਨੇ ਵਿੱਚ ਲਿਖਿਆ ਗਿਆ ਹੈ ਕਿ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋਈ। ਜਿਸ ਵਿਚ ਪੰਜ ਸਿੰਘ ਸਾਹਿਬਾਨ ਵੱਲੋਂ ਹੇਠ ਲਿਖੇ ਅਨੁਸਾਰ ਆਦੇਸ਼ ਕੀਤੇ ਗਏ ਹਨ:- ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਆਪਣੇ ਇਨ੍ਹਾਂ ਗੁਨਾਹਾਂ ਕਾਰਨ ਸਿੱਖ ਪੰਥ ਦੀ ਰਾਜਸੀ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗਵਾ ਚੁੱਕੀ ਹੈ। ਇਸ ਲਈ ਪੰਜ ਸਿੰਘ ਸਾਹਿਬਾਨ ਵੱਲੋਂ ਹੇਠ ਲਿਖੇ ਅਨੁਸਾਰ ਆਗੂਆਂ ਦੀ ਡਿਊਟੀ ਲਗਾਈ ਜਾਂਦੀ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਆਰੰਭ ਕਰਨ। ਭਰਤੀ ਬੋਗਸ ਨਾ ਹੋਵੇ, ਅਧਾਰ ਕਾਰਡ ਦੀ ਕਾਪੀ ਸਹਿਤ ਮੈਂਬਰ ਬਣਾਇਆ ਜਾਵੇ। ਪੁਰਾਣੇ ਡੈਲੀਗੇਟ ਦੇ ਨਾਲ-ਨਾਲ ਨਵੇਂ ਡੈਲੀਗੇਟ ਬਣਾ ਕੇ ਛੇ ਮਹੀਨੇ ਦੇ ਅੰਦਰ-ਅੰਦਰ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਵਿਧਾਨ ਮੁਤਾਬਿਕ ਕਰਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।**



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
**info@sgpc.net** ਅਤੇ
ਵੱਟਸਐਪ ਨੰਬਰ **77101-36200**
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ ਗੁਰਬਖਸ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਕਮੇਟੀ ਸ ਪਰਮ ਸਿੰਘ ਖ਼ਾਲਸਾ ਕੌਂਸਲਰ ਸ ਜਸਵਿੰਦਰ ਸਿੰਘ ਕੈਨੇਡਾ ਵੱਲੋ

ਆਵਾਜ਼ਿ ਕੌਮ AWAZE QAUM
International Newspaper & WEB TV



## ਮਾਤਾ ਜਿੰਦਰਜੀਤ ਕੌਰ ਨੂੰ ਨਗਰ ਕੌਂਸਲਰ ਨਵਾਂ ਸ਼ਹਿਰ ਦੇ ਸੀਨੀਅਰ ਮੀਤ ਪ੍ਰਧਾਨ ਬਣਨ ਤੇ ਮੁਬਾਰਕਾਂ

## ਸਮੂਹ ਸੰਗਤ ਨੂੰ ਵਿਸਾਖੀ ਦੇ ਸ਼ੁਭ ਦਿਹਾੜੇ ਦੀ ਲੱਖ ਲੱਖ ਵਧਾਈ



ਜਾਰੀ ਕਰਤਾ: ਜਸਵਿੰਦਰ ਸਿੰਘ ਕੈਨੇਡਾ

ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਕ੍ਰਿਸ਼ਨਾ ਨਗਰ ਵਿਖੇ

# ਸਿੱਖ ਇਤਿਹਾਸ ਨਾਲ ਜੁੜਨ ਲਈ 'ਗੁਰੂ ਕੇ ਮੀਤ' ਹਾਲ ਦਾ ਹੋਇਆ ਉਦਘਾਟਨ







**ਨਵੀਂ ਦਿੱਲੀ 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਖਾਲਸਾ ਸਿਰਜਣਾ ਦਿਵਸ ਅਤੇ ਵਿਸਾਖੀ ਮੌਕੇ ਜਿੱਥੇ ਦੇਸ਼ਾਂ ਵਿਦੇਸ਼ਾਂ ਵਿੱਚ ਕੀਰਤਨ ਦਰਬਾਰ ਅਤੇ ਲੰਗਰ ਲਗਾਏ ਜਾ ਰਹੇ ਹਨ। ਉਥੇ ਹੀ ਦਿੱਲੀ ਦੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ, ਗੁਰੂ ਨਾਨਕ ਦੇਵ ਮਾਰਗ, ਕ੍ਰਿਸ਼ਨਾ ਨਗਰ ਦਿੱਲੀ-51 ਵਿਖੇ ਵਿਸਾਖੀ ਮੌਕੇ ਕੀਰਤਨ ਦਰਬਾਰ ਅਤੇ ਅਰਦਾਸ ਉਪਰੰਤ ਸਿੱਖ ਇਤਿਹਾਸ ਨਾਲ ਜੁੜਨ ਲਈ ਗੁਰੂ ਕੇ ਮੀਤ ਬਜ਼ੁਰਗਾਂ ਲਈ ਹਾਲ ਦਾ ਉਦਘਾਟਨ ਕੀਤਾ ਗਿਆ। ਇਸ ਆਧੁਨਿਕ ਹਾਲ ਦੇ ਉਦਘਾਟਨ ਮੌਕੇ ਪੰਥ ਪ੍ਰਸਿੱਧ ਰਾਗੀ ਸਾਹਿਬਾਨ ਭਾਈ ਅਮਰਜੀਤ ਸਿੰਘ ਜੀ ਪਟਿਆਲੇ ਵਾਲਿਆਂ ਨੇ ਅਰਦਾਸ ਕੀਤੀ ਅਤੇ ਗੁਰੂਦੁਆਰਾ ਗੁਰੂ ਸਿੰਘ ਸਭਾ ਕ੍ਰਿਸ਼ਨਾ ਨਗਰ ਦਿੱਲੀ - 51 ਪ੍ਰਬੰਧਕ ਕਮੇਟੀ ਨਾਲ ਮਿਲ ਕੇ ਰਸਮੀ ਤੌਰ ਤੇ ਉਦਘਾਟਨ ਕੀਤਾ। ਇਹ ਹਾਲ ਇੱਕ ਵਿਲੱਖਣ ਸੋਚ ਦਾ ਪ੍ਰਤੀਕ ਬਣਨ ਕਰਕੇ ਗੁਰੂਦੁਆਰਾ ਸਾਹਿਬ ਕ੍ਰਿਸ਼ਨਾ ਨਗਰ ਦੀ ਸੰਗਤ, ਬੱਚੇ ਅਤੇ ਬਜ਼ੁਰਗ ਇਸ ਉਪਰਾਲੇ ਨਾਲ ਬੇਹੱਦ ਖੁਸ਼ ਦਿਖਾਈ ਦਿੱਤੇ। ਇਹ ਹਾਲ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਹੋਣ ਨਾਲ ਬਜੁਰਗਾਂ ਅਤੇ ਬੱਚਿਆਂ ਨੂੰ ਸਿੱਖ ਇਤਿਹਾਸ ਨਾਲ ਸੰਬੰਧਿਤ ਲਿਟਰੇਚਰ, ਇਤਿਹਾਸਿਕ ਕਿਤਾਬਾਂ, ਸਿੱਖ ਵਿਦਵਾਨਾਂ ਅਤੇ ਜਰਨੈਲਾਂ ਦੀਆਂ ਪੁਸਤਕਾਂ ਰੋਜ਼ਾਨਾ ਪੜਨ ਲਈ ਮੁਹਈਆ ਕਰਵਾਈ ਜਾਣਗੀਆਂ। ਇਸ ਹਾਲ ਵਿੱਚ ਵਿਸ਼ੇਸ਼ ਤੌਰ ਤੇ ਵੱਡਾ ਸਮਾਰਟ ਟੀਵੀ ਪ੍ਰੋਜੈਕਟਰ ਵੀ ਲਗਾਇਆ ਗਿਆ ਹੈ, ਜਿਸ ਦੁਆਰਾ ਬੱਚਿਆਂ ਅਤੇ ਬਜ਼ੁਰਗਾਂ ਨੂੰ ਸਮੇਂ ਸਮੇਂ ਤੇ ਸਿੱਖ ਇਤਿਹਾਸ ਸਬੰਧਿਤ ਐਨੀਮੇਟਡ ਫਿਲਮ ਅਤੇ ਸ਼ੋਰਟ ਵੀਡਿਓ ਦਿਖਾਈਆਂ ਜਾਣਗੀਆਂ। ਇਸ ਮੌਕੇ ਦਿੱਲੀ ਸਿੱਖ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਸੈਕਟਰੀ ਜਸਮੈਨ ਸਿੰਘ ਨੋਨੀ, ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਹਰਗੋਬਿੰਦ ਇਨਕਲੇਵ ਦੇ ਸੀਨੀਅਰ ਵਾਈਸ ਚੇਅਰਮੈਨ ਸਰਦਾਰ ਹਰਪ੍ਰੀਤ ਸਿੰਘ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਕ੍ਰਿਸ਼ਨਾ ਨਗਰ ਦੇ ਕਨਵੀਨਰ ਬੀ ਐੱਸ ਵੋਹਰਾ, ਚੇਅਰਮੈਨ ਕੁਲਬੀਰ ਸਿੰਘ, ਪ੍ਰਧਾਨ ਹਰਭਜਨ ਸਿੰਘ ਮਥਾਰੂ, ਜਨਰਲ ਸਕੱਤਰ ਚਰਨਜੀਤ ਸਿੰਘ, ਗੁਰਦੁਆਰਾ ਸਾਹਿਬ ਦੇ ਖਜਾਨਚੀ ਗੁਰਦੀਪ ਸਿੰਘ ਅਤੇ ਹੋਰ ਪਤਵੰਤੇ ਸੱਜਣਾ ਦੇ ਨਾਲ ਵਡੀ ਗਿਣਤੀ ਅੰਦਰ ਇਲਾਕੇ ਦੀ ਸੰਗਤ ਮੌਜੂਦ ਸਨ।

ਸਿੱਖ ਇਤਿਹਾਸ ਵਿੱਚ

# ਵੈਸਾਖੀ ਦੀ ਬਹੁਤ ਵੱਡੀ ਮਹੱਤਤਾ ਹੈ : ਭਾਈ ਮਨਜੀਤ ਸਿੰਘ



**ਚੌਕ ਮਹਿਤਾ, 15 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖ ਇਤਿਹਾਸ ਵਿੱਚ ਵਿਸਾਖੀ ਦੀ ਬਹੁਤ ਵੱਡੀ ਮਹੱਤਤਾ ਹੈ,ਵਿਸਾਖੀ ਵਾਲੇ ਦਿਨ ਗੁਰੂ ਗੋਬਿੰਦ ਸਿੰਘ ਜੀ ਨੇ 13 ਅਪ੍ਰੈਲ ਸੰਨ 1699 ਇਸਵੀ ਨੂੰ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ ।ਇਸ ਲਈ ਵਿਸਾਖੀ ਸਾਡੇ ਸਿਖਾਂ ਲਈ ਬਹੁਤ ਮਹੱਤਵਪੂਰਨ ਦਿਨ ਹੈ ।ਪਿੰਡ ਤਲਵੰਡੀ ਡੋਗਰਾਂ ਦੀ ਸੰਗਤ ਵਲੋ ਵਿਸਾਖੀ ਮੌਕੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ।ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ (ਪੰਜਾਬ) ਦੀ ਟੀਮ ਨੇ ਗੁਰਦੁਆਰਾ ਬਾਬਾ ਜੀਵਨ ਸਿੰਘ ਪਿੰਡ ਤਲਵੰਡੀ ਡੋਗਰਾਂ ਵਿਖੇ ਹਾਜ਼ਰੀ ਭਰੀ ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦੀ ਟੀਮ -ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ,ਪ੍ਰਧਾਨ ਹਰਵਿੰਦਰ ਸਿੰਘ ਫੌਜੀ,ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ,ਜਥੇਦਾਰ ਕਰਤਾਰ ਸਿੰਘ,ਸਤਨਾਮ ਸਿੰਘ ਆਦਿ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਹਾਜ਼ਰੀ ਭਰੀ ।ਪਿੰਡ ਤਲਵੰਡੀ ਤੋ ਜਥੇਦਾਰ ਮੰਗਲ ਸਿੰਘ ਕਮੇਟੀ ਮੈਂਬਰ ਲਖਵਿੰਦਰ ਸਿੰਘ ਸੁਬੇਗ ਸਿੰਘ ਕਸ਼ਮੀਰ ਸਿੰਘ ਦਸ਼ਮੇਸ਼ ਗਤਕਾ ਅਖਾੜਾ ਕਵਲਜੀਤ ਸਿੰਘ ,ਗੁਰਜੀਤ ਸਿੰਘ ,ਕਮਲਦੀਪ ਸਿੰਘ ,ਕਰਮਦੀਪ ਸਿੰਘ ਅਰਬਦੀਪ ਸਿੰਘ ,ਸਨਮਦੀਪ ਸਿੰਘ, ਗੁਰਸੇਵਕ ਸਿੰਘ ,ਸ਼ਰਨਜੀਤ ਸਿੰਘ,ਕਰਨਦੀਪ ਸਿੰਘ,ਬਾਬਾ ਪਾਲ ਸਿੰਘ,ਜਥੇਦਾਰ ਗਰੀਬ ਸਿੰਘ ਆਦਿ ਸੰਗਤ ਵਲੋ ਸੁਸਾਇਟੀ ਟੀਮ ਦਾ ਬਹੁਤ ਮਾਣ ਸਤਿਕਾਰ ਕੀਤਾ ਗਿਆ।

# ਦਸ਼ਮੇਸ਼ ਪਬਲਿਕ ਸਕੂਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ



**ਚੌਕ ਮਹਿਤਾ, 15 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੇ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਖਾਲਸੇ ਦੇ ਜਨਮ ਦਿਹਾੜੇ ਅਤੇ ਵਿਸਾਖੀ ਨੂੰ ਸਮਰਪਿਤ ਤਿਉਹਾਰ ਮਨਾਇਆ ਗਿਆ ।ਇਸ ਮੌਕੇ ਵਿਦਿਆਰਥੀਆਂ ਨੇ ਇਸ ਪਾਵਨ ਤਿਉਹਾਰ ਮਨਾਉਂਦਿਆਂ ਇਤਿਹਾਸਿਕ ਪਿਛੋਕੜ ਤੇ ਪਵਿੱਤਰ ਅਸਥਾਨ ਆਨੰਦਪੁਰ ਸਾਹਿਬ ਦੇ ਨਾਲ ਨਾਲ ਕਲਗੀਧਰ ਪਾਤਸ਼ਾਹ ਦੇ ਜੀਵਨ ਨੂੰ ਸਬੰਧਤ ਕਵਿਤਾਵਾਂ , ਸ਼ਬਦ ,ਭਾਸ਼ਣ ਅਤੇ ਕਵੀਸ਼ਰੀ ਆਦਿ ਦੁਆਰਾ ਪੇਸ਼ਕਾਰੀ ਕੀਤੀ ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਨੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਦੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅਨੰਦਪੁਰ ਸਾਹਿਬ ਦੀ ਧਰਤੀ ਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਕੀਤੀ ਗਈ ਅਤੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ ਗਿਆ ਉਹਨਾ ਵਿਦਿਆਰਥੀਆਂ ਨੂੰ ਸੰਬੋਧਿਤ ਕੀਤਾ ਕਿ ਗੁਰੂ ਸਾਹਿਬ ਦੁਆਰਾ ਇੱਕ ਨਵਾਂ ਪੰਥ ਸਿਰਜਿਆ ਅਤੇ ਜਾਤ ਪਾਤ,ਰੰਗ ਭੇਦ ਆਦਿ ਦੇ ਵਿਤਕਰੇ ਨੂੰ ਖਤਮ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖਾਲਸਾ ਪੰਥ ਦੀ ਸਾਜਨਾ ਦੀ ਵਧਾਈ ਦਿੱਤੀ ਅਤੇ ਸਿੱਖੀ ਸਰੂਪ ਵਿੱਚ ਸਜੇ ਰਹਿਣ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਮੈਡਮ ਰਵਿੰਦਰ ਕੌਰ,ਮੈਡਮ ਸੁਧਾ ਸ਼ਰਮਾ, ਸਰ ਅੰਮ੍ਰਿਤ ਪਾਲ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੂਵਿੰਡ ਸਾਹਿਬ ਵਿੱਖੇ ਰੈਣ ਸਬਾਈ ਕੀਰਤਵ ਦਰਬਾਰ 19 ਅਪਰੈਲ ਨੂੰ-ਭਾਈ ਅਮਨਦੀਪ ਸਿੰਘ ਜੀ

**ਚੌਕ ਮਹਿਤਾ, 15 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੁਵਿੰਡ ਸਾਹਿਬ ਵਿਖੇ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਪਹੁਵਿੰਡ ਸਾਹਿਬ ਵਿਖੇ 19 ਅਪ੍ਰੈਲ 2025 ਦਿਨ ਸ਼ਨੀਵਾਰ ਰਾਤ 9 ਵਜੇ ਤੋਂ ਅੰਮ੍ਰਿਤ ਵੇਲੇ 3 ਵਜੇ ਤੱਕ ਹੋਵੇਗਾ। ਸਮਾਗਮ ਵਿਚ ਸਿੱਖ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਵਾਲੇ ,ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਵਾਲੇ, ਭਾਈ ਜਸਵਿੰਦਰ ਸਿੰਘ,ਭਾਈ ਗੁਰਚਰਨ ਸਿੰਘ ਕਥਾ ਵਾਚਕ ,ਭਾਈ ਦਵਿੰਦਰ ਸਿੰਘ ਨਿਰਮਾਣ,ਸਟੇਜ ਸੈਕਟਰੀ ਭਾਈ ਵਰਿਆਮ ਸਿੰਘ, ਭਾਈ ਵਰਿੰਦਰ ਸਿੰਘ ਕੰਗ ਲੁਧਿਆਣੇ ਵਾਲੇ,ਮਾਤਾ ਵਿਪਨਪ੍ਰੀਤ ਕੌਰ ਜੀ ਲੁਧਿਆਣੇ ਵਾਲੇ,ਬਾਬਾ ਦੀਪ ਸਿੰਘ ਗੁਰਮਤਿ ਗਿਆਨ ਸੰਗੀਤ ਅਕੈਡਮੀ ਦੇ ਵਿਦਿਆਰਥੀ, ਅਤੇ ਸੰਤ ਮਹਾਪੁਰਸ਼ ਪਹੁੰਚ ਕੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਨਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਭਾਈ ਅਮਨਦੀਪ ਸਿੰਘ ਜੀ ਨੇ ਦੱਸਿਆ ਸਮਾਗਮ ਦੀ ਅਰੰਭਤਾ ਰਾਤ 8 ਵਜੇ ਤੋਂ ਹੋਵੇਗੀ। ਭਾਈ ਸਾਹਿਬ ਨੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਸਮਾਗਮ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ।ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਇਸ ਮੌਕੇ ਭਾਈ ਅਮਤੇਸ਼ਵਰ ਸਿੰਘ, ਭਾਈ ਰੋਬਿਨ ਸਿੰਘ ,ਭਾਈ ਅਵਤਾਰ ਸਿੰਘ ,ਭਾਈ ਸਿਮਰਨਜੀਤ ਸਿੰਘ, ਭਾਈ ਜਸਬੀਰ ਸਿੰਘ, ਭਾਈ ਅਵਤਾਰ ਸਿੰਘ ਹਾਜ਼ਰ ਸਨ।



# ਸਿੱਖ ਕੰਨਿਆ ਮਹਾਂ ਵਿਦਿਆਲਿਆ ਸੀ.ਸੈ. ਸਕੂਲ ਵਿਚ ਕਰਵਾਇਆ ਵਿਸ਼ਵ ਸਿਹਤ ਦਿਵਸ



ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਸਕੂਲ ਵਿਚ ਵਿਸ਼ਵ ਸਹਿਤ ਦਿਵਸ ਤੇ ਵਿਸਾਖੀ ਦਾ ਤਿਉਹਾਰ ਬੜੀ ਧੂਮ—ਧਾਮ ਨਾਲ ਮਨਾਇਆ ਗਿਆ। ਪਹਿਲਾਂ ਦੀ ਤਰ੍ਹਾਂ ਅੱਜ ਸਕੂਲ ਵਿਚ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਸਜਾਵਰ ਪੰਚਾਇਤੀ ਕਰਤਾ ਦੇ ਸੇਵਾ ਮੁਕਤ ਮਾਸ ਮੀਡੀਆ, ਸਮਾਜ, ਸੁਧਾਰਕ, ਸੀਨੀਅਰ ਸਿਟੀਜਨ ਵੱਲੋਂ ਬੱਚਿਆਂ ਨੇ ਜਿਥੇ ਪੇਪਰਾਂ ਵਿਚ ਮਿਹਨਤ ਕਰਕੇ ਬੱਚੇ, ਅਧਿਆਪਕਾਂ ਅਤੇ ਮਾਤਾ—ਪਿਤਾ ਨੂੰ ਅਪਨਾਉਂਦੇ ਹੋਏ ਅਤੇ ਇਨ੍ਹਾਂ ਵੱਲੋਂ ਚੰਗੇ ਗੁਣਾਂ ਦੇ ਧਾਰਨੀ ਬਣ ਦਾ ਉਪਦੇਸ਼ ਦਿੱਤਾ। ਉਸ ਨੂੰ ਅਪਨਾਉਂਦੇ ਹੋਏ ਅਸੂਲਾਂ ਤੇ ਚੱਲਦੇ ਹੋਏ ਚੰਗੇ ਨੰਬਰ ਨਾਲ ਪਾਸ ਹੋ ਕੇ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਖੁਸ਼ੀ ਮਿਲੀ। ਇਥੇ ਮਹਾਤਮਾ ਗਾਂਧੀ ਦੇ ਅਸੂਲਾਂ ਤੇ ਚੱਲ ਇਥੇ ਨਕਲ ਮਾਰਕੇ ਪਾਸ ਹੋਣਾ ਨਹੀਂ ਚਾਹੀਦਾ। ਇਥੇ ਖੁਦ ਸੁਧਰੋ ਇਸ ਨਾਲ ਪਰਿਵਾਰ, ਸਮਾਜ ਆਪੇ ਸੁਧਰ ਜਾਵੇਗਾ। ਅਮਲ ਕਰ ਚੰਗੇ ਬੱਚੇ, ਵਿਦਿਆਰਥੀ, ਸ਼ਹਿਰੀ ਬਨਣ ਦਾ ਪ੍ਰਣ ਲਿਆ। ਹਰ ਪੱਖੋਂ ਭਾਵ ਸਰਵਪੱਖੀ ਵਿਕਾਸ ਬੱਚਿਆਂ ਨੂੰ ਸਟੇਸ਼ਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿਚ ਸ੍ਰੀ ਪੀ.ਸੀ ਕੁਮਾਰ ਦੀ ਧਰਮਪਤਨੀ ਲੇਟ ਸ੍ਰੀਮਤੀ ਦਰਸ਼ਨਾ ਦੇਵੀ ਹੈਡ ਟੀਚਰ ਦਾ ਜਨਮ ਦਿਨ ਬਤੌਰ ਚੰਗੇ ਅਧਿਆਪਕ, ਮਾਤਾ, ਪਤਨੀ ਤੇ ਚੰਗੇ ਗੁਣਾਂ ਦੇ ਧਾਰਨੀ ਉਨ੍ਹਾਂ ਦੇ ਜੀਵਨ ਤੇ ਲੈ ਕੇ ਲਕਸ਼ ਬੱਚਿਆਂ ਨੂੰ ਮਨ ਦੇਣਾ। ਅੰਤ ਵਿਚ ਹੈਡ ਟੀਚਰ ਵੱਲੋਂ ਧੰਨਵਾਦ ਕੀਤਾ ਗਿਆ।

ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ ਵਿਖੇ

# ਮਨਾਇਆ ਵਿਸਾਖੀ ਦਾ ਤਿਉਹਾਰ




**ਚੌਕ ਮਹਿਤਾ, 15 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਿਸਾਖੀ ਦਾ ਪਾਵਨ ਤਿਉਹਾਰ ਬੱਚਿਆਂ ਅਤੇ ਸਮੂਹ ਸਟਾਫ ਵੱਲੋਂ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਕ ਵਿਖੇ ਬਹੁਤ ਧੂਮ ਧਾਮ ਨਾਲ ਮਨਾਇਆ ਗਿਆ।ਇਸ ਦਿਹਾੜੇ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਕਰਨ ਉਪਰੰਤ ਖਾਲਸਾ ਪੰਥ ਦੀ ਸਾਜਨਾ ਉੱਪਰ ਭਾਸ਼ਨ ਦਿੱਤੇ ਗਏ।ਵਿਦਿਆਰਥੀਆਂ ਵੱਲੋਂ ਜਲ੍ਹਿਆਵਾਲੇ ਬਾਗ ਦੇ ਖੂਨੀ ਸਾਕੇ ਸਬੰਧੀ ਸ਼ਹੀਦਾਂ ਨੂੰ ਯਾਦ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ।ਫਸਲਾਂ ਦੀ ਵਾਢੀ ਕਰਕੇ ਘਰ ਵਿੱਚ ਆਈ ਖੁਸ਼ੀ ਸਬੰਧਿਤ ਕਵਿਤਾਵਾਂ ਵੱਖ-ਵੱਖ ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ।ਪੰਜਾਬ ਦੀ ਸੱਭਿਅਤਾ ਨੂੰ ਦਰਸਾਉਂਦਾ ਲੋਕ ਨਾਚ ਭੰਗੜਾ ਅਤੇ ਗਿੱਧਾ ਵਿਦਿਆਰਥੀਆਂ ਵੱਲੋਂ ਪੇਸ਼ ਕਰਕੇ ਵਿਸਾਖੀ ਦੇ ਤਿਉਹਾਰ ਤੇ ਰੌਣਕਾਂ ਲਗਾਈਆਂ ਗਈਆਂ।ਦਸ਼ਮੇਸ਼ ਹੈਰੀਟੇਜ ਸਕੂਲ ਦੇ ਡਾਇਰੈਕਟਰ ਮੈਡਮ ਮੈਡਮ ਹਰਪ੍ਰੀਤ ਕੌਰ ਨੇ ਦੱਸਿਆ ਕਿ ਪੜ੍ਹਾਈ ਦੇ ਨਾਲ ਨਾਲ ਬਾਕੀ ਗਤੀਵਿਧੀਆਂ ਵਿੱਚ ਵੀ ਜਰੂਰ ਭਾਗ ਲੈਣਾ ਚਾਹੀਦਾ ਹੈ। ਇਹਨਾਂ ਦੇ ਨਾਲ ਬੱਚਿਆਂ ਦਾ ਆਤਮ ਵਿਸ਼ਵਾਸ ਵੱਧਦਾ ਹੈ ਅਤੇ ਉਹ ਪੜ੍ਹਾਈ ਦੇ ਨਾਲ ਨਾਲ ਹਰ ਖੇਤਰ ਵਿੱਚ ਅੱਗੇ ਵੱਧਦੇ ਹੋਏ ਸਫਲਤਾ ਪ੍ਰਾਪਤ ਕਰਦੇ ਹਨ। ਮਨੋਰੰਜਨ ਦੇ ਨਾਲ ਨਾਲ ਵਿਸਾਖੀ ਦਾ ਤਿਉਹਾਰ ਸਕੂਲ ਵਿੱਚ ਮਨਾਉਣ ਦਾ ਮਕਸਦ ਬੱਚਿਆਂ ਨੂੰ ਇਸ ਤਿਉਹਾਰ ਤੇ ਦੇ ਧਾਰਮਿਕ ਤੇ ਇਤਿਹਾਸਿਕ ਮਹੱਤਵ ਤੋਂ ਜਾਣੂ ਕਰਾਉਣਾ ਹੈ।ਸਕੂਲ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਦਸਮ ਪਿਤਾ ਦੁਆਰਾ ਖਾਲਸਾ ਪੰਥ ਦੀ ਸਾਜਨਾ ਜਲਿਆਂਵਾਲਾ ਬਾਗ ਦਾ ਖੂਨੀ ਸਾਕਾ,ਕਿਸਾਨਾਂ ਦੁਆਰਾ ਫਸਲਾਂ ਦੀ ਵਾਢੀ ਕਰਕੇ ਘਰ ਚ ਆਏ ਖੁਸ਼ੀ ਸਬੰਧੀ ਵਿਚਾਰ ਸਾਂਝੇ ਕੀਤੇ ਤੇ ਬੱਚਿਆਂ ਨੂੰ ਵੀ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ।ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸੱਚਖੰਡ ਸਿਰੀ ਦਰਬਾਰ ਸਾਹਿਬ ਜੀ ਦੇ

# ਹੈਡ ਗਰੰਥੀ ਸਾਹਿਬਾਨ ਨੂੰ ਸਰਕਾਰੀ ਏਜੰਟ ਦਸਣਾ ਪਾਪ—ਬੰਡਾਲਾ



**ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :—** ਦਮਦਮੀ ਟਕਸਾਲ ਦੇ ਪੁਰਾਣੇ ਬਜੁਰਗ ਬਲਾਰੇ ਗੁਰਨਾਮ ਸਿੰਘ ਬੰਡਾਲਾ ਨੇ ਸਿਆਸੀ ਲੀਡਰਾ ਨੂੰ ਤਾੜਨਾ ਕੀਤੀ ਕਿ ਕੁਰਸੀ ਦੇ ਲਾਲਚ ਵਿੱਚ ਸਿੱਖ ਕੌਮ ਦੀਆਂ ਧਾਰਮਿਕ ਪਦਵੀਆਂ ਦਾ ਨਿਰਾਦਰ ਕਰਨਾ ਆਪਣੀ ਜੜ ਆਪ ਪੁਟਣ ਵਾਲੀ ਹਰਕਤ ਨਾ ਕਰੋ। ਉਨ੍ਹਾਂ ਕਿਹਾ ਕਿ ਵਿਸਾਖੀ ਦੇ ਧਾਰਮਿਕ ਦਿਵਸ ਸਿਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਸੁਖਬੀਰ ਬਾਦਲ ਨੇ ਸਟੇਜ ਤੇ ਬੋਲਦਿਆਂ ਕਿਹਾ ਸਿੰਘ ਸਾਹਿਬ ਹੈਡ ਗਰੰਥੀ ਰਘਬੀਰ ਸਿੰਘ ਜੀ ਸਾਬਕਾ ਜਥੇਦਾਰ ਗਰੰਥੀ ਸਾਹਿਬਾਨ ਗਿਆਨੀ ਸੂਲਤਾਨ ਸਿੰਘ ਜੀ ਸਿਰੀ ਦਮਦਮਾ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਹਰਪਰੀਤ ਸਿੰਘ ਜੀ ਤਿਨੇ ਜਥੇਦਾਰ ਦਿਲੀ ਸਰਕਾਰ ਦਾ ਸਾਡੇ ਤਖਤਾ ਤੇ ਕਬਜਾ ਕਰਾਉਣ ਲਈ ਯਤਨ ਕਰ ਰਹੇ ਸਨ, ਅਸੀਂ ਬੜੀ ਸਿਆਣਪ ਨਾਲ ਪਰਮਜੀਤ ਸਰਨਾ ਦੇ ਕਹਿਣ ਤੇ ਗਿਆਨੀ ਕੁਲਦੀਪ ਸਿੰਘ ਗੜਗਜ ਨੂੰ ਜਥੇਦਾਰ ਲਾ ਕੇ ਮੌਕਾ ਸੰਭਾਲਿਆ, ਵਿਰਕ ਸਾਹਿਬ ਨੇ ਐਗਜੈਕਟਿਵ ਵਿਚ ਮਤਾ ਪਾ ਕੇ ਤਿੰਨੇ ਜਥੇ ਮੁਅੱਤਲ ਕੀਤੇ ਸੰਗਤ ਜੀ ਇਹ ਲੀਡਰ ਕਿਨੇ ਹੰਕਾਰ ਨਾਲ ਸੰਗਤ ਨੂੰ ਗੁਮਰਾਹ ਕਰ ਰਿਹਾ ਹੈ, ਕਿਵੇ ਧਾਰਮਿਕ ਪਦਵੀਆਂ ਦਾ ਸ਼ਰੇਆਮ ਨਿਰਾਦਰ ਕਰ ਰਿਹਾ ਹੈ, ਸਿੱਖ ਕੌਮ ਦੀਆਂ ਮਹਾਨ ਹਸਤੀਆਂ ਸੰਤ ਗਿਆਨੀ ਜਰਨੈਲ ਸਿੰਘ ਜੀ ਸਤਿਕਾਰ ਯੋਗ ਬਾਬਾ ਠਾਕੁਰ ਸਿੰਘ ਜੀ ਸਿੰਘ ਸਾਹਿਬਾਨ ਜੀ ਨੂੰ ਵੇਖਦਿਆਂ ਸਾਰ ਆਪਣਾ ਆਸਣ ਛੱਡ ਕੇ ਸਤਿਕਾਰ ਕਰਨ ਲਈ ਪਾਸੇ ਹੋ ਜਾਂਦੇ ਸਨ, ਆਪਣੇ ਆਸਣ ਤੇ ਬਿਠਾਉਦੇ ਸਨ ਪਰ ਸੁਖਬੀਰ ਬਾਦਲ ਕਿਉਂ ਪੰਥ ਵਿਚ ਮਰਿਯਾਦਾ ਦੀਆਂ ਧਜੀਆਂ ਉਡਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਰਮਜੀਤ ਸਰਨਾ ਪਹਿਲਾ ਦਿਲੀ ਸਰਕਾਰ ਨਾਲ ਕਾਂਗਰਸ ਵਿਚ ਰਹਿ ਕੇ ਕੌਮ ਦਾ ਨੁਕਸਾਨ ਕਰ ਰਿਹਾ ਸੀ ਹੁਣ ਇਹ ਸੁਖਬੀਰ ਬਾਦਲ ਦਾ ਸਲਾਹਕਾਰ ਬਣ ਗਿਆ, ਬਾਦਲ ਸਰਕਾਰ ਨੇ ਪਚੀ ਸਾਲ ਭਾਜਪਾ ਨਾਲ ਸਾਂਝ ਰਖੀ ਉਨ੍ਹਾ ਦੇ ਕਹਿਣ ਤੇ ਸੁਖਬੀਰ ਬਾਦਲ ਨੇ ਕੌਮ ਲਈ ਘਾਤਕ ਫੈਸਲੇ ਲਏ, ਸੈਣੀ ਤੇ ਆਲਮ ਪੁਲਸ ਅਫਸਰ ਲਾ ਕੇ ਭਾਜਪਾ ਨੂੰ ਖੁਸ਼ ਕਰਨ ਲਈ ਬਰਗਾੜੀ ਕਾਂਡ ਨਾਮ ਜਪਣ ਵਾਲੀ ਸੰਗਤ ਤੇ ਗੰਦਾ ਪਾਣੀ ਪੁਲਸ ਰਾਹੀ ਪਾਇਆ ਗੋਲੀ ਚਲਾਈ ਦੋ ਸਿੰਘ ਸ਼ਹੀਦ ਕਰ ਦਿਤੇ ਗੰਦੀਆ ਨਾਲੀਆਂ ਵਿਚ ਪਾਵਨ ਸਰੂਪ ਦੇ ਅੰਗ ਸੁਟੇ ਆਪ ਨੇ ਦੋਸ਼ੀਆਂ ਨੂੰ ਜੋ ਸਰਸੇ ਵਾਲੇ ਦੇ ਚੇਲੇ ਸਨ ਉਨ੍ਹਾਂ ਨੂੰ ਤਨਦੇਹੀ ਨਾਲ ਬਚਾਇਆ ਸਰਸੇ ਵਾਲੇ ਦੇ ਸਾਰੇ ਕੇਸ ਵਾਪਿਸ ਲਏ ਤਖਤ ਸਾਹਿਬ ਨੂੰ ਬਖਸ਼ਿਆ ਨਹੀਂ ਜਬਰਦਸਤੀ ਮਾਫੀ ਦਾ ਐਲਾਨ ਕਰਾਇਆ, ਗੁਰੂ ਰਾਮਦਾਸ ਜੀ ਦੀ ਗੋਲਕ ਵਿਚੋ ਇਕ ਕਰੋੜ ਤੁਪੇ ਸਰਸੇ ਵਾਲੇ ਨੂੰ ਪੰਥ ਤੇ ਠੋਸਣ ਲਈ ਲਾਏ ਪੰਜ ਪਿਆਰੇ ਕੱਢ ਦਿਤੇ ਰਾਗੀ ਢਾਡੀ ਕੱਢ ਦਿੱਤੇ ਵਿਚਾਰ ਕਰੋ ਸੁਖਬੀਰ ਜੀ ਤਖਤ ਸਾਹਿਬ ਤੇ ਸਰਕਾਰ ਨੂੰ ਕਿਸ ਨੇ ਬਿਠਾਇਆ ਸੰਗਤ ਨੂੰ ਮੂਰਖ ਬਣਾਉਣਾ ਛਡ ਦਿਉ, ਜਦੋਂ ਆਦਮੀ ਹੰਕਾਰੀ ਹੋ ਜਾਂਦਾ ਉਸ ਤੋਂ ਸਤਿਗੁਰ ਸਾਹਿਬ ਜੀ ਆਪ ਮਤ ਮਾਰ ਕੇ ਗਲਤ ਪਾਪ ਕਰਨ ਵਾਲੇ ਕਰਮ ਕਰਾਉਦੇ ਹਨ, ਚੰਗਾ ਹੈ ਜੋ ਆਪ ਨੇ ਸਿੰਘ ਸਾਹਿਬਾਨ ਬਾਰੇ ਗਲਤ ਬੋਲਿਆ ਹੈ ਸੰਗਤ ਵਿਚ ਮਾਫੀ ਮੰਗੋ ਨਹੀਂ ਤਾਂ ਫਿਰ ਕੁਰਸੀ ਦੀ ਆਸ ਲਾਹ ਛਡੋ।

# ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤ੍ਰਵੈਨੀ ਚੌਕ ਫ਼ਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ—ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ



ਫ਼ਿਰੋਜ਼ਪੁਰ, 15 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਥ ਦੇ ਮਹਾਨ ਕੀਰਤਨੀਏ ਗੁਰਮਤਿ ਸੰਗੀਤ ਦੇ ਧਨੀ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜ਼ਾ ਰਿਹਾ ਹੈ। ਭਾਈ ਜ਼ੋਰਾ ਸਿੰਘ ਸੰਧੂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ 23 ਅਪ੍ਰੈਲ 2025 ਦਿਨ ਬੁੱਧਵਾਰ ਅਤੇ ਭੋਗ ਸ੍ਰੀ ਆਖੰਡ ਪਾਠ ਸਾਹਿਬ 25 ਅਪ੍ਰੈਲ 2025 ਦਿਨ ਸ਼ੁਕਰਵਾਰ ਸਮਾਂ 10 ਵਜੇ ਪਾਏ ਜਾਣਗੇ ਅਤੇ ਰਾਤ ਦੇ ਦੀਵਾਨ ਵੀ 25 ਅਪ੍ਰੈਲ ਨੂੰ ਕਰਵਾਏ ਜਾ ਰਹੇ ਹਨ, ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਸ਼ ਰਾਗੀ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸਚਖੰਡ ਸ੍ਰੀ ਦਰਬਾਰ ਸਾਹਿਬ, ਭਾਈ ਨਰਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਭਾਈ ਇੰਦਰਜੀਤ ਸਿੰਘ ਸਾਜਨ ਫ਼ਿਰੋਜ਼ਪੁਰ ਵਾਲੇ, ਭਾਈ ਸੁਖਵਿੰਦਰ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਤੋਂ ਇਲਾਵਾ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਖਾਈ ਵਾਲੇ, ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਸਟੇਜ਼ ਦੀ ਸੇਵਾ ਸ: ਸਵਰਨਜੀਤ ਸਿੰਘ ਸੋਹਾਣਾ ਨਿਭਾਉਣਗੇ। ਭਾਈ ਜ਼ੋਰਾ ਸਿੰਘ ਸੰਧੂ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਹਠੂਰ 'ਚ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਮਨਾਇਆ



**ਜਗਰਾਉਂ -(ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਵਿਖੇ ਬੀ.ਜੇ.ਪੀ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਦੀ ਅਗਵਾਈ ਹੇਠ ਇਕੱਤਰ ਨੌਜਵਾਨਾਂ ਨੇ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਮਨਾਇਆ ਤੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ, ਗੁਰਜੰਟ ਸਿੰਘ ਹਠੂਰ ਸਮੇਤ ਇਕੱਤਰ ਨੌਜਵਾਨਾਂ ਨੇ ਬਾਬਾ ਸਾਹਿਬ ਤੇਰੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ ਨਾਅਰੇ ਵੀ ਲਗਾਏ, ਗੱਲਬਾਤ ਕਰਦਿਆਂ ਬੀ ਜੇ ਪੀ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਜੋ ਸਮਾਜ ਨੂੰ ਸੇਧ ਦਿੱਤੀ ਹੈ। ਉਹ ਹਮੇਸ਼ਾ ਸਾਡੇ ਲਈ ਮਾਰਗ ਦਰਸ਼ਕ ਰਹੇਗੀ। ਸਾਨੂੰ ਸਾਨੂੰ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਪੂਰੀ ਧੂਮ ਧਾਮ ਨਾਲ ਮਨਾਉਣਾ ਚਾਹੀਦਾ ਹੈ। ਸਾਨੂੰ ਆਪਣੇ ਬੱਚਿਆਂ ਨੂੰ ਵੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬਾਰੇ ਚਾਨਣਾ ਪਾਉਣਾ ਚਾਹੀਦਾ ਹੈ। ਤੇ ਉਨ੍ਹਾਂ ਦੀ ਸੋਚ ਤੇ ਪਹਿਰਾ ਦੇਣਾ ਚਾਹੀਦਾ ਹੈ। ਇਸ ਮੌਕੇ ਬੀ ਜੇ ਪੀ ਮੰਡਲ ਹਠੂਰ ਦੇ ਸਾਬਕਾ ਪ੍ਰਧਾਨ ਰਣਜੋਧ ਸਿੰਘ ਹਠੂਰ, ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਹਰਜਿੰਦਰ ਸਿੰਘ, ਗੁਰਕਮਲ ਸਿੰਘ ਮਨਦੀਪ ਸਿੰਘ, ਹਰਬੰਸ ਸਿੰਘ, ਹਰਤੇਜ ਸਿੰਘ, ਸਮੇਤ ਹੋਰ ਨੌਜਵਾਨ ਹਾਜ਼ਰ ਸਨ।

# ਨਵਾਂਸ਼ਹਿਰ ਨਗਰ ਕੌਂਸਲ ਚੋਣ ਵਿੱਚ ਮਾਤਾ ਜਿੰਦਰਜੀਤ ਕੌਰ ਸਰਵਸੰਮਤੀ ਨਾਲ ਸੀਨੀਅਰ ਵਾਈਸ ਪ੍ਰਧਾਨ ਬਣੇ



ਨਵੀਂ ਦਿੱਲੀ 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਨਵਾਂਸ਼ਹਿਰ ਨਗਰ ਕੌਂਸਲ ਵਿੱਚ ਚੇਅਰਮੈਨ, ਸੀਨੀਅਰ ਵਾਈਸ ਪ੍ਰਧਾਨ ਅਤੇ ਵਾਈਸ ਪ੍ਰਧਾਨ ਦੀ ਚੋਣ ਲਈ ਚੋਣੀ ਪਰਕਿਰਿਆ ਸ਼ਾਂਤੀਪੂਰਨ ਸਮਾਪਤ ਹੋ ਗਏ ਸਨ ।ਚੋਣਾਂ ਦੀ ਸੁਰੱਖਿਅਤ ਅਤੇ ਨਿਰਪੱਖ ਤਰੀਕੇ ਨਾਲ ਹੋਣ ਨੂੰ ਯਕੀਨੀ ਬਣਾਉਣ ਲਈ ਐਸ.ਡੀ.ਐਮ ਰਵੀਂਦਰ ਬਾਂਸਲ ਨੂੰ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਗਿਆ ਸੀ। ਪੁਲਿਸ ਵਲੋਂ ਵੀ ਚੋਣ ਸਥਲ 'ਤੇ ਸਖਤ ਪ੍ਰਬੰਧ ਕੀਤੇ ਗਏ ਸਨ ।ਚੋਣਾਂ ਦੇ ਨਤੀਜੇ ਅਨੁਸਾਰ ਬਲਵਿੰਦਰ ਕੌਰ ਨੂੰ ਨਗਰ ਕੌਂਸਲ ਦਾ ਚੇਅਰਮੈਨ, ਮਾਤਾ ਜਿੰਦਰਜੀਤ ਕੌਰ ਨੂੰ ਸੀਨੀਅਰ ਵਾਈਸ ਪ੍ਰਧਾਨ ਅਤੇ ਗੁਰਮੁਖ ਨੌਰਥ ਨੂੰ ਵਾਈਸ ਪ੍ਰਧਾਨ ਚੁਣਿਆ ਗਿਆ। ਰਿਟਰਨਿੰਗ ਅਫ਼ਸਰ ਰਵੀਂਦਰ ਬਾਂਸਲ ਨੇ ਦਸਿਆ ਕਿ ਇਸ ਚੋਣ ਅੰਦਰ ਨਿਰਪੱਖ ਢੰਗ ਨਾਲ ਕਰਵਾਈ ਗਈ ਹੈ ਅਤੇ ਸਾਰੀ ਕਾਰਵਾਈ ਨਿਯਮਾਂ ਅਨੁਸਾਰ ਕਰਵਾਈ ਗਈ ਸੀ । ਉਨ੍ਹਾਂ ਕਿਹਾ ਕਿ ਚੋਣ ਸਥਲ 'ਤੇ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਗਈ ਅਤੇ ਕਾਰਵਾਈ ਸ਼ਾਂਤੀਪੂਰਕ ਤਰੀਕੇ ਨਾਲ ਪੂਰੀ ਕੀਤੀ ਗਈ। ਮਾਤਾ ਜਿੰਦਰਜੀਤ ਕੌਰ ਜੀ ਖਾਲਸਾ ਜਿਨਾਂ ਨੂੰ ਸਰਬ ਸੰਮਤੀ ਨਾਲ ਨਗਰ ਕੌਂਸਲ ਨਵਾਂ ਸ਼ਹਿਰ ਦੇ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਉਹਨਾਂ ਦੇ ਘਰ ਜਾ ਕੇ ਉਹਨਾਂ ਨੂੰ ਵੱਖ ਵੱਖ ਮੋਹੱਤਵਰ ਸੱਜਣਾ ਅਤੇ ਐਮ ਐਲ ਏ ਸਮੇਤ ਬਹੁਤ ਸਾਰੀ ਸੰਸਥਾਵਾਂ ਦੇ ਆਗੂਆਂ ਨੇ ਮੁਬਾਰਕਬਾਦ ਦਿੱਤੀ ਅਤੇ ਆਸ਼ੀਰਵਾਦ ਲਿਆ । ਜਿਕਰਯੋਗ ਹੈ ਕਿ ਮਾਤਾ ਜਿੰਦਰਜੀਤ ਕੌਰ ਜੀ ਪੰਜਵੀਂ ਵਾਰ ਦੇ ਕੌਂਸਲਰਾਂ ਹਨ ਅਤੇ ਉਹਨਾਂ ਦੇ ਸਪੁੱਤਰ ਪਰਮ ਸਿੰਘ ਜੀ ਖਾਲਸਾ ਤਿੰਨ ਵਾਰ ਦੇ ਕੌਂਸਲਰ ਹਨ। ਸਰਦਾਰ ਗੁਰਬਖਸ਼ ਸਿੰਘ ਖਾਲਸਾ ਮੈਂਬਰ ਐਸਜੀਪੀਸੀ, ਜਸਵਿੰਦਰ ਸਿੰਘ ਜੀ ਕੈਨੇਡਾ ਅਤੇ ਸਮੁੱਚਾ ਪਰਿਵਾਰ ਹਮੇਸ਼ਾ ਲੋਕ ਸੇਵਾ ਵਿੱਚ ਲੱਗਿਆ ਰਹਿੰਦਾ ਹੈ ਅਤੇ ਲੋਕਾਂ ਵੱਲੋਂ ਵੀ ਹਮੇਸ਼ਾ ਇਹਨਾਂ ਨੂੰ ਪਿਆਰ ਦਿੱਤਾ ਗਿਆ ਇਸ ਲਈ ਸਮੁੱਚਾ ਪਰਿਵਾਰ ਬਹੁਤ ਬਹੁਤ ਵਧਾਈ ਦੇ ਲਾਇਕ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ

# ‘ਖੁਆਰ ਹੋਏ ਸਭ ਮਿਲੈਂਗੇ’ ਧਰਮ ਪ੍ਰਚਾਰ ਲਹਿਰ ਦਾ ਹੋਇਆ ਆਗਾਜ਼



**ਨਵੀਂ ਦਿੱਲੀ, 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਅੱਜ ਨਗਾਰਾ ਵਜਾ ਕੇ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿੱਚ ਸਥਿਤ ਗੁਰਦੁਆਰਾ ਜਨਮ ਅਸਥਾਨ ਭਾਈ ਜੀਵਨ ਸਿੰਘ ਪਿੰਡ ਗੱਗੋ ਮਾਹਲ ਤੋਂ “ਖੁਆਰ ਹੋਏ ਸਭ ਮਿਲੈਂਗੇ” ਧਰਮ ਪ੍ਰਚਾਰ ਲਹਿਰ ਸ਼ੁਰੂ ਕਰ ਦਿੱਤੀ ਹੈ। ਇਹ ਲਹਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਤਰਫੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ ਸ਼ੁਰੂ ਕੀਤੀ ਗਈ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਵੱਡੀ ਗਿਣਤੀ ਵਿੱਚ ਨਗਰ ਅਤੇ ਇਲਾਕੇ ਦੀ ਸੰਗਤ ਨੇ ਸ਼ਮੂਲੀਅਤ ਕੀਤੀ। ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਨਾਲ ਜੋੜਿਆ। ਗੁਰਮਤਿ ਸਮਾਗਮ ਦੀ ਸਮਾਪਤੀ ਸਮੇਂ ਅਰਦਾਸ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਖੁਦ ਕੀਤੀ ਗਈ। ਆਪਣੇ ਸੰਬੋਧਨ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ‘ਖੁਆਰ ਹੋਏ ਸਭ ਮਿਲੈਂਗੇ’ ਧਰਮ ਪ੍ਰਚਾਰ ਲਹਿਰ ਤਹਿਤ ਪੰਜਾਬ ਤੇ ਹੋਰ ਸੂਬਿਆਂ ਦੇ ਪਿੰਡ-ਪਿੰਡ ਸ਼ਹਿਰ-ਸ਼ਹਿਰ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਪ੍ਰਸਾਰ ਕਰਦਿਆਂ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਤੇ ਸੰਦੇਸ਼ ਨੂੰ ਪਹੁੰਚਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਸੰਗਤ ਨੂੰ ਅੰਮ੍ਰਿਤਪਾਨ ਕਰਨ ਲਈ ਪ੍ਰੇਰਿਆ ਜਾਵੇਗਾ। ਉਨ੍ਹਾਂ ਕਿਹਾ ਸਿੱਖ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਅਤੇ ਸਿੱਖੀ ਬਾਣੇ ਨਾਲ ਜੁੜਨ ਲਈ ਪ੍ਰੇਰਨਾ ਕੀਤੀ ਜਾਵੇਗੀ। ਇਸ ਲਹਿਰ ਤਹਿਤ ਪੰਜਾਬ ਅੰਦਰ ਪਿਛਲੇ ਸਮੇਂ ਤੋਂ ਹੋ ਰਹੇ ਧਰਮ ਪਰਿਵਰਤਨ ਨੂੰ ਠੱਲ੍ਹਣ ਦੇ ਨਾਲ-ਨਾਲ ਸਿੱਖ ਜਥੇਬੰਦੀਆਂ ਵਿਚਕਾਰ ਇਕਜੁੱਟਤਾ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਲਹਿਰ ਤਹਿਤ ਲਗਾਤਾਰ ਇੱਕ ਸਾਲ ਪਿੰਡਾਂ ਤੇ ਸ਼ਹਿਰਾਂ ਦੇ ਗੁਰਦੁਆਰਾ ਸਾਹਿਬਾਨ ਵਿਖੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਪੜਾਅ ਦਰ ਪੜਾਅ ਸਮਾਗਮ ਕੀਤੇ ਜਾਣਗੇ ਅਤੇ ਸੰਗਤ ਕਰਕੇ ਪਰਿਵਾਰਾਂ ਨੂੰ ਗੁਰਬਾਣੀ ਤੇ ਗੁਰਮਤਿ ਨਾਲ ਜੋੜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਖੁਦ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਜਾਣਗੇ ਅਤੇ ਸਿੱਖੀ ਦਾ ਪ੍ਰਚਾਰ ਕਰਨਗੇ ਤੇ ਸਿੱਖੀ ਤੋਂ ਦੂਰ ਹੋਏ ਭੈਣ ਭਰਾਵਾਂ ਨੂੰ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਸਿੱਖ ਵਿਰੋਧੀ ਡੇਰਾਵਾਦ ਵੀ ਇੱਕ ਵੱਡੀ ਸਮੱਸਿਆ ਹੈ ਜਿਸ ਨੂੰ ਇਕਜੁੱਟਤਾ ਨਾਲ ਠੱਲ੍ਹਣ ਦੀ ਲੋੜ ਹੈ। ਅੱਜ ਤੋਂ ਲਗਭਗ 100 ਸਾਲ ਪਹਿਲਾਂ ਜਦੋਂ ਚਾਰ ਸਿੱਖਾਂ ਨੇ ਅੰਮ੍ਰਿਤਸਰ ਵਿੱਚ ਐਲਾਨ ਕੀਤਾ ਕਿ ਉਹ ਧਰਮ ਪਰਿਵਰਤਨ ਕਰ ਰਹੇ ਹਨ ਤਾਂ ਉਸ ਸਮੇਂ ਦੇ ਉੱਘੇ ਸਿੱਖ ਵਿਦਵਾਨਾਂ ਨੇ ਸਮੁੱਚਾ ਸਿੱਖ ਪੰਥ ਇਕੱਠਾ ਕੀਤਾ ਤੇ ਸਿੰਘ ਸਭਾ ਲਹਿਰ ਸ਼ੁਰੂ ਕੀਤੀ ਸੀ। ਇਹ ਸਚਾਈ ਹੈ ਕਿ ਅੱਜ ਪੰਜਾਬ ਵਿੱਚ ਵੱਡੇ ਪੱਧਰ ਉੱਤੇ ਐਸੀਆਂ ਸਾਜ਼ਸ਼ਾਂ ਚੱਲੀਆਂ ਜਾ ਰਹੀਆਂ ਹਨ ਕੇ ਸਿੱਖੀ ਦੀ ਘੱਟ ਸਮਝ ਰੱਖਣ ਵਾਲੇ ਸਿੱਖ ਪਰਿਵਾਰਾਂ ਦਾ ਧਰਮ ਪਰਿਵਰਤਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੱਚਾ ਸਿੱਖ ਬੰਦ ਬੰਦ ਕਟਵਾ ਲੈਂਦਾ ਹੈ ਪਰ ਸਿੱਖੀ ਨਹੀਂ ਛੱਡਦਾ। ਪੰਜਾਬ ਅੰਦਰ ਪਤਿਤਪੁਣੇ ਤੇ ਨਸ਼ਿਆਂ ਦਾ ਵਹਿਣ ਹੈ ਪਰ ਗੁਰੂ ਨੇ ਸਾਨੂੰ ਸਾਬਤ ਸੂਰਤ ਰਹਿਣ ਦੀ ਰਹਿਤ ਬਖ਼ਸ਼ੀ ਹੈ ਤੇ ਨਸ਼ਾ ਕੇਵਲ ਭੋਜਨ ਤੇ ਗੁਰਬਾਣੀ ਦਾ ਰੱਖਣ ਲਈ ਪ੍ਰੇਰਿਤ ਕੀਤਾ ਹੈ। ਉਨ੍ਹਾਂ ਕਿਹਾ ਕੀ ਅਰਦਾਸ ਤੋਂ ਬਾਅਦ ਪੜ੍ਹੇ ਜਾਣ ਵਾਲੇ ਦੋਹਰੇ ਦਾ ਬਹੁਤ ਵੱਡਾ ਮਹੱਤਵ ਹੈ, ਇਸ ਵਿੱਚ ਕਿਹਾ ਜਾਂਦਾ ਹੈ ਕਿ ਖੁਆਰ ਹੋਏ ਸਭ ਮਿਲੈਂਗੇ। ਅੱਜ ਅਸੀਂ ਖੁਆਰ ਹੋਏ ਹਾਂ ਪਰ ਅਸੀਂ ਦੁਬਾਰਾ ਇਕੱਤਰ ਹੋਵਾਂਗੇ, ਅਸੀਂ ਪਿੰਡ-ਪਿੰਡ ਪਹੁੰਚ ਕੇ ਆਪਣੇ ਪਰਿਵਾਰਾਂ ਵਿੱਚ ਬੈਠਾਂਗੇ ਉਨ੍ਹਾਂ ਦੀ ਗੱਲ ਸੁਣਾਂਗੇ। ਗੁਰੂ ਸਾਹਿਬ ਦੇ ਫ਼ਲਸਫ਼ੇ ਵਿੱਚ ਕੋਈ ਭੇਦਭਾਵ ਨਹੀਂ ਹੈ ਅਸੀਂ ਸਭ ਗੁਰਭਾਈ ਹਾਂ ਅਤੇ ਇੱਕ ਸਾਂਝਾ ਪਰਿਵਾਰ ਹਾਂ। ਭੁੱਲੇ ਭਟਕੇ ਲੋਕਾਂ ਨੂੰ ਝੂਠੇ ਦਿਲਾਸੇ, ਲਾਲਚ ਵੱਸ ਅਤੇ ਪਖੰਡਵਾਦ ਰਾਹੀਂ ਭਰਮਾ ਲਿਆ ਜਾਂਦਾ ਹੈ ਪਰ ਸੱਚਾ ਸਿੱਖ ਹਮੇਸ਼ਾ ਸਿੱਖੀ ਵਿੱਚ ਪ੍ਰਪੱਕ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਧਰਮ ਪਰਿਵਰਤਨ ਦਾ ਇੱਕ ਵੱਡਾ ਕਾਰਨ ਹੈ ਕਿ ਅੱਜ ਅਸੀਂ ਗੁਰੂ ਤੋਂ ਦੂਰ ਹੋ ਗਏ ਹਾਂ।

ਉਨ੍ਹਾਂ ਕਿਹਾ ਕਿ ਪੰਜਾਬ ਬਾਰੇ ਗਲਤ ਬਿਰਤਾਂਤ ਘੜਿਆ ਜਾਂਦਾ ਹੈ ਕਿ ਇੱਥੇ ਜਾਤੀ ਵਿਤਕਰਾ ਹੈ ਪਰ ਇਹ ਗੁਰੂ ਸਾਹਿਬਾਨ ਦੀ ਧਰਤੀ ਹੈ ਇੱਥੇ ਅਜਿਹਾ ਨਹੀਂ ਹੈ। ਪੰਜਾਬ ਅੰਦਰ ਰਗਰੇਟੇ ਸਿੱਖਾਂ ਨੂੰ ਵੱਖ ਕਰਨ ਦਾ ਵੀ ਬਿਰਤਾਂਤ ਸਾਜ਼ਸ਼ ਤਹਿਤ ਚਲਾਇਆ ਗਿਆ ਸੀ ਪਰ ਸਿੱਖ ਇਸ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਸਿੱਖਾਂ ਵਿੱਚ ਆਪਸੀ ਖਾਨਾਜੰਗੀ ਨੂੰ ਵੀ ਰੋਕਣ ਦੀ ਲੋੜ ਹੈ, ਅੱਜ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਅਤੇ ਉਨ੍ਹਾਂ ਉੱਤੇ ਕਾਬਜ਼ ਹੋਣ ਦੀਆਂ ਸਾਜ਼ਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖਾਂ ਨੂੰ ਦਸਵੰਧ ਕੱਢਣ ਦਾ ਸਿਧਾਂਤ ਬਖ਼ਸ਼ਿਆ ਹੈ ਅਤੇ ਹਰ ਇਲਾਕੇ ਵਿੱਚ ਸਿੱਖ ਸੰਗਤ ਦਾ ਫਰਜ਼ ਬਣਦਾ ਹੈ ਕੀ ਦਸਵੰਧ ਕੱਢ ਕੇ ਲੋੜਵੰਦ ਪਰਿਵਾਰਾਂ ਦੀ ਸਾਰਥਕ ਢੰਗ ਨਾਲ ਸਿੱਧੀ ਮਦਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਤੋਂ ਪੰਜਾਬ ਦੇ ਲੋੜਵੰਦਾਂ ਲਈ ਦਸਵੰਧ ਕੱਢਣ ਵਾਲੇ ਸਿੱਖ ਪਰਿਵਾਰਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਵੱਲੋਂ ਭੇਜਿਆ ਦਸਵੰਧ ਸਹੀ ਜਗ੍ਹਾ ਪਹੁੰਚ ਰਿਹਾ ਹੈ ਜਾਂ ਨਹੀਂ। ਉਨ੍ਹਾਂ ਸੰਗਤ ਨੂੰ ਕਿਹਾ ਕਿ ਅਸੀਂ ਬਾਬਾ ਗਰਜਾ ਸਿੰਘ ਤੇ ਬਾਬਾ ਬੋਤਾ ਸਿੰਘ ਦੇ ਵਾਰਿਸ ਹਾਂ ਇਸ ਲਈ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਅੱਗੇ ਆਈਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ ਨੇ ਧਰਮ ਪ੍ਰਚਾਰ ਲਹਿਰ ਅਜਨਾਲਾ ਹਲਕੇ ਤੋਂ ਲਹਿਰ ਸ਼ੁਰੂ ਕਰਨ ਲਈ ਸਿੰਘ ਸਾਹਿਬ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਧਰਮ ਪਰਿਵਰਤਨ ਦੀ ਸਮੱਸਿਆ ਹੈ ਅਤੇ ਸਿੱਖੀ ਧਰਮ ਪ੍ਰਚਾਰ ਲਹਿਰ ਤਹਿਤ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਉਨ੍ਹਾਂ ਆਪਣੇ ਸੁਝਾਅ ਵੀ ਦਿੱਤੇ। ਜਥੇਦਾਰ ਗੜਗੱਜ ਨੇ ਸ਼੍ਰੋਮਣੀ ਕਮੇਟੀ ਵੱਲੋਂ ਸ਼ੁਰੂ ਕੀਤੀ ਗਈ ਇਸ ਲਹਿਰ ਨੂੰ ਪ੍ਰਚੰਡ ਕਰਨ ਲਈ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਜਥੇਬੰਦੀਆਂ, ਕਾਰ ਸੇਵਾ ਵਾਲੇ ਮਹਾਂਪੁਰਖਾਂ, ਸਿੰਘ ਸਭਾਵਾਂ ਨੂੰ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ। ਇਹ ਲਹਿਰ ਸ਼ੁਰੂ ਕਰਨ ਤੋਂ ਪਹਿਲਾਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਉਨ੍ਹਾਂ ਛਬੀਲ ਬਾਬਾ ਬੁੱਢਾ ਜੀ ਵਿਖੇ ਜਲ ਦੀ ਸੇਵਾ ਵੀ ਕੀਤੀ। ਗੱਗੋ ਮਾਹਲ ਵਿਖੇ ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਸੰਬੋਧਨ ਕਰਦਿਆਂ ਸੰਗਤ ਨੂੰ ਆਪਣੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸਕੱਤਰ ਸ. ਬਿਜੈ ਸਿੰਘ, ਭਾਈ ਜੀਵਨ ਸਿੰਘ, ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੀ ਤਰਫੋਂ ਭਾਈ ਗੁਰਕਰਨ ਸਿੰਘ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਨਿਹੰਗ ਸਿੰਘ ਜਥੇਬੰਦੀਆਂ ਦੀ ਤਰਫੋਂ ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਲਵਪ੍ਰੀਤ ਸਿੰਘ ਅਨੰਦਪੁਰ ਸਾਹਿਬ, ਬਾਬਾ ਗੁਰਦੇਵ ਸਿੰਘ ਗੋਇੰਦਵਾਲ ਸਾਹਿਬ, ਬਾਬਾ ਜਸਬੀਰ ਸਿੰਘ ਮਜੀਠਾ ਰੋਡ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ, ਗੁਰਦੁਆਰਾ ਜਨਮ ਅਸਥਾਨ ਬਾਬਾ ਜੀਵਨ ਸਿੰਘ ਦੇ ਪ੍ਰਬੰਧਕ ਬਾਬਾ ਸਤਨਾਮ ਸਿੰਘ ਤੇ ਬਾਬਾ ਸੁੱਚਾ ਸਿੰਘ ਕਿਲਾ ਅਨੰਦਗੜ੍ਹ ਵਾਲਿਆਂ ਦੀ ਤਰਫ਼ੋਂ ਬਾਬਾ ਹਰਬੰਸ ਸਿੰਘ ਕੰਦੋਵਾਲੀ ਤੇ ਬਾਬਾ ਸੁਰਜੀਤ ਸਿੰਘ ਹਾਜ਼ਰ ਸਨ, ਪ੍ਰਚਾਰਕ-ਕਮ-ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸੁਖਰਾਜ ਸਿੰਘ, ਢਾਡੀ ਜਥਾ ਭਾਈ ਜਗਦੀਸ਼ ਸਿੰਘ ਵਡਾਲਾ ਬਾਬਾ ਬੁੱਢਾ ਜੀ ਕੱਥੂਨੰਗਲ ਤੋਂ, ਭਾਈ ਲਖਵੀਰ ਸਿੰਘ ਤੇੜੀ ਕਵੀਸ਼ਰ ਜਥਾ ਤੇ ਭਾਈ ਬਲਬੀਰ ਸਿੰਘ ਦਾ ਰਾਗੀ ਜਥਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੋਹ ਕੋਹ ਕੂਕ ਸੁਣੇ..!

-ਚਰਨਜੀਤ ਭੁੱਲਰ

**ਚੰਡੀਗੜ੍ਹ** : ਚੇਤਨ ਸਿੰਘ ਜੌੜਾਮਾਜਰਾ, ਨਾਮ ਹੀ ਕਾਫ਼ੀ ਨਹੀਂ, ਡੀਲ-ਡੌਲ ਵੀ ਕਾਫ਼ੀ ਹੈ। ਭਲਿਓ! ਜੌੜਾਮਾਜਰਾ ਨਹੀਂ, ਹੁਣ ਚੌੜਾਮਾਜਰਾ ਕਹੋ। ‘ਦਾਸ’ ਨੇ ਜਦੋਂ ਤੋਂ ਸਮਾਣੇ ਆਲੇ ਅਧਿਆਪਕਾਂ ਦਾ ‘ਆਦਰ-ਮਾਣ’ ਕੀਤੈ, ਚੰਗੀ ਭੱਲ ਖੱਟ ਗਏ ਨੇ। ਅਜਿਹਾ ਸੁਭਾਗ ਟਾਵਿਆਂ ਨੂੰ ਮਿਲਦੈ। ਨਿੱਕੇ ਹੁੰਦਿਆਂ ਅਧਿਆਪਕਾਂ ਨੇ ਕਿਤੇ ਕੰਨ ਪੁੱਟੇ ਹੁੰਦੇ ਤਾਂ ਜੌੜਾਮਾਜਰਾ ਇੰਜ ਨਾ ਕਰਦੇ। ਮਾਰ ਕੇ ‘ਸਿੱਖਿਆ ਕ੍ਰਾਂਤੀ’ ਦੇ ਘੋੜੇ ਨੂੰ ਅੱਡੀ, ਪੁੱਜ ਗਏ ‘ਸਕੂਲ ਆਫ਼ ਐਮੀਨੈਂਸ’। ਪਹਿਲੋਂ ਸਕੂਲ ’ਚ ਚਰਨ ਕਮਲ ਪਾਏ, ਰਿਬਨ ਵੀ ਕਰ ਕਮਲਾਂ ਨਾਲ ਕੱਟਿਆ, ਸਟੇਜ ਤੋਂ ਫਿਰ ਮੁੱਖ ਕਮਲ ਚੋਂ ਜੋ ਫ਼ਰਮਾਏ, ਤੁਸੀਂ ਜਾਣੀ ਜਾਣ ਹੋ। ਅਮਿਤਾਭ ਬਚਨ ‘ਸਰਕਾਰ’ ਫ਼ਿਲਮ ’ਚ ਆਖਦੈ, ‘ਜੋ ਮੁਝ ਕੋ ਸਹੀ ਲਗਤਾ ਹੈ, ਵੋਹ ਮੈਂ ਕਰਤਾ ਹੂੰ।’ ਜੌੜਾਮਾਜਰਾ ਜੀ! ਲੱਲੀ-ਛੱਲੀ ਦੀ ਪ੍ਰਵਾਹ ਨਹੀਂਓ ਕਰਨੀ। ਜਦ ਚੇਤਨ ਸਿਓਂ ਨੇ ਸਮਾਣੇ ਆਲੇ ਸਕੂਲ ’ਚ ਤਿੰਨ ਮੇਲ ਦੇ ਪ੍ਰਸ਼ਾਦ ਦੇ ਗੱਫੇ ਵਰਤਾਏ ਤਾਂ ਅਧਿਆਪਕਾਂ ਦੇ ਹੱਥ ਸੜ ਗਏ, ਬੱਚਿਆਂ ਨੇ ਤਾਂ ਹੱਸਣਾ ਹੀ ਸੀ। ਮਾਹੌਲ ਏਨਾ ਤੱਤਾ ਸੀ, ਜੇ ਕੋਈ ਸਟੇਜ ਤੋਂ ਨਾਅਰਾ ਵੀ ਮਾਰ ਦਿੰਦਾ, ‘ਦੇਸ਼ ਦਾ ਨੇਤਾ ਕੈਸਾ ਹੋ’, ਬੱਚਿਆਂ ਨੇ ਦੂਣੀ ਦੇ ਪਹਾੜੇ ਵਾਂਗੂ ਗੱਜਣਾ ਸੀ, ‘ਜੌੜਾਮਾਜਰਾ ਜੈਸਾ ਹੋ।’ ਚੇਤਨਵੀਰ ਦਾ ਜਜ਼ਬਾ ਵੀ ਉਬਲਦੇ ਦੁੱਧ ਵਰਗੈ।



‘ਕਾਬਾ ਕਿਸ ਮੂੰਹ ਸੇ ਜਾਓਗੇ ਗ਼ਾਲਿਬ, ਸ਼ਰਮ ਤੁਮਕੋ ਮਗਰ ਆਤੀ ਨਹੀਂ।’ ਮੂੰਹਾਂ ਨੂੰ ਮੁਲਾਹਜ਼ੇ, ਸਿਰਾਂ ਨੂੰ ਸਲਾਮਾਂ। ਜਿਵੇਂ ਜੌੜਾਮਾਜਰਾ ਦੇ ਮੁਖਾਰਬਿੰਦ ਚੋਂ ਫੁੱਲ ਕਿਰੇ, ਗਾਰਡ ਆਫ਼ ਆਨਰ ਤਾਂ ਦੇਣਾ ਹੀ ਬਣਦੈ। ਚੁੰਪ ਸਿੰਘ ਬੜਬੋਲਾ ਆਖਦੈ ਕਿ ਨੇਕ ਕੰਮ ਲਈ ਦੇਰੀ ਕਾਹਦੀ, ਆਉਂਦੇ ‘ਅਧਿਆਪਕ ਦਿਵਸ’ ’ਤੇ ਲੱਦ ਦਿਓ ਫੁੱਲਾਂ ਨਾਲ ਪਿਆਰੇ ਚੇਤਨ ਨੂੰ। ਭਲਾ ਉਸ ਵਿਧਾਇਕੀ ਨੂੰ ਕੀ ਚੱਟਣੈ, ਜਿਹੜੀ ਖਰੀ ਹੀ ਨਾ ਕੀਤੀ। ਨਛੱਤਰ ਸੱਤਾ ਗਾਉਂਦਾ ਮਰ ਗਿਆ, ‘ਮੰਦੜੇ ਬੋਲ ਨਾ ਬੋਲ ਵੇ ਸੱਜਣਾ..।’ ਹਲਦੀ ਘਾਟੀ ਦੀ ਲੜਾਈ ’ਚ ਮਹਾਰਾਣਾ ਪ੍ਰਤਾਪ ਦਾ ਘੋੜਾ ‘ਚੇਤਕ’ ਅੰਨ੍ਹੇਵਾਹ ਦੌੜਿਆ ਸੀ। ਪੰਜਾਬ ਦਾ ਚੇਤਨ ਉਹਤੋਂ ਵੀ ਵੱਧ ਤੇਜ਼ੀ ਨਾਲ ਦੌੜਿਆ, ਜਦੋਂ ਗੰਦੇ ਗੱਦਿਆਂ ਦੀ ਸੂਹ ਮਿਲੀ, ਜਾ ਪੁੱਜਿਆ ਫ਼ਰੀਦਕੋਟ ਦੇ ਹਸਪਤਾਲ।

ਜਨਾਬ ਨੇ ਜਾਂਦਿਆਂ ਹੀ ਰੀੜ੍ਹ ਦੀ ਹੱਡੀ ਦੇ ਮਸ਼ਹੂਰ ਡਾ. ਰਾਜ ਬਹਾਦਰ ਨੂੰ ਭਰੀ ਪੰਚਾਇਤ ’ਚ ਗੰਦੇ ਗੱਦੇ ’ਤੇ ਲੰਮਾ ਪਾ ਲਿਆ। ਜਿਨ੍ਹਾਂ ਵੀਸੀ ਨੂੰ ਲਮਲੇਟ ਕਰ ਲਿਆ, ਉਨ੍ਹਾਂ ਅੱਗੇ ਸਮਾਣੇ ਆਲੇ ਟੀਚਰ ਕਿਹੜੇ ਬਾਗ ਦੀ ਮੂਲੀ ਨੇ। ਜਿਨ੍ਹਾਂ ਨੇ ਸਕੂਲ ਪੜ੍ਹਦੇ ਫ਼ੀਸ ਮੁਆਫ਼ੀ ਦੀ ਅਰਜ਼ੀ ਲਿਖੀ ਹੁੰਦੀ ਐ, ਉਨ੍ਹਾਂ ਨੂੰ ਜ਼ਿੰਦਗੀ ’ਚ ਮੁਆਫ਼ੀ ਮੰਗਣ ਦੀ ਨੌਬਤ ਨਹੀਂ ਆਉਂਦੀ। ਖ਼ੈਰ, ਜੌੜਾਮਾਜਰਾ ਦੀ ਪਿੱਠ ਪਈ ਸੁਣਦੀ ਐ, ਵੱਡਾ ਦਿਲ ਰੱਖਦੇ ਨੇ, ਅੱਖ ਦੇ ਫੋਰੇ ਮੁਆਫ਼ੀਵੀਰ ਬਣ ਗਏ। ਕੇਰਾਂ ਬਿੱਲ ਕਲਿੰਟਨ ਆਪਣੇ ਦਫ਼ਤਰ ਦੀ ਕੱਚੀ ਮੁਲਾਜ਼ਮ ਮੋਨਿਕਾ ਲੇਵਿੰਸਕੀ ਨੂੰ ਛੇੜ ਬੈਠਾ। ਕਲਿੰਟਨ ਨੇ ਜਨਤਿਕ ਮੁਆਫ਼ੀ ਮੰਗ ਕੇ ਖਹਿੜਾ ਛੁਡਵਾਇਆ।

ਭਲਾ ਦੱਸੋ! ਅਮਰੀਕਾ ਦਾ ਥਾਣੇਦਾਰ ਕਲਿੰਟਨ ਮੁਆਫ਼ੀ ਮੰਗ ਸਕਦੈ, ਫਿਰ ਜੌੜਾਮਾਜਰਾ ਕਲਿੰਟਨ ਤੋਂ ਵੱਡਾ ਤਾਂ ਨਾ ਹੋਇਆ। ਸ਼ਮਸ਼ੇਰ ਲਹਿਰੀ ਵੀ ਇਹੋ ਹਾਮੀ ਭਰ ਰਿਹੈ, ‘ਕਿਸੇ ਤੋਂ ਮੁਆਫ਼ੀ ਮੰਗ ਲਈਏ, ਕਿਸੇ ਨੂੰ ਮੁਆਫ਼ ਕਰੀਏ।’ ਅੱਜ ਕੱਲ੍ਹ ਜੌੜਾਮਾਜਰਾ ਕੌਕਿਆਂ ਆਲੇ ਮੋਦਨ ਨਾਲੋਂ ਵੱਧ ਮਸ਼ਹੂਰ ਹੋਇਆ ਪਿਐ। ਸਕੂਲੇ ਪੜ੍ਹਦਿਆਂ ਜ਼ਰੂਰ ਕਿਤਾਬਾਂ ਨਾਲ ਅਣਬਣ ਰਹੀ ਹੋਊ। ਅਧਿਆਪਕਾਂ ਨੇ ਐਂ ਰੌਲਾ ਪਾਇਆ ਜਿਵੇਂ ਸਮਾਣੇ ਦੀ ਸੀਮਾ ’ਤੇ ਪ੍ਰਮਾਣੂ ਬੰਬ ਡਿੱਗ ਪਿਆ ਹੋਵੇ। ਅਧਿਆਪਕ ਜਗਤ ਕੈੜ ਅੱਖ ਨਾਲ ਝਾਕਣ ਲੱਗ ਪਿਆ। ਚਾਚਾ ਚੰਡੀਗੜ੍ਹੀਆ ਆਖਦਾ ਹੁੰਦਾ ਸੀ, ‘ਘੂਰ-ਘੂਰ ਕੇ ਦੇਖਦੇ ਹੋ, ਮੈਂ ਕੋਈ ਗੱਦੀਓਂ ਲੱਥਾ ਵਜ਼ੀਰ ਤਾਂ ਨਹੀਂ।’

‘ਨੱਥਾ ਸਿੰਘ ਐਂਡ ਪ੍ਰੇਮ ਸਿੰਘ, ਵਨ ਐਂਡ ਦੀ ਸੇਮ ਥਿੰਗ।’ ਜੌੜਾਮਾਜਰਾ ਨੇ ਜ਼ਰੂਰ ਕਿਤੇ ਕਾਂਗਰਸੀ ਨੇਤਾ ਭਾਰਤ ਭੂਸ਼ਨ ਆਸ਼ੂ ਦਾ ਜੂਠਾ ਖਾ ਲਿਆ ਹੋਊ। ਜਦੋਂ ਆਸ਼ੂ ਜੀ ਪਟਿਆਲੇ ਆਲੇ ਰਾਜੇ ਦੀ ਸਰਕਾਰ ’ਚ ਮੰਤਰੀ ਸਨ, ਉਦੋਂ ਮਹਿਲਾ ਡੀਈਓ ਆਸ਼ੂ ਦੇ ਸਮਾਗਮਾਂ ’ਚ ਲੇਟ ਆਉਣ ਦੀ ਗੁਸਤਾਖ਼ੀ ਕਰ ਬੈਠੀ। ਆਸ਼ੂ ਨੇ ਭਰੇ ਮੇਲੇ ’ਚ ਬੀਬੀ ਦਾ ‘ਇੱਜ਼ਤ-ਮਾਣ’ ਕਰ’ਤਾ ਸੀ। ਗੁਣਾਂ ਦੀ ਗੁਥਲੀ, ਮੇਰੀ ਮੁਰਾਦ ਆਸ਼ੂ ਲੁਧਿਆਣਵੀਂ ਤੋਂ ਹੈ, ਜਿਹਦੇ ਹੁਣ ਕਹਿੰਦੇ ਫਿਰਦੇ ਨੇ, ‘ਮੈਂ ਤਾਂ ਬੋਲਦਾ ਹੀ ਬਹੁਤ ਘੱਟ ਹਾਂ।’ ਭਾਰਤੀ ਸਿਆਸਤ ’ਚ ਨੇਤਾ ਝੂਠ ਬੋਲਣ ’ਚ ਭੋਰਾ ਕੰਜੂਸੀ ਨਹੀਂ ਕਰਦੇ। ਰਾਜ ਕੁਮਾਰ ਦਾ ਡਾਇਲਾਗ ਤਾਂ ਸੁਣਿਆ ਹੋਊ, ‘ਹਮ ਕੋ ਮਿਟਾ ਸਕੇ, ਜ਼ਮਾਨੇ ਮੇਂ ਦਮ ਨਹੀਂ।’

ਅਮਲੋਹ ਆਲੇ ਸਾਧੂ ਸਿੰਘ ਧਰਮਸੋਤ ਦਾ ਜ਼ੁਬਾਨ ਰਸ ਵੀ ਨਾਭੇ ਦੀ ਗਲੀ ਗਲੀ ’ਚ ਚੋਇਆ ਸੀ। ਮੰਤਰੀ ਹੁੰਦਿਆਂ ਇੱਕ ਮਹਿਲਾ ਪ੍ਰਿੰਸੀਪਲ ਨੂੰ ਪੈ ਨਿਕਲੇ ਸਨ। ਪ੍ਰਿੰਸੀਪਲ ਬੀਬੀ ਨੂੰ ਧਰਮਸੋਤ ਦੀ ਸਾਧੂਗਿਰੀ ਚੋਂ ਅਰਜੁਨ ਵੈਲੀ ਦਾ ਝਉਲਾ ਪਿਆ। ਸਿਆਣੇ ਆਖਦੇ ਨੇ, ਬਈ! ਬੱਚੇ ਨੂੰ ਬੋਲਣ ਸਿੱਖਣ ਲਈ ਦੋ ਸਾਲ ਲੱਗਦੇ ਨੇ, ਜ਼ੁਬਾਨ ਸੰਭਾਲਣੀ ਸਿੱਖਣ ਲਈ ਸੱਠ ਸਾਲ ਲੱਗ ਜਾਂਦੇ ਨੇ। ਇਨ੍ਹਾਂ ਖ਼ਾਮੋਸ਼ ਰੂਹਾਂ ਨੂੰ ਦੇਖ ਇਹੋ ਦਿਮਾਗ਼ ’ਚ ਘੁੰਮਦੈ, ‘ਦੁਨੀਆ ਬਨਾਨੇ ਵਾਲੇ, ਕਿਆ ਤੇਰੇ ਮਨ ਮੇਂ ਸਮਾਈ..।’ ਕਈ ਵਾਰੀ ਜ਼ੁਬਾਨ ਵਾਂਗੂ ਗੱਲ ਵੀ ਕਿਧਰੇ ਹੋਰ ਪਾਸੇ ਹੀ ਤਿਲਕ ਜਾਂਦੀ ਹੈ।

“ਦੁਨੀਆ ਬਣਾਉਣ ਵਾਲਿਆ ਤੇਰੇ ਸੰਦਾਂ ਦਾ ਭੇਤ ਨਾ ਆਇਆ।’ ਬੰਦੇ ਨੂੰ ਸਮਝਣਾ ਸੌਖਾ, ਰੱਬ ਨੂੰ ਔਖੈ। ਪ੍ਰੋ. ਮੋਹਨ ਸਿੰਘ ਲਿਖਦੇ ਨੇ, ‘ਰੱਬ ਇੱਕ ਗੁੰਝਲਦਾਰ ਬੁਝਾਰਤ, ਰੱਬ ਇੱਕ ਗੋਰਖ-ਧੰਦਾ..।’ ਅਸੀਂ ਪੁੱਛਦੇ ਪਏ ਹਾਂ ਕਿ ਯੇ ਮਾਜਰਾ ਕਿਆ ਹੈ। ਰੱਬ ਕੋਲ ਏਨੇ ਦੇਵਤੇ ਨਹੀਂ ਹੋਣੇ ਜਿੰਨੇ ਅਸਾਂ ਦੇ ਕੋਲ ਮਾਜਰੇ ਨੇ। ਜੀਹਤੋਂ ਟੀਚਰ ਥਰ-ਥਰ ਕੰਬਣ, ਓਹ ਜੌੜਾਮਾਜਰਾ ਅਖਵਾਉਂਦੈ, ਜਿਹਨੂੰ ਦੇਖ ਹਿੰਦੀ ਨੂੰ ਛਿੜੇ ਕਾਂਬਾ ਉਹ ਚੰਦੂਮਾਜਰਾ, ਰੰਗੀਨ ਤਬੀਅਤ ਆਲਾ ਪਠਾਨਮਾਜਰਾ ਤੇ ਜੀਹਦੇ ਘਰ ਅੱਗੇ ਗੱਜੇ ਈਡੀ, ਉਹ ਗੱਜਣਮਾਜਰਾ ਅਖਵਾਉਂਦੈ...ਇਹ ਸਾਰੇ ਮਾਜਰੇ ਇੱਕ ਸ਼ੀਸ਼ਾ ਹਨ ਜਿਨ੍ਹਾਂ ਚੋਂ ਪੰਜਾਬ ਦਾ ਮਾਜਰਾ (ਹਾਲ) ਸੌਖੇ ਹੀ ਜਾਣ ਸਕਦੇ ਹਾਂ।

ਪੰਜਾਬ ਕਿੰਨਾ ਭਾਗਾਂ ਵਾਲੈ, ਜਿਹਨੂੰ ਥੋਕ ’ਚ ਕ੍ਰਾਂਤੀਵੀਰ ਮਿਲੇ ਨੇ। ਮਾਜਰਾ ਆਪੇ ਨੌਂ ਬਰ ਨੌਂ ਹੋਜੂ। ਕੋਈ ਵੀ ਮੰਗਲ ਪਾਂਡੇ ਤੋਂ ਘੱਟ ਨਹੀਂ ਸਮਝਦਾ। ਨਹੀਂ ਯਕੀਨ ਤਾਂ ਟਰੇਲਰ ਦੇਖ ਲਓ। ਔਹ ਦੇਖੋ! ‘ਸਿੱਖਿਆ ਕ੍ਰਾਂਤੀ’ ਸਕੂਲਾਂ ’ਚ ਧੁੱਸ ਦੇ ਕੇ ਵੜੀ ਹੈ। ਸਿੱਖਿਆ ਕ੍ਰਾਂਤੀ ਦਾ ਲਾੜਾ ਹਰਜੋਤ ਸਿੰਘ ਬੈਂਸ ਬਣਿਐ। ਪਖਾਨੇ ਲੋਕ ਅਰਪਣ ਕਾਹਦੇ ਕੀਤੇ, ਲਾਭ ਸਿੰਘ ਉਗੋਕੇ ਸਰਵਾਲਾ ਬਣਦਾ ਫੜਿਆ ਗਿਆ। ‘ਕਾਹਲੀ ਦੀ ਘਾਣੀ, ਅੱਧਾ ਤੇਲ ਅੱਧਾ ਪਾਣੀ।’

ਪੁਰਾਣੀ ਫ਼ਿਲਮ ਕ੍ਰਾਂਤੀ ’ਚ ਹੇਮਾ ਮਾਲਿਨੀ ਨੇ ਸੁਰ ਲਾ ਪੁੱਛਿਐ, ‘ਦਿਲ ਵਾਲੇ-ਦਿਲ ਵਾਲੇ ਤੇਰਾ ਸਪਨਾ ਕਿਆ ਹੈ, ਜੁਆਬ ਮਿਲਦੈ, ‘ਕ੍ਰਾਂਤੀ-ਕ੍ਰਾਂਤੀ’। ਸਿਹਤ ਮਹਿਕਮਾ ਜੌੜਾਮਾਜਰਾ ਤੋਂ ਸਰਕਾਰ ਵਾਪਸ ਨਾ ਲੈਂਦੀ ਤਾਂ ਅੱਜ ਸਿਹਤ ਕ੍ਰਾਂਤੀ ਨੇ ਵੀ ਪੰਜਾਬ ਦੇ ਘਰ ਘਰ ਜਾ ਕੰਜਕਾਂ ਖਾ ਆਉਣੀਆਂ ਸਨ। ਵਿਰੋਧੀ ਆਗੂ ਲੱਖ ਪਏ ਸੰਘ ਪਾੜਨ। ‘ਕ੍ਰਾਂਤੀ’ ਕਿੱਲੋਮੀਟਰ ਸਕੀਮ ਆਲੀਆਂ ਬੱਸਾਂ ਵਾਂਗੂ ਰੁਕਣੀ ਨਹੀਂ ਚਾਹੀਦੀ। ਜਿਵੇਂ ਸੂਟਾਂ ਵਾਲੀ ਦੁਕਾਨ ’ਚ ਭਾਰਤੀ ਨਾਰੀ ਖਿੜਦੀ ਹੈ, ਉਵੇਂ ਉਦਘਾਟਨੀ ਪੱਥਰਾਂ ਨੂੰ ਦੇਖ ਵਿਧਾਇਕਾਂ ਦਾ ਅੰਦਰਲਾ ਬਾਘੀਆਂ ਪਾਉਂਦੈ। ‘ਦੋ ਗਿੱਠਾਂ ਦੀ ਵੰਝਲੀ, ਕੋਹ ਕੋਹ ਕੂਕ ਸੁਣੇ।’ ਓਹ ਦਿਨ ਵੀ ਯਾਦ ਕਰੋ, ਜਦੋਂ ਅਕਾਲੀਆਂ ਦੇ ਰਾਜ ’ਚ ਪਖਾਨਿਆਂ ’ਤੇ ‘ਰਾਜ ਨਹੀਂ ਸੇਵਾ’ ਵਾਲੀਆਂ ਤਸਵੀਰਾਂ ਲੱਗੀਆਂ ਸਨ।

ਬੈਂਸ ਸਾਹਬ! ਅੱਗੇ ਵਧੋ, ਹਮ ਤੁਮਾਰੇ ਸਾਥ ਹੈ। ਜਿਵੇਂ ਕਿਊਬਾ ਦੀ ਕ੍ਰਾਂਤੀ ਦਾ ਸਿਹਰਾ ਚੀ-ਗਵੇਰਾ ਸਿਰ ਸਜਿਆ, ਰੂਸ ਦੀ ਕ੍ਰਾਂਤੀ ਦਾ ਤਾਜ ਲੈਨਿਨ ਸਿਰ ਟਿਕਿਆ, ਫਰਾਂਸ ਦੀ ਕ੍ਰਾਂਤੀ ਦਾ ਰਾਹ ਦਸੇਰਾ ਨਪੋਲੀਅਨ ਬਣਿਆ, ਉਵੇਂ ਜਦੋਂ ਸਦੀਆਂ ਬਾਅਦ ਕਦੇ ਕੋਈ ਪੰਜਾਬ ਦਾ ਇਤਿਹਾਸ ਫੋਲੇਗਾ ਤਾਂ ਹਰਜੋਤ ਸਿੰਘ ਬੈਂਸ ਦਾ ਨਾਮ ਸਿੱਖਿਆ ਕ੍ਰਾਂਤੀ ਦੇ ਨਾਇਕ ਵਜੋਂ ਅੰਕਿਤ ਹੋਵੇਗਾ। ਅਗਲੀਆਂ ਪੀੜ੍ਹੀਆਂ ਵੀ ਯਾਦ ਰੱਖਣਗੀਆਂ ਕਿਵੇਂ ਸਾਡੇ ਪੁਰਖਿਆਂ ਨੇ ਜਾਨ ਧਲੀ ’ਤੇ ਧਰ ਅਜੂਬਿਆਂ ਵਰਗੇ ਪਖਾਨੇ ਬਣਾਏ। ਸਦੀਆਂ ਬਾਅਦ ਜਦੋਂ ਕਦੇ ਖੰਡਰਾਤ ਹੋਏ ਪੰਜਾਬ ਦੀ ਖ਼ੁਦਾਈ ਹੋਈ ਤਾਂ ਸਿੰਧ ਘਾਟੀ ਦੀ ਸਭਿਅਤਾ ਵਾਂਗੂ ਉਦਘਾਟਨੀ ਪੱਥਰਾਂ ਦੇ ਟੁਕੜੇ ਲੱਭਿਆ ਕਰਨਗੇ।

ਅਖੀਰ ’ਚ ਇੱਕ ਲਤੀਫ਼ਾ। ਸਕੂਲ ਦੀ ਕਲਾਸ ’ਚ ਮਾਸਟਰ ਜੀ ਪੁੱਛਣ ਲੱਗੇ, ਬੱਚਿਓ! ਰਾਜਾ ਰਾਮ ਮੋਹਨ ਰਾਏ ਕੌਣ ਸਨ? ਬੱਚੇ ਇੱਕੋ ਸੁਰ ’ਚ ਬੋਲੇ, ਮਾਸਟਰ ਜੀ! ਚਾਰੇ ਹੀ ਪੱਕੇ ਦੋਸਤ ਸਨ। ਲਤੀਫ਼ਾ ਸੁਣ ਇੰਜ ਲੱਗਦੇ ਕਿ ਜਿਵੇਂ ਇਹੋ ਬੱਚੇ ਵੱਡੇ ਹੋ ਕੇ ‘ਕ੍ਰਾਂਤੀਵੀਰ’ ਬਣ ਗਏ। ●●






## ਭਖਦਾ ਮੁੱਦਾ: ਮਿਆਰੀ ਸਿੱਖਿਆ ਦੇ ਨਾਂ ’ਤੇ ਹਰ ਵਰ੍ਹੇ ਮਾਪਿਆਂ ਦੀ ਪੌਣੇ ਨੌਂ ਅਰਬ ਦੀ ਲੁੱਟ !

**ਆਪਣੇ** ਲਾਡਲੇ ਲਾਡਲੀਆਂ ਦੀ ਪੜ੍ਹਾਈ ਨੂੰ ਲੈ ਕੇ ਅੱਜ ਕੱਲ ਮਾਪੇ ਚੋਖੇ ਫਿਕਰਵੰਦ ਰਹਿੰਦੇ ਹਨ ।ਜੋ ਚੰਗੀ ਗੱਲ ਹੈ ।ਪਰ ਸਕੂਲਾਂ ਦੀਆਂ ਮਣਾ ਮੂੰਹੀ ਫ਼ੀਸਾਂ ਤੇ ਮਹਿੰਗੀਆਂ ਕਿਤਾਬਾਂ-ਕਾਪੀਆਂ ਨੇ ਮਾਪਿਆਂ ਦਾ ਆਰਥਕ ਦੁਆਲਾ ਕੱਢਣ ਚ ਕੋਈ ਕਸਰ ਨਹੀਂ ਛੱਡੀ ।ਜਗ੍ਹਾ ਜਗ੍ਹਾ ਵੇਲ ਵਾਂਗ ਉੱਗੇ ਪ੍ਰਾਈਵੇਟ ਸਕੂਲ ਪੜ੍ਹਾਈ ਘੱਟ ਤੇ ਵਿਖਾਵੇ ਨੂੰ ਵੱਧ ਤਰਜੀਹ ਦੇ ਰਹੇ ਹਨ ।ਜਿਨਾਂ ਦੇ ਪ੍ਰਭਾਵ ਥੱਲੇ ਆਉਣ ਵਾਲੇ ਮਾਪਿਆਂ ਦੀਆਂ ਸਕੂਲ ਪਰਬੰਧਕਾਂ ਵੱਲੋਂ ਜੇਬਾਂ ਕੁਤਰੀਆਂ ਜਾ ਰਹੀਆਂ ਹਨ ।ਥੋੜੇ ਮਾਪੇ ਹੀ ਅਜਿਹੇ ਹਨ ਜੋ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲ ਚ ਦਾਖਲ ਕਰਵਾਉਣ ਨੂੰ ਪਹਿਲ ਦਿੰਦੇ ਹਨ ,ਨਹੀਂ ਤਾਂ ਬਹੁਤਾਤ ਸਰਕਾਰੀ ਸਕੂਲ ਚ ਪੜ੍ਹਾਉਣ ਨੂੰ ਪਸੰਦ ਨਹੀਂ ਕਰਦੇ ਜਾਂ ਆਪਣੀ ਹੇਠੀ ਸਮਝਦੇ ਹਨ ।ਵੇਖੋ ਵੇਖੀ ਮਾਪੇ ਬੱਚਿਆਂ ਨੂੰ ਪ੍ਰਾਈਵੇਟ ਸਕੂਲ ਚ ਦਾਖਲ ਕਰਵਾਉਣ ਨੂੰ ਆਪਣੀ ਸ਼ਾਨ ਤੇ ਸਟੇਟਸ ਸਮਝਦੇ ਹਨ ।ਭਾਂਵੇਂ ਇਸ ਲਈ ਉਹ ਵਿੱਤੀ ਤੌਰ ਤੇ ਔਖੇ ਹੀ ਕਿਉਂ ਨਾ ਹੋਣ ।ਨਵਾਂ ਸਾਲ ਸ਼ੁਰੂ ਹੁੰਦੇ ਹੀ ਪ੍ਰਾਈਵੇਟ ਸਕੂਲਾਂ ਵੱਲੋਂ ਕਿਤਾਬਾਂ ਕਾਪੀਆਂ ਦੇ ਨਾਂ ਤੇ ਮਾਪਿਆਂ ਦੀ ਖੁੱਲੇਆਮ ਆਰਥਕ ਲੁੱਟ ਕੀਤੀ ਜਾਂਦੀ ਹੈ ।ਜਿਸ ਤੋਂ ਮਾਪੇ ਡਾਹਢੇ ਖ਼ਫ਼ਾ ਹਨ ।ਕਿਉਂਕਿ ਸਕੂਲ ਪਰਬੰਧਕਾਂ ਵੱਲੋਂ ਬੱਚਿਆਂ ਨੂੰ ਨਿਸ਼ਿਚਤ ਦੁਕਾਨਦਾਰਾਂ ਤੋਂ ਹੀ ਕਿਤਾਬਾਂ ਖ਼ਰੀਦਣ ਦੀ ਹਦਾਇਤ ਕੀਤੀ ਜਾਂਦੀ ਹੈ ।ਜਿੱਥੇ ਦੁਕਾਨਦਾਰਾਂ ਵੱਲੋਂ ਕਿਤਾਬਾਂ ਦਾ ਇੱਕ ਸੈੱਟ 8 ਤੋਂ ਲੈ ਕੇ 10 ਹਜ਼ਾਰ ਚ ਦਿੱਤਾ ਜਾਂਦਾ ਹੈ ।ਜਿਸ ਦੇ ਦੋ ਬੱਚੇ ਹਨ ਉਸ ਮਾਂ ਪਿਉ ਦੀ ਜੇਬ ਚੋਂ 15 ਤੋਂ 20 ਹਜ਼ਾਰ ਰੁਪਿਆ ਜਾਣਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸੁਭਾਵਕ ਹੈ ।ਜੋ ਇਕ ਕਿਤਾਬ 40-45 ਰੁਪਏ ਚ ਛਪ ਜਾਂਦੀ ਹੈ। ਉਸਦੀ ਕੀਮਤ 200-300 ਤਹਿ ਕੀਤੀ ਹੁੰਦੀ ਹੈ ।ਜਿਸਦੀ ਵਜ੍ਹਾ ਇਹ ਕਿ ਕਿਤਾਬਾਂ ਚੋ 50ਫੀਸਦ ਕਮਿਸ਼ਨ ਸਕੂਲ ਪਰਬੰਧਕਾਂ ਨੂੰ ਜਾਂਦਾ ਹੈ ।ਇਕ ਅੰਦਾਜ਼ੇ ਮੁਤਾਬਕ ਇਸ ਵਕਤ ਪੰਜਾਬ ਦੇ ਪ੍ਰਾਈਵੇਟ ਸਕੂਲਾਂ ਚ ਇਸ ਸਮੇਂ 30 ਲੱਖ ਦੇ ਕਰੀਬ ਵਿਦਿਆਰਥੀ ਪੜ੍ਹ ਰਹੇ ਹਨ ।ਮੰਨ ਲਉ ਉਸ ਵਿੱਚੋਂ 25 ਲੱਖ ਵਿਦਿਆਰਥੀ ਵੀ ਸਕੂਲ ਵੱਲੋਂ ਰਿਕਮੈਂਡ ਕੀਤੀਆਂ ਕਿਤਾਬਾਂ ਖਰੀਦਦੇ ਹਨ ਤਾਂ ਇਹ ਲਗਭੱਗ ਸਾਢੇ 12 ਅਰਬ ਦੀਆਂ ਬਣਦੀਆਂ ਹਨ ।ਜਿਸ ਵਿੱਚੋਂ ਸਕੂਲ ਪਰਬੰਧਕਾਂ ਨੂੰ ਸਵਾ 6 ਅਰਬ ਕਮਿਸ਼ਨ ਦੇ ਰੂਪ ਵਿੱਚ ਜਾਂਦਾ ਹੈ ।ਜਿਸ ਚੋਂ ਕੁਝ ਹਿੱਸਾ ਦੁਕਾਨਾਂ ਵਾਲਿਆਂ ਤੇ ਕੁਝ ਪਬਲਿਸ਼ਰਾਂ ਨੂੰ ਜਾਂਦਾ ਹੈ ।ਸਕੂਲ ਪਰਬੰਧਕਾਂ ਵੱਲੋਂ ਜਾਣ ਬੁਝ ਕੇ ਹਰ ਵਰ੍ਹੇ ਕਿਤਾਬ ਦਾ ਇਕ ਅੱਧਾ ਚੈਪਟਰ ਪਬਲਿਸ਼ਰ ਤੋ ਅੱਗੇ ਪਿੱਛੇ ਕਰਵਾ ਕੇ ਸਲੇਬਸ ਬਦਲਣ ਦਾ ਬਹਾਨਾ ਬਣਾ ਦਿੱਤਾ ਜਾਂਦਾ ਹੈ ਤਾਂ ਕੇ ਵਿਦਿਆਰਥੀ ਪੁਰਾਣੀਆਂ ਕਿਤਾਬਾਂ ਨਾ ਖ੍ਰੀਦ ਜਾ ਸਕਣ ।ਜਦ ਕੇ ਪੁਰਾਣੇ ਵਕਤਾਂ ਚ ਪਾਸ ਹੋਣ ਵਾਲੇ ਬੱਚੇ ਦੀਆਂ ਕਿਤਾਬਾਂ ਆਂਢ ਗੁਆਂਢ ਦਾ ਅਗਲਾ ਬੱਚਾ ਵਰਤ ਲੈਂਦਾ ਸੀ ।ਅੱਜ ਸਕੂਲ ਪ੍ਰਬੰਧਕਾਂ ਵੱਲੋਂ ਮਾਪਿਆਂ ਨੂੰ ਨਿਸ਼ਚਤ ਦੁਕਾਨਾਂ ਤੋ ਕਿਤਾਬਾਂ ਖ਼ਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ ।ਉਨਾਂ ਦੁਕਾਨਦਾਰਾਂ ਵੱਲੋਂ ਕਿਤਾਬਾਂ ਦੀਆਂ ਜੋ ਕੀਮਤਾ ਲਾਈਆਂ ਜਾਂਦੀਆਂ ਹਨ,ਉਹ ਪੁੱਛੋ ਕੁਝ ਨਾ ।ਕਿਉਂਕਿ ਮਾਮਲਾ ਕਮਿਸ਼ਨ ਦਾ ਹੁੰਦਾ ਹੈ ।ਸਭ ਤੋਂ ਸਿਤਮ ਵਾਲੀ ਗੱਲ ਤਾਂ ਇਹ ਵੇਖੋ ਕਿ ਪ੍ਰਾਈਵੇਟ ਸਕੂਲਾਂ ਦਾ ਬੋਰਡ ਇੱਕ ਹੈ (ਸੀਬੀਐੱਸਸੀ)ਪਰ ਸਕੂਲਾਂ ਚ ਕਿਤਾਬਾਂ ਵੱਖੋ ਵੱਖਰੀਆਂ ।ਦੋ ਸਕੂਲਾਂ ਦੀਆਂ ਕਿਤਾਬਾਂ ਇਕ ਦੂਜੇ ਨਾਲ ਨਹੀਂ ਮਿਲਦੀਆਂ ।ਇਸ ਦਾ ਮਤਲਬ ਇਹ ਹੋਇਆ ਕਿ ਬੋਰਡ ਦਾ ਕੋਈ ਸਿਲੇਬਸ ਹੀ ਨਹੀਂ ਹੈ ।ਇੱਥੇ ਹੀ ਬਸ ਨਹੀਂ ,ਵਰਦੀਆਂ ਚ ਵੀ ਸਕੂਲ ਪ੍ਰਬੰਧਕ ਘੱਟੋ ਘਟ 100ਰੁਪਏ ਪ੍ਰਤੀ ਵਰਦੀ ਸਿੱਧਾ ਕਮਿਸ਼ਨ ਖਾਂਦੇ ਹਨ ।ਕਿਉਂਕਿ ਬੱਚਿਆਂ ਨੂੰ ਸਕੂਲ ਵਰਦੀ ਵੀ ਨਿਸ਼ਿਚਤ ਦੁਕਾਨ ਤੋ ਖ਼ਰੀਦਣ ਨੂੰ ਹੀ ਕਿਹਾ ਜਾਂਦਾ ਹੈ ।ਸਕੂਲ ਦਾ ਲੋਗੋ ਲੱਗਾ ਹੋਣ ਕਰਕੇ ਤੁਸੀਂ ਹੋਰ ਦੁਕਾਨ ਤੋ ਵਰਦੀ ਨਹੀਂ ਖਰੀਦ ਸਕਦੇ ।ਇਸ ਤਰਾਂ ਸਕੂਲ ਪਰਬੰਧਕਾਂ ਨੂੰ ਢਾਈ ਅਰਬ ਦੇ ਕਰੀਬ ਵਰਦੀਆਂ ਚੋ ਕਮਿਸ਼ਨ ਮਿਲਦਾ ਹੈ ।ਇਸ ਤੋ ਅੱਗੇ ਐਡਮਿਸ਼ਨ ਫੀਸ ਤੇ ਸਲਾਨਾ ਫੰਡਾਂ ਦੀ ਪੰਡ ਵੱਖਰੀ ਹੈ ।ਐਡਮਿਸ਼ਨ ਦੇ ਨਾਂ ਤੇ ਹਰ ਸਾਲ ਮਾਪਿਆਂ ਦੀਆਂ ਜੇਬਾਂ ਕੁਤਰਦਿਆਂ 8 ਤੋ 10 ਹਜ਼ਾਰ ਮੁੜ ਕੱਢ ਲਏ ਜਾਂਦੇ ਹਨ ।ਜਦ ਕਿ ਇਕ ਵਾਰ ਦਾਖਲ ਹੋਏ ਬੱਚੇ ਤੋਂ ਦੁਬਾਰਾ ਨਵੇ ਸਾਲ ਦਾਖਲਾ ਲੈਣ ਦੀ ਕੋਈ ਤੁੱਕ ਨਹੀਂ ਬਣਦੀ ।ਹਾਂ ਮਹੀਨੇਵਾਰ ਫੀਸ ਤੇ ਕੁਝ ਕੁ ਫੰਡ ਲੈਣੇ ਹੀ ਜਾਇਜ਼ ਬਣਦੇ ਹਨ ।ਪਰ ਸਕੂਲਾਂ ਵੱਲੋਂ ਹਰ ਸਾਲ ਨਵੇਂ ਸਿਰੇ ਤੋਂ ਬਹੁਤ ਸਾਰੇ ਫੰਡ ਜਿਵੇਂ ਬਿਲਡਿੰਗ ਫੰਡ ,ਸਪੋਰਟਸ ਫੰਡ ਆਦੀ ਉਗਰਾਹੇ ਜਾਂਦੇ ਹਨ ।ਇਸ ਦੇ ਬਾਵਜੂਦ ਸਰਕਾਰ ਮੂਕ ਦਰਸ਼ਕ ਬਣੀ ਸਭ ਕੁਝ ਵੇਖ ਰਹੀ ਹੈ ।ਮੁੱਖ ਮੰਤਰੀ ਦੇ ਹੁਕਮਾ ਨੂੰ ਸਕੂਲਾਂ ਵਾਲੇ ਟਿੱਚ ਜਾਣਦੇ ਹਨ ।ਜਿਸ ਤਹਿਤ ਤਿੰਨ ਦੁਕਾਨਦਾਰਾਂ ਦੀ ਸੂਚੀ ਸਕੂਲ ਅੱਗੇ ਲਾਉਣੀ ਲਾਜ਼ਮੀ ਹੈ ।ਪਰ ਕਿਸੇ ਸਕੂਲ ਵੱਲੋਂ ਇਹ ਸੂਚੀ ਨਹੀਂ ਲਾਈ ਜਾਂਦੀ ।ਕੋਈ ਸਮਾਂ ਸੀ ਜਦੋ ਪੜ੍ਹਾਈ ਸਕੂਲ ਚ ਤੇ ਕਿਤਾਬਾਂ ਬਜਾਰ ਚੋਣ ਮਿਲਦੀਆਂ ਸਨ ।ਪਰ ਅੱਜ ਕਿਤਾਬਾਂ ਸਕੂਲਾਂ ਚੋਂ ਤੇ ਪੜ੍ਹਾਈ ਬਜਾਰ ਚ ਵਿਕਦੀ ਹੈ।




ਚੰਗੀ ਸਿੱਖਿਆ ਦਿਵਾਉਣ ਦੇ ਨਾਂ ਤੇ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਚ ਪੜ੍ਹਾਉਣ ਦੀ ਜਗ੍ਹਾ ਪ੍ਰਾਈਵੇਟ ਸਕੂਲਾਂ ਨੂੰ ਤਰਜੀਹ ਦਿੰਦੇ ਹਨ ।ਜਦ ਕੇ ਸਰਕਾਰੀ ਸਕੂਲਾਂ ਚ ਘੱਟ ਫੀਸ ਤੇ ਮੁਫ਼ਤ ਕਿਤਾਬਾਂ ਦੀ ਸਹੂਲਤ ਉਪਲੱਬਧ ਹੈ ।ਮਾਪਿਆਂ ਦੀ ਆਰਥਕ ਲੁੱਟ ਦੀ ਇੱਕ ਵਜ੍ਹਾ ਪ੍ਰਾਈਵੇਟ ਸਕੂਲਾਂ ਨੂੰ ਤਰਜੀਹ ਦੇਣਾ ਵੀ ਹੈ ।ਮਤਲਬ ਕੇ ਮਾਪੇ ਵੀ ਕੁੱਝ ਹੱਦ ਤੱਕ ਆਪਣੀ ਆਰਥਕ ਲੁੱਟ ਲਈ ਖੁਦ ਜਿੰਮੇਵਾਰ ਹਨ ।ਜਦ ਕੇ ਟੀਚਰ ਘੱਟ ਤਨਖਾਹਾਂ ਉੱਤੇ ਰੱਖ ਕੇ ਉਨਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ ।ਕੁਝ ਸਕੂਲ ਤਾਂ ਪੂਰੀ ਯੋਗਤਾ ਵਾਲੇ ਟੀਚਰ ਵੀ ਨਹੀਂ ਰੱਖਦੇ ।ਮਤਲਬ ਕੇ ਮਿਆਰੀ ਸਿੱਖਿਆ ਦੇ ਨਾਂ ਤੇ ਸਿੱਖਿਆ ਦਾ ਘਾਣ ਕੀਤਾ ਜਾ ਰਿਹਾ ਹੈ ।ਇਹ ਇੱਕ ਵੱਡਾ ਸਕੈਂਡਲ ਹੈ ।ਜਿਸ ਵੱਲ ਸਰਕਾਰ ਨੂੰ ਧਿਆਨ ਦੇਣ ਦੀ ਜਰੂਰਤ ਹੈ ।ਪ੍ਰਾਈਵੇਟ ਸਕੂਲਾਂ ਵੱਲੋਂ ਲਈਆਂ ਜਾਂਦੀਆਂ ਫ਼ੀਸਾਂ ਤੇ ਨਿਸ਼ਚਤ ਜਗ੍ਹਾ ਤੋ ਹੀ ਕਿਤਾਬਾਂ ਖ਼ਰੀਦਣ ਲਈ ਮਾਪਿਆਂ ਨੂੰ ਮਜਬੂਰ ਕੀਤੇ ਜਾਣ ਨੂੰ ਲੈ ਕੇ ਮੁੱਖ ਮੰਤਰੀ ਵੱਲੋਂ ਜਾਰੀ ਹੁਕਮਾਂ ਨੂੰ ਲਾਗੂ ਕਰਵਾਉਣ ਵਾਸਤੇ ਸਖ਼ਤ ਕਦਮ ਚੁੱਕਣ ਦੀ ਜਰੂਰਤ ਹੈ ।ਕਿਉਂਕਿ ਢੇਰ ਸਾਰੀਆਂ ਫ਼ੀਸਾਂ ਤੇ ਮਹਿੰਗੀਆਂ ਕਾਪੀਆਂ ਕਿਤਾਬਾਂ ਤੇ ਫੰਡ ਉਗਰਾਹ ਕੇ ਪ੍ਰਾਈਵੇਟ ਸਕੂਲਾਂ ਵਲੋਂ ਬੱਚਿਆਂ ਤੋ ਸਿੱਖਿਆ ਦਾ ਅਧਿਕਾਰ ਖੋਹਿਆ ਜਾ ਰਿਹਾ ਹੈ ।ਜੋ ਗੈਰ ਕਾਨੂੰਨੀ ਹੀ ਨਹੀਂ ਸਗੋਂ ਮਾਪਿਆ ਦੀ ਲੁੱਟ ਖਸੁੱਟ ਤੇ ਆਰਥਕ ਸ਼ੋਸ਼ਣ ਵੀ ਹੈ ।ਜਿਸ ਉੱਤੇ ਲਗਾਮ ਲੱਗਣੀ ਬੇਹੱਦ ਜਰੂਰੀ ਹੈ ।ਸਰਕਾਰੀ ਸਕੂਲਾਂ ਵਾਂਗ ਪ੍ਰਾਈਵੇਟ ਸਕੂਲਾਂ ਦੀਆਂ ਫ਼ੀਸਾਂ ਤੇ ਕਿਤਾਬਾਂ ਦੀਆਂ ਕੀਮਤਾਂ ਨਿਸ਼ਚਤ ਕੀਤੀਆਂ ਜਾਣੀਆਂ ਚਾਹੀਦੀਆਂ ਹਨ ਤੇ ਬੇਲੋੜੇ ਫੰਡ ਬੰਦ ਕਰਵਾ ਕੇ ਸਕੂਲਾਂ ਦੇ ਆਡਿਟ ਕੀਤੇ ਜਾਣ ਦੀ ਜਰੂਰਤ ਹੈ ਤਾਂ ਜੋ ਮਾਪਿਆਂ ਦੀ ਹੋ ਰਹੀ ਲੁੱਟ ਕਸੁੱਟ ਨੂੰ ਰੋਕਿਆ ਜਾ ਸਕੇ ਤੇ ਮਿਆਰੀ ਸਿੱਖਿਆ ਮੁੱਹਈਆ ਕਾਰਵਾਈ ਜਾ ਸਕੇ।

**-ਅਜੀਤ ਖੰਨਾ ( ਲੈਕਚਰਾਰ )**

ਬਾਬਾ ਸੁਰਜੀਤ ਸਿੰਘ ਘਨੂੰੜਕੀ ਦੇ ਭੁਝੰਗੀ

# ਹਰਮਨਜੋਤ ਸਿੰਘ ਨੇ ਸਟੱਡੀ ਕੀਤੀ ਪੂਰੀ

## ਅਕੈਡਮੀ ਵੱਲੋਂ ਦਿੱਤੀ ਗਈ ਵਿਦਾਇਗੀ, ਧਾਰਮਿਕ, ਸਿਆਸੀ ਅਤੇ ਹੋਰ ਪ੍ਰਮੁਖ ਸ਼ਖਸੀਅਤਾਂ ਵੱਲੋਂ ਪਰਿਵਾਰ ਨੂੰ ਵਧਾਈਆਂ









ਸਾਹਿਬਜ਼ਾਦਾ ਅਜੀਤ ਸਿੰਘ ਜੀ ਅਕੈਡਮੀ ਰੋਪੜ ਵਿਖੇ ਭਾਈ ਹਰਮਨਜੋਤ ਸਿੰਘ ਖਾਲਸਾ ਦੀ ਸਟੱਡੀ ਪੂਰੀ ਹੋਣ ਤੇ ਸਮੂਹ ਸਟਾਫ ਅਤੇ ਵਿਦਿਆਰਥੀਆ ਨੇ ਭਾਈ ਸਾਹਿਬ ਨੂੰ ਨਿੱਘੀ ਵਿਦਾਈ ਦਿੱਤੀ ਕਿਉਕਿ ਪੂਰੇ ਦੇ ਹੈਡ ਬੁਆਏ ਅਤੇ ਟੌਪਰ ਹਨ ਭਾਈ ਸਾਹਿਬ ਜੀ ਨਾਲ ਹਨ ਬਾਬਾ ਜੀ ਘਨੂੰੜਕੀ ਵਾਲੇ ਧੰਨਵਾਦ।



ਭਾਈ ਰਘਵੀਰ ਸਿੰਘ ਵਾਲਸਾਲ, ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਅਤੇ ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਸਾਹਿਬਜ਼ਾਦਾ ਅਜੀਤ ਸਿੰਘ ਜੀ ਅਕੈਡਮੀ ਰੋਪੜ ਵਿਖੇ ਭਾਈ ਹਰਮਨਜੋਤ ਸਿੰਘ ਖਾਲਸਾ ਦੀ ਸਟੱਡੀ ਪੂਰੀ ਹੋਣ 'ਤੇ ਬਾਬਾ ਸੁਰਜੀਤ ਸਿੰਘ ਘਨੂੰੜਕੀ ਅਤੇ ਸਮੂਹ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਵਾਹਿਗੁਰੂ ਪਾਸ ਅਰਦਾਸ ਕੀਤੀ ਕਿ ਹਰਮਨਜੋਤ ਸਿੰਘ ਖਾਲਸਾ ਜ਼ਿੰਦਗੀ 'ਚ ਤਰੱਕੀ ਕਰੇ ਅਤੇ ਆਪਣੇ ਮਾਤਾ-ਪਿਤਾ ਦਾ ਨਾਂ ਰੌਸ਼ਨ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਖ਼ਾਲਿਸਤਾਨੀ/ਪੰਥਕ ਜਥੇਬੰਦੀਆਂ ਵੱਲੋਂ

# ਬੀਬੀ ਭਾਗ ਕੌਰ ਦੀ ਵਾਰਸ ਐਵਾਰਡ ਨਾਲ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਦਾ ਵਿਸ਼ੇਸ਼ ਸਨਮਾਨ



**ਅੰਮ੍ਰਿਤਸਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਖ਼ਾਲਿਸਤਾਨ ਲਿਬਰੇਸ਼ਨ ਆਰਗੇਨਾਈਜੇਸ਼ਨ ਦੇ ਮੁਖੀ ਅਤੇ ਖ਼ਾਲਿਸਤਾਨ ਆਰਮਡ ਫੋਰਸ ਦੇ ਲੈਫਟੀਨੈਂਟ ਜਨਰਲ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਉਰਫ਼ ਬਾਬਾ ਨੰਦ ਦੀ ਯਾਦ 'ਚ ਪਿੰਡ ਤੁਗਲਵਾਲਾ, ਜ਼ਿਲ੍ਹਾ ਗੁਰਦਾਸਪੁਰ ਵਿਖੇ ਸ਼ਹੀਦੀ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਖ਼ਾਲਿਸਤਾਨੀ/ਪੰਥਕ ਜਥੇਬੰਦੀਆਂ ਵੱਲੋਂ ਸ਼ਹੀਦ ਭਾਈ ਪਰਮਜੀਤ ਸਿੰਘ ਤੁਗਲਵਾਲਾ ਦੀ ਸੁਪਤਨੀ ਜੁਝਾਰੂ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਨੂੰ ਬੀਬੀ ਭਾਗ ਕੌਰ ਦੀ ਵਾਰਸ ਐਵਾਰਡ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਜ਼ਿੰਦਾਬਾਦ, ਸ਼ਹੀਦ ਭਾਈ ਅਮਰੀਕ ਸਿੰਘ ਜ਼ਿੰਦਾਬਾਦ, ਰਾਜ ਕਰੇਗਾ ਖ਼ਾਲਸਾ, ਪੰਥ ਕੀ ਜੀਤ, ਖ਼ਾਲਿਸਤਾਨ ਜ਼ਿੰਦਾਬਾਦ, ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਜ਼ਿੰਦਾਬਾਦ, ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ, ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦਿਵਾਂਗੇ ਠੋਕ ਕੇ ਆਦਿਕ ਨਾਅਰੇ ਵੀ ਲੱਗੇ। ਬੀਬੀ ਕੁਲਵਿੰਦਰ ਕੌਰ ਖ਼ਾਲਸਾ ਨੂੰ ਇਹ ਸਨਮਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਵੱਲੋਂ ਕਾਰਜਕਾਰੀ ਪ੍ਰਧਾਨ ਭਾਈ ਇਮਾਨ ਸਿੰਘ ਮਾਨ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਦਲ ਖ਼ਾਲਸਾ ਦੇ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ, ਭਾਈ ਦਲਜੀਤ ਸਿੰਘ ਬਿੱਟੂ ਵੱਲੋਂ ਪੰਥ ਸੇਵਕ ਜਥਾ ਮਾਝਾ ਦੇ ਆਗੂ ਭਾਈ ਸੁਖਦੀਪ ਸਿੰਘ ਮੀਕੇ, ਆਵਾਜ਼ ਏ ਕੌਮ ਜਥੇਬੰਦੀ ਦੇ ਆਗੂ ਭਾਈ ਨੋਬਲਜੀਤ ਸਿੰਘ ਬੁੱਲੋਵਾਲ, ਖ਼ਾਲਸਾ ਰਾਜ ਬੇਗਮਪੁਰਾ ਪਾਰਟੀ ਦੇ ਪ੍ਰਧਾਨ ਭਾਈ ਗੁਰਿੰਦਰ ਸਿੰਘ ਬਾਜਵਾ, ਮਾਨ ਦਲ ਦੇ ਜ਼ਿਲ੍ਹਾ ਪ੍ਰਧਾਨ ਭਾਈ ਗੁਰਬਚਨ ਸਿੰਘ ਪਵਾਰ, ਜਨਰਲ ਸਕੱਤਰ ਭਾਈ ਹਰਪਾਲ ਸਿੰਘ ਬਲੇਰ, ਯੂਥ ਵਿੰਗ ਦੇ ਪ੍ਰਧਾਨ ਭਾਈ ਜਸਵਿੰਦਰ ਸਿੰਘ ਕਾਹਨੂੰਵਾਨ, ਭਾਈ ਲਵਪ੍ਰੀਤ ਸਿੰਘ ਤੂਫ਼ਾਨ, ਫੈਡਰੇਸ਼ਨ ਦੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਇੰਟਰਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਕੋਚ ਭਾਈ ਲਖਬੀਰ ਸਿੰਘ ਖ਼ਾਲਸਾ ਟਾਂਡਾ, ਪੰਥਕ ਪੱਤਰਕਾਰ ਭਾਈ ਭੁਪਿੰਦਰ ਸਿੰਘ ਸੱਜਣ ਅਤੇ ਸ਼ਹੀਦ ਹਰਜਿੰਦਰ ਸਿੰਘ ਜਿੰਦਾ ਦੇ ਭੈਣ ਜੀ ਬੀਬੀ ਬਲਵਿੰਦਰ ਕੌਰ ਵੱਲੋਂ ਸਤਿਕਾਰ ਸਹਿਤ ਭੇਟ ਕੀਤਾ ਗਿਆ। ਫੈਡਰੇਸ਼ਨ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਜੋ ਜੂਨ 1984 ਤੋਂ ਪਹਿਲਾਂ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਇਸਤਰੀ ਵਿੰਗ ਦੀ ਪ੍ਰਧਾਨ ਸ਼ਹੀਦ ਬੀਬੀ ਉਪਕਾਰ ਕੌਰ ਅਤੇ ਦਲ ਖ਼ਾਲਸਾ ਦੇ ਆਗੂ ਸ਼ਹੀਦ ਭਾਈ ਗੁਰਬਚਨ ਸਿੰਘ ਖ਼ਾਲਸਾ ਨਾਲ ਸਰਗਰਮ ਰਹੇ, ਘੱਲੂਘਾਰੇ ਤੋਂ ਬਾਅਦ ਬੀਬੀ ਕੁਲਵਿੰਦਰ ਕੌਰ ਨੂੰ ਸੀ ਆਰ ਪੀ ਨੇ ਗ੍ਰਿਫ਼ਤਾਰ ਕਰ ਲਿਆ ਫਿਰ ਉਹ ਜੇਲ੍ਹਾਂ ਵਿੱਚ ਰਹੇ ਅਤੇ ਰਿਹਾਈ ਤੋਂ ਬਾਅਦ ਉਹਨਾਂ ਨੇ ਖ਼ਾਲਿਸਤਾਨ ਦੇ ਹਥਿਆਰਬੰਦ ਸੰਘਰਸ਼ ਵਿੱਚ ਆਪਣੇ ਪਤੀ ਨਾਲ ਡਟ ਕੇ ਸੇਵਾ ਕੀਤੀ। ਭਾਈ ਪਰਮਜੀਤ ਸਿੰਘ ਪੰਮਾ ਦੀ ਸ਼ਹਾਦਤ ਤੋਂ ਬਾਅਦ ਵੀ ਬੀਬੀ ਕੁਲਵਿੰਦਰ ਕੌਰ ਸੰਘਰਸ਼ਸ਼ੀਲ ਰਹੇ। ਉਹ ਇਸ ਸਮੇਂ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਗੁਰਦਾਸਪੁਰ ਯੂਨਿਟ ਦੀ ਇਸਤਰੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਹਨ ਅਤੇ ਦਲ ਖਾਲਸਾ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਤੇ ਹੋਰ ਹਮਖਿਆਲੀ ਜਥੇਬੰਦੀਆਂ ਨਾਲ ਵੀ ਪੰਥਕ ਸਫ਼ਾਂ ਵਿੱਚ ਵਿਚਰਦੇ ਹਨ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅਜਿਹੀਆਂ ਜੁਝਾਰੂ ਸਿੰਘਣੀਆਂ ਦੇ ਸਿੱਖੀ ਸਿਦਕ, ਸਿਰੜ, ਸੇਵਾ, ਘਾਲਣਾ, ਕੁਰਬਾਨੀ ਅਤੇ ਸੰਘਰਸ਼ ਨੂੰ ਪ੍ਰਣਾਮ ਹੈ।

### ਵਿਚਾਰ ਆਪੋ-ਆਪਣਾ

# ਬਾਦਲਾਂ ਦੀ ਬਦਮਾਸ਼ੀ ਅੱਜ ਵੀ ਕਾਇਮ-ਦਾਇਮ ਹੈ





ਤਖਤਾਂ ਦੇ ਜਥੇਦਾਰਾਂ ਨੂੰ ਜਥੇਦਾਰ ਬਣਾਉਣਾ ਹੋਵੇ ਜਾਂ ਜਥੇਦਾਰੀ ਦੇ ਅਹੁਦੇ ਤੋਂ ਹਟਾਉਣਾ ਹੋਵੇ ਇਹ ਅੱਜ ਵੀ ਬਾਦਲ ਪ੍ਰਾਈਵੇਟ ਲਿਮਿਟਿਡ ਕੰਪਨੀ ਦੇ ਹੱਥ ਵਿੱਚ ਹੈ ! ਭਾਈ ਕੁਲਦੀਪ ਸਿੰਘ ਗੜਗੱਜ ਨੂੰ ਕਾਰਜਕਾਰੀ ਜਥੇਦਾਰ ਬਣਾਉਣ ਤੋਂ ਪਹਿਲਾਂ ਵੀ ਅਤੇ ਬਾਅਦ ਵਿੱਚ ਵੀ ਅੰਤਾਂ ਦਾ ਵਿਰੋਧ ਹੋਇਆ ਪਰ ਬਾਦਲ ਕੰਪਨੀ ਟੱਸ ਤੋਂ ਮੱਸ ਨਹੀਂ ਹੋਈ , ਕਿਉਂਕਿ ਬਾਦਲਾਂ ਨੇ ਤਾਕਤ ਆਪਣੇ ਹੱਥ ਵਿੱਚ ਰੱਖੀ ਹੋਈ ਹੈ ! ਅੱਜ ਵੀ ਪੂਰੇ ਪੰਥ ਦੀ ਸਿਆਸਤ ਸੁਖਬੀਰ ਬਾਦਲ ਦੇ ਦੁਆਲੇ ਹੀ ਘੁੰਮਦੀ ਹੈ !ਅੱਜ ਗਿਆਰਾਂ ਅਪਰੈਲ ਹੈ ਅਤੇ ਅਨੁਮਾਨ ਅਨੁਸਾਰ ਅਕਾਲੀ ਦਲ ਬਾਦਲ ਦਾ ਅਗਲਾ ਪਰਧਾਨ ਵੀ ਤੇਰਾਂ ਚੌਦਾ ਅਪਰੈਲ ਤੱਕ ਦੁਬਾਰਾ ਸੁਖਬੀਰ ਬਾਦਲ ਹੀ ਬਣੇਗਾ ! ਹਰ ਸਿਆਣਾ ਇਨਸਾਨ ਪਿੱਛਲੀਆਂ ਗਲਤੀਆਂ ਤੋਂ ਕੁੱਝ ਨਾ ਕੁੱਝ ਸਿੱਖਦਾ ਹੈ ਤੇ ਬਾਦਲਾਂ ਜਿੰਨਾਂ ਸਿਆਣਾ ਤਾਂ ਕਾਂ ਵੀ ਨਹੀਂ ਹੋਣਾ ! ਸਿਆਸਤ ਵਿੱਚ ਤਾਂ ਇਹਨਾਂ ਨੂੰ ਪਰਕਾਸ਼ ਸਿੰਘ ਬਾਦਲ ਪੂਰਾ ਚੰਡ ਗਿਆ ਹੋਇਆ ! ਹੁਣ ਅਗਲਿਆਂ ਨੇ ਤਖਤ ਸ੍ਰੀ ਦਮਦਮਾ ਸਾਹਿਬ ਦਾ ਜਥੇਦਾਰ ਬਾਬਾ ਧਨੌਲੇ ਨੂੰ ਥਾਪਣ ਲੱਗਿਆਂ ਜੀਰੋ ਪ੍ਰਤੀਸ਼ਤ ਵੀ ਹਵਾ ਨਹੀਂ ਨਿੱਕਲਣ ਦਿੱਤੀ ! ਭਾਵੇਂ ਧਾਰਮਿਕ ਰਾਜਨੀਤਿਕ ਸਮਜਿਕ ਆਰਥਿਕ ਜਾਂ ਆਮ ਜਿੰਦਗੀ ਹੀ ਕਿਉਂ ਨਾ ਹੋਵੇ ਕੰਮ ਸਹੀ ਉਹ ਹੀ ਹੁੰਦਾ ਹੈ ਜੋ ਕਰਨ ਤੋਂ ਬਾਅਦ ਹੀ ਪਤਾ ਲੱਗੇ ! ਹੁਣ ਇਹ ਨਾ ਸਮਝ ਲੈਣਾ ਕਿ ਮੈਂ ਬਾਦਲਾਂ ਦੇ ਫੈਨ ਹੋ ਗਿਆਂ ਹਾਂ !ਪਰ ਇਹ ਬਾਦਲ ਮੁਸ਼ਟੰਡਾ ਦਲ ਚਲਾਕੀਆਂ ਵੀ ਕਰ ਰਿਹਾ ਹੈ ਤੇ ਉਹ ਵੀ ਰੱਬ ਦੇ ਘਰ ਨਾਲ , ਹਾਲ ਤਾਂ ਇਹਨਾਂ ਦਾ ਹੁਣ ਵੀ ਬਹੁਤਾ ਚੰਗਾ ਨਹੀਂ ਹੈ ਪਰ ਅੰਤ ਇਸ ਨਾਲੋਂ ਵੀ ਮਾੜਾ ਹੋਵੇਗਾ !ਬਾਕੀ ਸਾਰੀਆਂ ਸਿੱਖ ਜਥੇਬੰਦੀਆਂ ਸਮੇਤ ਨਿਹੰਗ ਜਥੇਬੰਦੀਆਂ ਨੇ ਸਿਆਣਪ ਇਹੀ ਕੀਤੀ ਕਿ ਭਰਾ ਮਾਰੂ ਜੰਗ ਨਹੀਂ ਕੀਤੀ ! ਅਸੀਂ ਤਾਂ ਖਾਲਸਾ ਜੀਓ ਆਪਣਾ ਆਜਾਦ ਦੇਸ਼ ਖਾਲਿਸਤਾਨ ਬਣਾਉਣ ਦੀ ਜੰਗ 1849 ਤੋਂ ਆਮ ਕਰਕੇ ਅਤੇ 1978 ਤੋਂ ਖਾਸ ਕਰਕੇ ਲੜ ਰਹੇ ਹਾਂ ! ਇਹ ਤਾਂ ਸਾਡੀ ਬਦਕਿਸਮਤੀ ਹੈ ਕਿ ਸਾਨੂੰ ਨਾਲ ਦੀ ਨਾਲ ਆਪਣਿਆਂ ਨਾਲ ਵੀ ਲੜਨਾ ਪੈ ਰਿਹਾ ਹੈ ! ਇਹੋ ਜਿਹੇ ਮੌਕੇ ਦੀਆਂ ਸਰਕਾਰਾਂ ਦੇ ਟੁਕੜਬੋਚ ਕੌਲੀ ਚੱਟ ਜੁੱਤੀ ਚੱਟ ਲੋਕ ਸ਼ੁਰੂ ਤੋਂ ਹੀ ਨਾਲੋ ਨਾਲ ਚੱਲੇ ਆ ਰਹੇ ਹਨ ! ਇਹਨਾਂ ਨੂੰ ਚੰਦ ਕੁ ਟਕੇ ਅਤੇ ਵਜੀਰੀਆਂ ਮਿਲ ਜਾਣ ਮੋਦੀ ਅਮਿੱਤ ਸ਼ਾਹ ਵਰਗਿਆਂ ਨਾਲ ਬੈਠਣ ਉੱਠਣ ਦਾ ਮੌਕਾ ਮਿਲ ਜਾਵੇ ਇਹ ਚਾਪਲੂਸ ਇੰਨੇ ਵਿੱਚ ਹੀ ਖੁਸ਼ ਰਹਿੰਦੇ ਹਨ ! ਅਤੇ ਇਹੋ ਜਿਹੇ ਪੂਛ ਹਲਾਉਣ ਵਾਲੇ ਕੁੱਤਿਆਂ ਦੀ ਸਰਕਾਰਾਂ ਨੂੰ ਹਰ ਸਮੇਂ ਲੋੜ ਰਹਿੰਦੀ ਹੈ ! ਇਹ ਦੋ ਮੂੰਹੇਂ ਸੱਪਾਂ ਵਰਗੇ ਹੁੰਦੇ ਹਨ ਪੰਥ ਵੱਲ ਆ ਗਏ ਤਾਂ ਪੰਥ ਦੇ ਗੁਣ ਗਾਇਨ ਕਰਨੇ ਸਰਕਾਰੇ ਦਰਬਾਰੇ ਚਲੇ ਗਏ ਤਾਂ ਇਹਨਾਂ ਨੇ ਉੱਹਨਾਂ ਦੀਆਂ ਤਲੀਆਂ ਨੂੰ ਜੀਭ ਮਾਰੀ ਜਾਣੀ ਹੈ !ਪੰਥ ਤਾਂ ਖੜ੍ਹਾ ਹੈ ਮਰਜੀਵੜਿਆਂ ਦੇ ਸਿਰ ਉੱਤੇ ਜਿਹਨਾਂ ਨੇ ਭਾਰਤ ਅਤੇ ਪੰਜਾਬ ਵਿੱਚ ਵੀ ਅਤੇ ਵਿਦੇਸ਼ਾਂ ਵਿੱਚ ਵੀ ਮੋਦੀ ਅਤੇ ਅਮਿੱਤ ਸ਼ਾਹ ਵਰਗੇ ਰਜਿਸਟਰਡ ਗੁੰਡਿਆਂ ਦੇ ਨਾਲ ਮੱਥਾ ਲਾਇਆ ਹੋਇਆ !ਤੇ ਇਹੋ ਜਿਹੇ ਮਰਜੀਵੜਿਆਂ ਦੀ ਗਿਣਤੀ ਬਹੁਤ ਨਹੀਂ ਹੋਇਆ ਕਰਦੀ , ਅੱਜ ਵੀ ਗਿਣਤੀ ਦਸ ਪੰਦਰਾਂ ਵੀਹ ਕੁ ਹੋਣੇ ਨੇ ਤੇ ਗਦਾਰ ਜੁੰਡਲੀ ਦੇ ਵੀ ਰਲਾ ਮਿਲਾ ਕੇ ਇੰਨੇ ਕੁ ਹੀ ਹਨ ਬਾਕੀ ਤਾਂ ਇਹਨਾਂ ਬਾਦਲਾਂ ਦੇ ਮਗਰ ਹੂ ਹੂ ਕਰਨ ਵਾਲੇ ਹੀ ਹਨ ! ਇਤਿਹਾਸ ਵਿੱਚ ਨਾਮ ਲਿਖੇ ਜਾਣਗੇ ਉੱਹਨਾਂ ਦੇ ਜ਼ਿਹਨਾਂ ਨੇ ਹਿਮਾਚਲ ਦੇ ਗੁੰਡਿਆਂ ਦੇ ਬੁਥਾੜੇ ਭੰਨੇ ਜਿਹੜੇ ਕਹਿੰਦੇ ਸੀ ਭਿੰਡਰਾਂਵਾਲੇ ਸੰਤਾਂ ਦੀ ਫੋਟੋ ਅਤੇ ਖਾਲਿਸਤਾਨ ਦਾ ਝੰਡਾ ਨਹੀਂ ਹਿਮਾਚਲ ਵਿੱਚ ਲੱਗਣ ਦੇਣਾ ! ਉੱਹ ਕੱਲ੍ਹ ਦੀ ਭੂਤਨੀ ਤੇ ਸਿਵਿਆਂ ਵਿੱਚ ਅੱਧ ? ਹਿਮਾਚਲ ਸਾਡਾ ਹਰਿਆਣਾ ਸਾਡਾ ਰਾਜਸਥਨ ਸਾਡਾ ਦਿੱਲੀ ਦੀ ਸਰ ਜਮੀਨ ਦੀ ਰਜਿਸਟਰੀ ਅੱਜ ਵੀ ਸਿੱਖਾਂ ਦੇ ਨਾਮ ਬੋਲਦੀ ਹੈ , ਸੌ ਚੋਂ ਤਰੱਨਵੇਂ ਸਿਰ ਅਸੀਂ ਦਿਤੇ ਏਸ ਹਿੰਦੋਸਤਾਨ ਲਈ , ਹਿਸਾਬ ਕਿਤਾਬ ਕਰੋਗੇ ਮੇਜ ਤੇ ਬੈਠ ਕੇ ਸੱਤ ਪ੍ਰਤੀਸ਼ਤ ਹੀ ਮਿਲਣਾ ਹੈ ਹਿੰਦੋਸਤਾਨ , ਬਾਕੀ ਦਾ ਤਰੱਨਵੇਂ ਪ੍ਰਤੀਸ਼ਤ ਸਾਡਾ ਹੈ , ਉੱਹ ਜਿਹੜੀ ਮਰਜੀ ਪਹਾੜੀ ਪਹੂੜੀ ਲੈ ਲਿਓ ! ਉੱਹ ਨਕਲੀ ਅਕਾਲੀਓ ਅਤੇ ਜਨੂੰਨੀ ਅਤੇ ਕੱਟੜਵਾਦੀ ਅਮਨ ਸੂਦ ਵਰਗੇ ਹਿੰਦੂਓ ਸਾਡੇ ਸਬਰ ਨੂੰ ਹੋਰ ਨਾਂ ਪਰਖੋ , ਕਿਸੇ ਸਮੇਂ ਅੱਸੀਂ ਸਾਲਾਂ ਦੇ ਬਾਬੇ ਦੀਪ ਸਿੰਘ ਨੂੰ ਕਲਮ ਛੱਡ ਕੇ ਖੰਡਾ ਚੁੱਕਣਾ ਪੈ ਗਿਆ ਸੀ , ਅਤੇ ਉੱਹ ਇਤਿਹਾਸ ਦੁਬਾਰਾ ਵੀ ਦੁਹਰਿਆ ਜਾ ਸਕਦਾ ਹੈ ! ਬਾਕੀ ਮੈਂ ਤਾਂ ਨਹੀਂ ਕਹਿੰਦਾ ਪਰ ਸਿਆਣੇ ਕਹਿੰਦੇ ਹੁੰਦੇ ਨੇ ਕਿ ਅੱਤ ਖੁਦਾ ਦਾ ਵੈਰ ਹੁੰਦਾ ਹੈ , ਜਦੋਂ ਜਦੋਂ ਵੀ ਕਿਸੇ ਨੇ ਅੱਤ ਚੁੱਕੀ ਹੈ ਤੇ ਖੁਦਾ ਨੇ ਆਪਣੇ ਦੂਤ ਭੇਜ ਕੇ ਉੱਸ ਅੱਤ ਚੁੱਕਣ ਵਾਲੇ ਦਾ ਅੰਤ ਕਰਵਾਇਆ ਹੈ ! ਬਾਕੀ ਖਾਲਸਾ ਕੌਮ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਗੁਰੂ ਵਾਲੇ ਬਣੋ , ਖੰਡੇ ਦੀ ਪਾਹੁਲ ਛਕੋ ਅਤੇ ਸ਼ਸਤਰਧਾਰੀ ਹੋਵੋ , ਫਿਰ ਕਿਸੇ ਵੀ ਗੁੱਲੀ ਰਾਮ ਛੱਲੀ ਰਾਮ ਦੀ ਜੁਰਅੱਤ ਨਹੀਂ ਪਵੇਗੀ ਕਿ ਤੁਹਾਡੀ ਦਸਤਾਰ ਜਾਂ ਚੁੰਨੀ ਨੂੰ ਕੋਈ ਹੱਥ ਪਾਵੇ ਜੀ ! ਭੁੱਲਾਂ ਚੁੱਕਾਂ ਦੀ ਖਿਮਾ ਬਖਸ਼ਣੀ।

**- ਹਰਪ੍ਰੀਤ ਸਿੰਘ ਪੰਮਾ (ਅਸਟਰੀਆ)**

# ਗੁਰ ਸ਼ਬਦ ਦੇ ਅਭਿਆਸੀ ਜੀਊੜੇ- ਭਾਈ ਸਾਹਿਬ ਭਾਈ ਰਣਧੀਰ ਸਿੰਘ

### ਬਰਸੀ 'ਤੇ ਵਿਸ਼ੇਸ਼

ਰੱਬੀ ਰੰਗ ਵਿੱਚ ਰੰਗੀ ਪਵਿੱਤਰ ਆਤਮਾ, ਬਹੁੱਖੀ ਸ਼ਖ਼ਸੀਅਤ ਦੇ ਮਾਲਕ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਗੁਰਬ ਸ਼ਬਦ ਦੇ ਅਭਿਆਜੀਤ ਜੀਊੜੇ ਸਨ। ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦੀ ਆਤਮਿਕ ਖੁਰਾਕ ਸੀ। ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦਾ ਅਟੁੱਟ ਅੰਗ ਬਣ ਚੁੱਕਾ ਸੀ। ਰੱਬੀ ਪ੍ਰੇਮ ਵਿੱਚ ਜਦੋਂ ਉਨ੍ਹਾਂ ਦੀ ਆਤਮਾ ਬੋਲਦੀ ਸ ਉਦੋਂ ਅਨੇਕਾਂ ਰੱਬੀ ਰੰਗ ਵਿੱਚ ਰੰਗੀਆਂ ਆਤਮਾਵਾਂ ਅੰਦਰੋਂ ਵੀ ਗੁਰ ਸ਼ਬਦ ਦੀ ਹੂਕ ਸੁਣਾਈ ਦਿੰਦੀ ਸੀ। ਸਮੁੱਚਾ ਸਿੱਖ ਜਗਤ ਉਨ੍ਹਾਂ ਨੂੰ ਇਸ ਕਰਕੇ ਸਤਿਕਾਰ ਦਿੰਦਾ ਸੀ ਕਿ ਉਹ ਇੱਕੋਂ ਸਮੇਂ ਕੌਮੀ ਦਰਦ ਨਾਲ ਓਤ-ਪੋਤ ਦੇਸ਼ ਭਗਤ, ਸੰਤ ਕਵੀ, ਗੁਰਬਾਣੀ ਦੇ ਵਿਆਖਿਆਕਾਰ ਹੋਣ ਦੇ ਨਾਲ-ਨਾਲ ਸਮੇਂ ਦੀ ਬਰਤਾਨਵੀ ਹਕੂਮਤ ਨੂੰ ਵੰਗਾਰਨ ਵਾਲੇ ਗਦਰੀ ਬਾਬਿਆਂ ਦੇ ਸਾਥੀ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ ਗੁਰਸਿੱਖ ਸਨ।

ਭਾਈ ਸਾਹਿਬ ਦਾ ਜਨਮ 7 ਜੁਲਾਈ 1878 ਈ. ਨੂੰ ਪਿੰਡ ਨਾਰੰਗਵਾਲ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ੍ਰ. ਨੱਥਾ ਸਿੰਘ ਅਤੇ ਮਾਤਾ ਪੰਜਾਬ ਕੌਰ ਦੇ ਗ੍ਰਹਿ ਵਿਖੇ ਹੋਇਆ। ਆਪ ਜੀ ਨੇ ਮੁੱਢਲੀ ਸਿੱਖਿਆ ਨਾਭੇ ਤੋਂ ਹਾਸਲ ਕੀਤੀ। ਉਚੇਰੀ ਸਿੱਖਿਆ ਨਾਭੇ ਤੋਂ ਹਾਸਲ ਕੀਤੀ। ਉਚੇਰੀ ਸਿੱਖਿਆ ਵਾਸਤੇ ਸਰਕਾਰੀ ਕਾਲਜ ਲਾਹੌਰ ਵਿਖੇ ਦਾਖਲਾ ਲਿਆ। ਕਾਲਜ ਵਿੱਚ ਪੜ੍ਹਦਿਆਂ ਭਰ ਜਵਾਨੀ ਦੇ ਦਿਨਾਂ ਵਿੱਚ ਰੰਬੀ ਰੰਗ ਵਿੱਚ ਰੰਗੇ ਗਏ। ਅਜਿਹਾ ਮਜੀਠਾ ਰੰਗ ਚੜ੍ਹਿਆ ਜਿਸ ਨਾਲ ਉਨ੍ਹਾਂ ਦੀ ਆਤਮਾ ਰੰਗੀ ਗਈ। 22 ਸਾਲ ਦੀ ਉਮਰ ਵਿੱਚ ਗ੍ਰੈਜੂਏਸ਼ਨ ਕਰਕੇ ਜਦੋਂ ਅਜੇ ਜੀਵਨ ਸਫਰ ਦੀ ਆਰੰਭਤਾ ਕਰਨੀ ਸੀ ਉਸ ਸਮੇਂ ਪੰਜਾਬ ਵਿੱਚ ਪਲੇਗ ਦੀ ਭਿਆਨਕ ਮਹਾਂਮਾਰੀ ਫੈਲ ਗਈ। 1902 ਈ. ਵਿੱਚ ਪਲੇਗ ਦੀ ਮਹਾਂਮਾਰੀ ਨੂੰ ਕਾਬੂ ਕਰਨ ਲਈ ਅੰਗ੍ਰੇਜ਼ੀ ਹਕੂਮਤ ਨੇ ਇੰਗਲੈਂਡ ਤੋਂ ਆਏ ਡਾ. ਫਿਸ਼ਰ ਨਾਲ ਭਾਈ ਸਾਹਿਬ ਨਾਇਬ-ਤਹਿਸੁਲਦਾਰ ਨਿਯੁਕਤ ਹੋਏ। ਜਦੋਂ ਪੇਲਗ ਵਰਗੀ ਬਿਮਾਰੀ ਦਾ ਹਮਲਾ ਖਤਮ ਹੋਇਆ ਤਾਂ ਸਰਕਾਰ ਨੇ ਇਸ ਮਹਿਕਮੇ ਨੂੰ ਖਤਮ ਕਰਕੇ ਭਾਈ ਸਾਹਿਬ ਨੂੰ ਕਿਸੇ ਹੋਰ ਮਹਿਕਮੇ ਵਿੱਚ ਤਬਦੀਲ ਕਰਨ ਦੀ ਵਿਚਾਰ ਕੀਤੀ। ਪਰ ਭਾਈ ਸਾਹਿਬ ਨੇ ਇਸ ਗੱਲ ਤੋਂ ਇਨਕਾਰ ਕਰਦਿਆਂ ਪੂਰਨ ਰੂਪ ਵਿੱਚ ਗੁਰਮਤਿ ਸਿਧਾਂਤਾਂ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਦਾ ਮਨ ਬਣਾ ਲਿਆ। ਉਨ੍ਹਾਂ ਵੇਖਿਆ ਪੰਜਾਬ ਦੇ ਲੋਕਾਂ ਨੂੰ ਗੁਰੂ ਸਾਹਿਬਾਨ ਦੀ ਫਿਲਾਸਫੀ ਤੇ ਗੁਰ ਸ਼ਬਦ ਨਾਲ ਜੋੜਨ ਤੋਂ ਬਿਨਾਂ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਤਬਦੀਲੀ ਨਹੀਂ ਆ ਸਕਦੀ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਇਸ ਤੋਂ ਛੇਤੀ ਪਿੱਛੋਂ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਸਰਬਲੋਹ ਦੇ ਧਾਰਨੀ ਬਣਕੇ ਬਿਬੇਕੀ ਜੀਵਨ ਆਰੰਭ ਕਰ ਦਿੱਤਾ। ਇਸ ਤੋਂ ਪਿੱਛੋਂ ਕੁਝ ਸਮਾਂ ਜੀਵਨ ਨਿਰਬਾਹ ਲਈ ਐਬਟਾਬਾਦ (ਪਾਕਿਸਤਾਨ) ਵਿੱਚ ਹੈਡ ਕਲਰਕ ਅਤੇ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਸੁਪਰਡੈਂਟ ਵਜੋਂ ਵੀ ਸੇਵਾ ਨਿਭਾਈ, ਪਰ ਸਿੱਖ ਧਰਮ ਦੇ ਪ੍ਰਚਾਰ ਲਈ ਹਿਰਦੇ ਵਿੱਚ ਅਥਾਹ ਪ੍ਰੇਮ ਸੀ, ਉਹ ਨਹੀਂ ਸੀ ਚਾਹੁੰਦੇ ਕਿ ਸਿੱਖ ਸਰਦਾਰ ਬਰਤਾਨ ਵੀ ਹਕੂਮਤ ਦੇ ਹੱਥਾਂ ਵਿੱਚ ਖੇਡਣ, ਹੁਣ ਉਨ੍ਹਾਂ ਧਰਮ ਦੇ ਪ੍ਰਚਾਰ ਲਈ ਕਮਰਕੱਸਾ ਕਰ ਲਿਆ।

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ-ਮਹੱਲੇ ਦੇ ਪਾਵਨ ਅਵਸਰ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਦੇ ਨੇੜੇ ਹੋਣ ਵਾਲੇ ਨਾਚ ਗਾਣੇ ਤੇ ਮੁਜਰੇ ਉਨ੍ਹਾਂ ਬੰਦ ਕਰਵਾ ਦਿੱਤੇ। ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਨੂੰ ਮਹੰਤਾਂ ਦੇ ਪ੍ਰਬੰਧ ਤੋਂ ਮੁਕਤੀ ਦਿਵਾਈ। 1914 ਈ. ਵਿੱਚ ਅੰਗਰੇਜ਼ ਹਕੂਮਤ ਵੱਲੋਂ ਵਾਇਸਰਾਏ ਭਵਨ ਦੇ ਵਿਸਥਾਰ ਲਈ ਸਿੱਖ ਸੰਗਤ ਤੋਂ ਪੁੱਛੇ ਬਿਨਾਂ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਿੱਲੀ ਦੀ ਕੰਧ ਨੂੰ ਢਾਹੇ ਜਾਣ ਅਤੇ ਕਾਮਾਗਾਟਾਮਾਰੂ ਜਹਾਜ਼ ਦੇ ਨਿਹੱਥ ਮੁਸਾਫਿਰਾਂ ਉਪਰੀ ਗੋਲੀ ਚਲਾ ਕੇ ਸ਼ੀਦ ਕਰਨ ਦੀ ਘਟਨਾ ਤੋਂ ਪਿੱਛੋਂ ਭਾਈ ਸਾਹਿਬ ਨੇ ਹਕੂਮਤ ਨਾਲ ਸਿੱਧੀ ਟੱਕਰ ਲੈਣ ਲਈ ਤਿਆਰੀ ਆਰੰਭ ਦਿੱਤੀ। ਦੇਸ਼ ਭਗਤਾਂ ਨਾਲ ਮਿਲ ਕੇ ਫਿਰੋਜ਼ਪੁਰ ਛਾਉਣੀ 'ਤੇ ਹਮਲਾ ਕਰਨ ਅਤੇ ਲਾਹੌਰ ਸਾਜ਼ਿਸ ਕੇਸ ਵਿੱਚ ਆਪ ਜੀ ਨੂੰ ਗ੍ਰਿਫਤਾਰ ਕਰਕੇ 30 ਮਾਰਚ 1916 ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ।

ਭਾਈ ਸਾਹਿਬ ਨੇ ਜੇਲ੍ਹ ਯਾਤਰਾ ਦੌਰਾਨ 42 ਦੇ ਲਗਪਗ ਕਿਤਾਬਾਂ ਗੁਰਮਤਿ ਸਾਹਿਤ ਦੇ ਪਾਠਕਾਂ ਦੀ ਝੋਲੀ ਪਾਈਆਂ। ਇਨ੍ਹਾਂ ਪੁਸਤਕਾਂ ਵਿੱਚ 'ਜੇਲ੍ਹ ਚਿੱਠੀਆਂ, 'ਜੋਤਿ ਵਿਮਾਸ' (ਕਾਵਿ-ਸੰਗ੍ਰਹਿ) 'ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪੂਜਾ ਬੁੱਤ ਪ੍ਰਸਤੀ ਹੈ', ਗੁਰਮਤਿ ਵਿਚਾਰਾਂ', ਸੱਚਖੰਡ ਦਰਸ਼ਨ', 'ਸਿੱਖ ਕੌਣ', 'ਅੰਮ੍ਰਿਤ ਵੇਲਾ', 'ਸਿੰਘਾਂ ਦਾ ਪੰਥ ਨਿਰਾਲਾ', 'ਦਰਸ਼ਨ ਝਲਨਾ', 'ਕਾਵਿ ਉਸਾਰੀਆਂ' ਅਤੇ ਕਥਾ ਕੀਰਤਨ ਆਦਿ ਸ਼ਾਮਲ ਹਨ। ਭਾਈ ਸਾਹਿਬ ਭਾਈ ਰਣਧੀਰ ਸਿੰਘ ਪੰਥ ਦੀ ਅਜਿਹੀ ਰੰਗ ਰੱਤਜੀ ਆਤਮਾ ਸਨ, ਜੋ ਸੱਚਖੰਡ ਪਿਆਲੇ ਵੱਲ ਲਗਾਤਾਰ ਸਿੱਖ ਹਿੱਤਾਂ ਲਈ ਕਾਰਜਸ਼ੀਲ ਰਹੇ। ਉਨ੍ਹਾਂ ਨੇ ਆਪਣੀ ਜੀਵਨ ਯਾਤਰਾ ਦੌਰਾਨ ਲੱਖਾਂ ਸਿੱਖ ਸੰਗਤਾਂ ਦੀ ਜੀਵਨ ਸ਼ੈਲੀ ਨੂੰ ਬਦਲਣ ਲਈ ਵੱਡਾ ਯੋਗਦਾਨ ਪਾਇਆ। 83 ਸਾਲ ਦੀ ਉਮਰ ਭੋਗ ਕੇ ਆਪ 16 ਅਪ੍ਰੈਲ 1961 ਈ. ਨੂੰ ਆਪ ਅਕਾਲਪੁਰਖ ਵਾਹਿਗੁਰੂ ਦੇ ਵਿਚ ਅਭੇਦ ਹੋ ਗਏ।

# ਮੁੱਖਮੰਤਰੀ ਮਾਨ ਅਤੇ ਬਾਜਵਾ 'ਚ ਚੱਲ ਰਿਹਾ ਫਿਕਸ ਮੈਚ : ਪ੍ਰੋ. ਸਰਚਾਂਦ ਸਿੰਘ ਖਿਆਲਾ

## ਵਿਰੋਧੀ ਧਿਰ ਦੇ ਕਾਂਗਰਸੀ ਨੇਤਾ ਦੀ ਪਹੁੰਚ ਦੇਸ਼ ਦੀ ਸੁਰੱਖਿਆ, ਏਕਤਾ ਤੇ ਅਖੰਡਤਾ ਲਈ ਖ਼ਤਰਾ ਹੈ ਤਾਂ 'ਆਪ' ਨੇ ਹੁਣ ਤਕ ਇੰਡੀ ਅਲਾਇੰਸ ਤੋਂ ਖ਼ੁਦ ਨੂੰ ਵੱਖ ਕਿਉਂ ਨਹੀਂ ਕੀਤਾ ?



**ਅੰਮ੍ਰਿਤਸਰ 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਕਾਂਗਰਸੀ ਲੀਡਰ ਪ੍ਰਤਾਪ ਸਿੰਘ ਬਾਜਵਾ ਵੱਲੋਂ ਦਿੱਤੇ ਬੰਬਾਂ ਵਾਲੇ ਬਿਆਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਦੀ ਹਦਾਇਤ 'ਤੇ ਸ. ਬਾਜਵਾ ਦੇ ਖਿਲਾਫ ਕੀਤੀ ਜਾ ਰਹੀ ਕਾਰਵਾਈ ਨੂੰ ਦੋਹਾਂ ਧਿਰਾਂ ਦਾ ਫਿਕਸ ਮੈਚ ਕਰਾਰ ਦਿੱਤਾ । ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਅਤੇ ਆਪ ਦੇ ਆਗੂਆਂ ਵੱਲੋਂ ਕਾਂਗਰਸ 'ਤੇ ਭਾਰਤ ਵਿਰੋਧੀ ਬਾਹਰੀ ਤਾਕਤਾਂ ਦੇ ਸੰਪਰਕ ਵਿਚ ਹੋਣ ਦੇ ਦੋਸ਼ਾਂ 'ਚ ਗੰਭੀਰਤਾ ਮੌਜੂਦ ਹੈ ਅਤੇ ਵਾਕਿਆ ਹੀ ਪੰਜਾਬ ਕਾਂਗਰਸ ਦੇ ਆਗੂ ਅਤੇ ਵਿਰੋਧੀ ਧਿਰ ਦੇ ਨੇਤਾ ਦੀ ਪਹੁੰਚ ਕਾਰਨ ਦੇਸ਼ ਦੀ ਸੁਰੱਖਿਆ, ਏਕਤਾ ਤੇ ਅਖੰਡਤਾ ਖ਼ਤਰਾ ਹੈ ਅਤੇ ਇਨ੍ਹਾਂ ਕਾਰਨ ਲੋਕਾਂ 'ਚ ਦਹਿਸ਼ਤ ਪੈਦਾ ਹੋ ਰਿਹਾ ਹੈ ਤਾਂ 'ਆਪ' ਨੇ ਹੁਣ ਤਕ ਕਾਂਗਰਸ ਅਗਵਾਈ ਵਾਲੀ ਇੰਡੀ ਅਲਾਇੰਸ ਤੋਂ ਖ਼ੁਦ ਨੂੰ ਤੁਰੰਤ ਵੱਖ ਕਰਨ ਦਾ ਐਲਾਨ ਕਿਉਂ ਨਹੀਂ ਕੀਤਾ ? ਪ੍ਰੋ. ਸਰਚਾਂਦ ਸਿੰਘ ਨੇ ਮੁੱਖਮੰਤਰੀ ਮਾਨ ਨੂੰ ਕਿਹਾ ਕਿ ਸ. ਬਾਜਵਾ ਸ਼ੁਰ੍ਹਲੀਆਂ ਛੱਡਣ ਦੇ ਆਦੀ ਹਨ, ਉਨ੍ਹਾਂ ਦੇ ਸਿਆਸੀ ਤੇ ਗੈਰ ਜ਼ਿੰਮੇਵਾਰ ਬਿਆਨ ਨੂੰ ਗੰਭੀਰਤਾ ਨਾਲ ਨਹੀਂ ਲਿਆ ਜਾਣਾ ਚਾਹੀਦਾ ਸੀ, ਨਾ ਹੀ ਉਨ੍ਹਾਂ ਖਿਲਾਫ ਕਾਹਲੀ 'ਚ ਐਫਆਈਆਰ ਦਰਜ ਕਰਨ ਦੀ ਲੋੜ ਸੀ। ਉਨ੍ਹਾਂ ਕਿਹਾ ਕਿ ਮੁੱਖਮੰਤਰੀ ਮਾਨ ਆਪਣੀ ਸਰਕਾਰ ਦੀਆਂ ਨਾਕਾਮੀਆਂ ਅਤੇ ਪੰਜਾਬ ਨੂੰ ਦਰਪੇਸ਼ ਅਮਨ ਕਾਨੂੰਨ ਦੀ ਖ਼ਰਾਬ ਸਥਿਤੀ, ਨਸ਼ਾ, ਬੇਰੁਜ਼ਗਾਰੀ, ਕੁਸ਼ਾਸਨ ਆਦਿ ਬੁਨਿਆਦੀ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਵਿਰੋਧੀ ਧਿਰ ਦੇ ਨੇਤਾ ਖਿਲਾਫ ਕਾਰਵਾਈ ਨੂੰ ਅੰਜਾਮ ਦੇ ਰਿਹਾ ਹੈ। ਉੱਧਰ ਸ. ਬਾਜਵਾ ਕਾਂਗਰਸ 'ਚ ਆਪਣੀ ਰਾਜਸੀ ਸਾਖ ਬਚਾਉਣ ਦੀ ਕੋਸ਼ਿਸ਼ 'ਚ ਮਸਰੂਫ਼ ਹਨ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਦੋਹਾਂ ਧਿਰਾਂ 'ਚ ਲੋਕ ਹਿਤਾਂ ਪ੍ਰਤੀ ਗੰਭੀਰਤਾ ਦੀ ਅਣਹੋਂਦ ਹੈ। ਸ. ਬਾਜਵਾ ਨੂੰ ਲੋਕ-ਹਿਤ 'ਚ ਇਹ ਦਸ ਦੇਣਾ ਚਾਹੀਦਾ ਹੈ ਕਿ ਬਾਕੀ ਦੇ 32 ਬੰਬ ਕਿਥੇ ਜਾਂ ਕਿਸ ਕੋਲ ਹਨ ? ਉਨ੍ਹਾਂ ਸ. ਬਾਜਵਾ ਦੇ ਪਿੱਠ 'ਤੇ ਖੜ੍ਹਨ ਵਾਲੇ ਜੈ ਰਾਮ ਰਮੇਸ਼ ਅਤੇ ਭੂਪੇਸ਼ ਬਘੇਲ ਵਰਗੇ ਸੀਨੀਅਰ ਕਾਂਗਰਸੀ ਆਗੂਆਂ ਦੀ ਪਹੁੰਚ 'ਤੇ ਹੈਰਾਨੀ ਪ੍ਰਗਟ ਕੀਤੀ ਅਤੇ ਕਿਹਾ ਕਿ ਜੇ ਸ. ਬਾਜਵਾ ਦੇ ਪੰਜਾਬ 'ਚ 32 ਹੋਰ ਬੰਬ ਹੋਣ ਦੇ ਦਾਅਵੇ ਨੂੰ ਠੀਕ ਸਮਝਦੇ ਹਨ ਤਾਂ ਉਹ ਸ. ਬਾਜਵਾ ਤੋਂ ਉਨ੍ਹਾਂ ਬੰਬਾਂ ਬਾਰੇ ਪਤਾ ਕਰਕੇ ਪੁਲੀਸ ਨੂੰ ਕਿਉਂ ਨਹੀਂ ਦਸ ਦੇ ? ਉਨ੍ਹਾਂ ਨੂੰ ਕਿਸ ਹੋਣੀ ਦੀ ਉਡੀਕ ਹੈ ? ਕੀ ਉਹ ਪੰਜਾਬ ਦੇ ਲੋਕਾਂ ਨੂੰ ਉਨ੍ਹਾਂ ਬੰਬਾਂ ਤੋਂ ਸੁਰੱਖਿਅਤ ਨਹੀਂ ਕਰਨਾ ਚਾਹੁੰਦੇ ਹਨ ?

### ਵੱਖ-ਵੱਖ ਸ਼ਖਸ਼ੀਅਤਾਂ ਵੱਲੋਂ

# ਪਵਨਦੀਪ ਕੌਰ ਖੁਜਾਲਾ ਨੂੰ ਸ਼ਰਧਾਂਜਲੀਆਂ ਭੇਟ











**ਬਾਬਾ ਸੁਖਵੰਤ ਸਿੰਘ ਚੰਨਣਕੇ/ਚੌਕ ਮਹਿਤਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੱਤਰਕਾਰ ਭਗਵਾਨ ਸਿੰਘ ਖੁਜਾਲਾ ਜਿਨਾਂ ਦੀ ਬੇਟੀ ਪਵਨਦੀਪ ਕੌਰ ਦਾ ਬੀਤੇ ਦਿਨੀ ਦੇਹਾਂਤ ਹੋ ਗਿਆ ਸੀ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਹਨਾਂ ਦੇ ਗ੍ਰਹਿ ਪਿੰਡ ਖੁਜਾਲਾ ਵਿਖੇ ਪੈਣ ਉਪਰੰਤ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਗੁਰੂ ਨਾਨਕ ਦਰਬਾਰ ਖੁਜਾਲਾ ਵਿਖੇ ਵਿਸ਼ਾਲ ਸਰਧਾਂਜਲੀ ਸਮਾਰੋਹ ਹੋਇਆ ਜਿਸ ਵਿੱਚ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਵੀ ਸੰਗਤਾਂ ਵਿੱਚ ਹਾਜ਼ਰੀ ਭਰੀ੍ਹ ਸੰਤ ਬਾਬਾ ਗੁਰਦੀਪ ਸਿੰਘ ਖਜਾਲਾ ਵਾਲਿਆਂ ਵੱਲੋਂ ਵੈਰਾਗਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਅੰਤਿਮ ਅਰਦਾਸ ਕੀਤੀ ਗਈ੍ਹ ਇਸ ਮੌਕੇ ਤੇ ਬੇਟੀ ਪਵਨਦੀਪ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਰਾਂ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਤਰਸਿੱਕਾ, ਪੱਤਰਕਾਰ ਭਾਈਚਾਰੇ ਵੱਲੋਂ ਹਰਜਿੰਦਰ ਸਿੰਘ ਕਲੇਰ, ਅਤੇ ਸਰਪੰਚ ਬਲਬੀਰ ਸਿੰਘ ਬੋਪਾਰਾਏ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਆਮ ਆਦਮੀ ਪਾਰਟੀ ਅੰਮ੍ਰਿਤਸਰ ਨੇ ਕਿਹਾ ਕਿ



ਕਿ ਬੱਚਿਆਂ ਦਾ ਦੁੱਖ ਮਾਪਿਆਂ ਦੇ ਲਈ ਸਹਾਰਨਾ ਬੜਾ ਔਖਾ ਹੁੰਦਾ ਹੈ ਪਰ ਪਰਮਾਤਮਾ ਦੇ ਭਾਣੇ ਨੂੰ ਟਾਲਿਆ ਵੀ ਨਹੀਂ ਜਾ ਸਕਦਾ ਇਸ ਲਈ ਜਿੱਥੇ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਉਥੇ ਨਾਲ ਹੀ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ੍ਹ

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਉਹਨਾਂ ਦਾ ਭਰਾ ਸਤਿੰਦਰ ਸਿੰਘ ਅਤੇ ਸੂਬੇਦਾਰ ਛਨਾਖ਼ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਗਹਿਰੀ ਮੰਡੀ, ਬੀਜੇਪੀ ਪਾਰਟੀ ਵਲੋਂ ਹਰਦੀਪ ਸਿੰਘ ਗਿੱਲ ਹਲਕਾ ਇੰਚਾਰਜ ਜੰਡਿਆਲਾ ਗੁਰੂ,ਬਾਬਾ ਸਮਸ਼ੇਰ ਸਿੰਘ ਸੈਦੋਲੇਲ, ਜਗਦੀਪ ਸਿੰਘ ਸਰਪੰਚ ਤਰਸਿੱਕਾ, ਜਰਮਨਜੀਤ ਸਿੰਘ ਸਰਪੰਚ ਕਰਤਾਰ ਸਿੰਘ ਨਗਰ ਤਰਸਿੱਕਾ , ਆਪ ਆਗੂ ਵਿਸ਼ਾਲ ਸ਼ਰਮਾ ਤਰਸਿੱਕਾ,ਫੋਟੋਗ੍ਰਾਫਰ ਲਾਡੀ ਨਵਾਂ ਪਿੰਡ , ਗੁਰਦੀਪ ਸਿੰਘ ਰੰਧਾਵਾ, ਨਿਰਵੈਰ ਸਿੰਘ ਭੁੱਲਰ, ਕੁਲਦੀਪ ਸਿੰਘ ਮੱਲੀ, ਸੁਰਿੰਦਰ ਸਿੰਘ ਸ਼ਿੰਦਾ ਵਿਰਕ, ਜਤਿੰਦਰ ਸਿੰਘ ਨਾਥ ਦੀ ਖੂਹੀ , ਤਰਸੇਮ ਸਿੰਘ ਸਾਧਪੁਰ, ਸੁਰਿੰਦਰ ਸਿੰਘ ਚਵਿੰਡਾ ਦੇਵੀ , ਸੁਖਵਿੰਦਰ ਸਿੰਘ ਬਾਠ ਭੀਲੋਵਾਲ , ਆਪ ਆਗੂ ਤਰਵਿੰਦਰ ਸਿੰਘ ਸਾਧਪੁਰ, ਰਣਜੀਤ ਸਿੰਘ ਰਾਣਾ ਬਾਬੋਵਾਲ, ਨਿੰਦਰ ਸਿੰਘ ਭੋਏ, ਰਣਜੀਤ ਸਿੰਘ ਰਾਣਾ ਪਟਵਾਰੀ, ਹਰਜੀਤ ਸਿੰਘ ਪਟਵਾਰੀ ,ਗੁਰਨਾਮ ਸਿੰਘ ਅੱਡਾ ਖਜਾਲਾ ਸਰਬਜੀਤ ਸਿੰਘ ਡੇਅਰੀ ਵਾਲੇ ਸੈਦੋਲੇਹਲ, ਅਮਰਜੀਤ ਸਿੰਘ ਭੀਲੋਵਾਲ ,ਦਲਬੀਰ ਸਿੰਘ ਪ੍ਰਿੰਸ ਅਤੇ ਬ੍ਰਦਰਸ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ੍ਹ ਸਟੇਜ ਸੈਕਟਰੀ ਦੀ ਸੇਵਾ ਭਾਈ ਗੁਰਮੁਖ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਭਾਈ ਗਈ ਸੰਤ ਬਾਬਾ ਸੱਜਣ ਸਿੰਘ ਅਤੇ ਹੋਰ ਆਗੂਆਂ ਵੱਲੋਂ ਕੀਰਤਨੀ ਜਥੇ ਨੂੰ ਸਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ।

# ਪ੍ਰੋ. ਬਲਜਿੰਦਰ ਕੌਰ ਵੱਲੋਂ ਸਰਕਾਰੀ ਮਾਡਲ ਸਕੂਲ ਨਥੇਹਾ ਦੇ ਖੇਡਾਂ ਅਤੇ ਪੜ੍ਹਾਈ 'ਚ ਅੱਵਲ ਰਹੇ ਵਿਦਿਆਰਥੀਆਂ ਦਾ ਕੀਤਾ ਸਨਮਾਨ






**ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਕੇ ਸਿੱਖਿਆਂ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਤਲਵੰਡੀ ਸਾਬੋ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਨਥੇਹਾ ਦੇ ਸਰਕਾਰੀ ਮਾਡਲ ਸਕੂਲ ਵਿਖੇ "ਪੰਜਾਬ ਸਿੱਖਿਆ ਕ੍ਰਾਂਤੀ" ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ

ਆਵਾਜ਼ਿ ਕੌਮ AWAZE QAUM International Newspaper & WEB TV

ਮੌਕੇ ਸੰਬੋਧਨ ਕਰਦਿਆ ਕੀਤਾ। ਇਸ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨ ਲੜਕੇ ਅਤੇ ਲੜਕੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸਵੈ-ਰੋਜ਼ਗਾਰ ਅਤੇ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਦਿੱਖ ਬਦਲਣ ਲਈ ਇਤਿਹਾਸਿਕ ਫ਼ੈਸਲੇ ਲਏ ਜਾ ਰਹੇ ਹਨ। ਇਸ ਦੌਰਾਨ ਪ੍ਰੋ. ਬਲਜਿੰਦਰ ਕੌਰ ਵੱਲੋਂ ਸਰਕਾਰੀ ਮਾਡਲ ਸਕੂਲ ਨਥੇਹਾ ਦੇ ਖੇਡਾਂ ਅਤੇ ਪੜ੍ਹਾਈ ਚੋਣ ਅੱਵਲ ਰਹੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲਾਂ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ, ਸਰਪੰਚ ਸ਼੍ਰੀਮਤੀ ਰਾਜ ਰਾਣੀ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਸੁਖਪਾਲ ਸਿੰਘ ਚਾਹਲ, ਜਸਵੀਰ ਸਿੰਘ ਚਾਹਲ ਆਦਿ ਹਾਜ਼ਰ ਸਨ।

# ਟ੍ਰਾਂਸਪੋਰਟ ਦੇ ਕੰਮਕਾਰ 'ਚ ਆ ਰਹੀਆਂ ਮੁਸ਼ਿਕਲਾਂ ਸੰਬੰਧੀ ਮੁੱਖਮੰਤਰੀ ਮਹਾਰਾਸ਼ਟਰ ਨਾਲ ਵਿਸਤ੍ਰਿਤ ਅਤੇ ਰਚਨਾਤਮਕ ਚਰਚਾ: ਬਲ ਮਲਕੀਤ ਸਿੰਘ

**ਨਵੀਂ ਦਿੱਲੀ, 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਆਵਾਜਾਈ ਖੇਤਰ ਵਿਚ ਆ ਰਹੀਆਂ ਮੁਸ਼ਿਕਲਾਂ ਬਾਰੇ ਬਲ ਮਲਕੀਤ ਸਿੰਘ ਨੇ ਦਸਿਆ ਕਿ ਮੁੱਖਮੰਤਰੀ ਮਹਾਰਾਸ਼ਟਰ ਨਾਲ ਇਕ ਵਿਸਤ੍ਰਿਤ ਅਤੇ ਰਚਨਾਤਮਕ ਚਰਚਾ ਹੋਈ ਜਿਸ ਬਾਰੇ ਮਹੱਤਵਪੂਰਨ ਮਾਮਲਿਆਂ 'ਤੇ ਸਕਾਰਾਤਮਕ ਵਿਕਾਸ ਸਾਂਝਾ ਕਰਕੇ ਖੁਸ਼ੀ ਹੋ ਰਹੀ ਹੈ ਕਿ ਰਾਜ ਸਰਕਾਰ ਦੀਆਂ ਚੈਕਪੋਸਟਾਂ ਨੂੰ ਖ਼ਤਮ ਕਰਣ ਲਈ ਇਸ ਮੁੱਦੇ 'ਤੇ ਸਰਗਰਮੀ ਨਾਲ ਕੰਮ ਕਰ ਰਹੀ ਹੈ। ਪ੍ਰਗਤੀ ਨੂੰ ਉਤਸ਼ਾਹਿਤ ਕਰ ਰਹੀ ਹੈ। ਭਾਰੀ ਵਾਹਨਾਂ ਦੇ ਜੁਰਮਾਨੇ ਨੂੰ ਕਲੀਅਰ ਕਰਣ ਲਈ ਮੁੱਖ ਮੰਤਰੀ ਨੇ ਫਾਈਲ ਨੂੰ ਤੇਜ਼ ਕਾਰਵਾਈ ਲਈ ਲਾਅ ਅਤੇ ਨਿਆਇਕ ਵਿਭਾਗ ਨੂੰ ਮਾਰਕ ਕੀਤਾ ਹੈ। ਮਹਾ ਟਰੈਫਿਕ ਐਪ ਤੋਂ ਫੋਟੋ ਅਪਲੋਡ ਨੂੰ ਹਟਾਉਣ ਲਈ ਨੋਟੀਫਿਕੇਸ਼ਨ ਜਲਦੀ ਜਾਰੀ ਕਰਨ ਦੀ ਬੇਨਤੀ ਕੀਤੀ ਗਈ ਹੈ। ਮੁੱਖ ਮੰਤਰੀ ਨੇ ਸਾਰੀ ਚਿੰਤਾਵਾ ਨੂੰ ਸੁਣ ਕੇ ਇੰਨ੍ਹਾ ਤੇ ਕਾਰਵਾਈ ਲਈ ਨੋਟ ਨੂੰ ਫਾਸਟ- ਟਰੈਕਿੰਗ ਲਈ ਭੇਜ ਦਿੱਤਾ ਹੈ। ਇਹ ਮੀਟਿੰਗ ਸਰਕਾਰ ਵੱਲੋਂ ਟਰਾਂਸਪੋਰਟ ਭਾਈਚਾਰੇ ਪ੍ਰਤੀ ਕੀਤੇ ਗਏ ਸਤਿਕਾਰ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਮਾਨਯੋਗ ਮੁੱਖ ਮੰਤਰੀ ਦਾ ਉਦਯੋਗ ਦੇ ਮੁੱਦਿਆਂ ਨੂੰ ਹੱਲ ਕਰਨ ਪ੍ਰਤੀ ਉਨ੍ਹਾਂ ਦੇ ਧਿਆਨ ਅਤੇ ਵਚਨਬੱਧਤਾ ਲਈ ਤਹਿ ਦਿਲੋਂ ਧੰਨਵਾਦ ਕਰਦੇ ਹਾਂ।



ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰੋ. ਬਲਜਿੰਦਰ ਕੌਰ ਵੱਲੋਂ ਬਲਾਕ ਦੇ ਅਨੇਕਾਂ ਪਿੰਡਾਂ ਦੇ

# ਸਕੂਲਾਂ 'ਚ ਕਮਰਿਆਂ ਦਾ ਕੀਤਾ ਉਦਘਾਟਨ










**ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਮੁਹਿੰਮ "ਪੰਜਾਬ ਸਿੱਖਿਆ ਕ੍ਰਾਂਤੀ ਬਦਲਦਾ ਪੰਜਾਬ" ਦੇ ਤਹਿਤ ਬਲਾਕ ਤਲਵੰਡੀ ਸਾਬੋ ਦੇ ਅਨੇਕਾਂ ਪਿੰਡਾਂ ਦੇ ਸਕੂਲਾਂ ਵਿਚ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਚੀਫ ਵਿਪ ਵਲੋਂ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਮਾਰਟ ਸਕੂਲਾਂ ਵਿਖੇ ਬਣਾਏ ਗਏ ਆਧੁਨਿਕ ਸਮਾਰਟ ਕਮਰਿਆਂ ਦਾ ਉਦਘਾਟਨ ਕੀਤਾ ਗਿਆ, ਇਸ ਮੁਹਿੰਮ ਤਹਿਤ ਅੱਜ ਪਿੰਡ ਬਹਿਮਣ ਕੌਰ ਸਿੰਘ, ਬਹਿਮਣ ਜੱਸਾ ਸਿੰਘ, ਸੀਂਗੋ, ਲਹਿਰੀ ਅਤੇ ਨਥੇਹਾ ਵਿਖੇ ਕਮਰਿਆਂ ਦੇ ਉਦਘਾਟਨ ਦੇ ਨਾਲ ਨਾਲ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਅਨੇਕਾਂ ਪਿੰਡਾਂ ਵਿਚ ਪ੍ਰੋ. ਬਲਜਿੰਦਰ ਕੌਰ ਚੀਫ ਵਿਪ ਨੇ ਵੱਡੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਮਕਸਦ ਸਿਰਫ ਤੇ ਸਿਰਫ ਸਿੱਖਿਆ ਖੇਤਰ 'ਚ ਕ੍ਰਾਂਤੀ ਲਿਆਉਣਾ ਹੈ ਤਾਂ ਜੋ ਸਾਡੇ ਬੱਚੇ ਉੱਚ ਸਿੱਖਿਆ ਗ੍ਰਹਿਣ ਕਰਕੇ ਪੰਜਾਬ ਨੂੰ ਸਿੱਖਿਆ ਦੇ ਖੇਤਰ 'ਚ ਮੋਹਰੀ ਬਣਾਉਣ ਦੇ ਨਾਲ-ਨਾਲ ਵੱਖ-ਵੱਖ ਵਿਭਾਗਾਂ ਵਿੱਚ ਨੌਕਰੀਆਂ ਪ੍ਰਾਪਤ ਕਰਨ। ਪੰਜਾਬ ਸਰਕਾਰ ਦੁਆਰਾ ਚਲਾਈ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਆਪ ਸਰਕਾਰ ਵਲੋਂ ਪੰਜਾਬੀ ਵਸ਼ਿੰਦਿਆਂ ਨੂੰ ਸੁਨੇਹਾ ਦਿੱਤਾ ਗਿਆ ਕਿ ਜਿਹੜਾ ਵੀ ਨਸ਼ਿਆਂ ਦੀ ਗੱਲ, ਨਸ਼ਿਆਂ ਦਾ ਕਾਰੋਬਾਰ ਕਰੇਗਾ ਤਾਂ ਉਸਦੇ ਘਰ ਉਪਰ ਬੁਲਜੋਡਰ ਚਲਾ ਦਿੱਤੇ ਜਾਣਗੇ ਤੇ ਜੇਕਰ ਕਿਸੇ ਨੇ ਨਸ਼ੇ ਦੀ ਗੱਲ ਕਰਨੀ ਹੈ ਤਾਂ ਉਸਨੂੰ ਪੰਜਾਬ ਛੱਡਣਾ ਪਵੇਗਾ। ਉਹਨਾਂ ਇਕੱਠ ਨੂੰ ਅਪੀਲ ਕਰਦਿਆਂ ਕਿ ਆਓ ਆਪਾਂ ਸਿੱਖਿਆ ਕ੍ਰਾਂਤੀ ਨੂੰ ਅੱਗੇ ਵਧਾਈਏ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਜੁੜਕੇ ਪੰਜਾਬ ਨੂੰ ਨਸ਼ਾ ਰਹਿਤ ਪੰਜਾਬ ਬਣਾਈਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਦੇਵ ਸਿੰਘ ਸਰਾਂ ਹਲਕਾ ਕੋਆਰਡੀਨੇਟਰ, ਮਨਪ੍ਰੀਤ ਸਿੰਘ ਨਸੀਬਪੁਰਾ, ਸੁਰਜੀਤ ਸਿੰਘ ਮਲਵਾਲਾ, ਸਰਪੰਚ ਵਜ਼ੀਰ ਸਿੰਘ ਬਹਿਮਣ ਕੌਰ ਸਿੰਘ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ (ਜੋਨ ਕੋਆਰਡੀਨੇਟਰ), ਰਣਜੀਤ ਕੌਰ ਨਥੇਹਾ ਆਪ ਆਗੂ ਮਹਿਲਾ ਵਿੰਗ, ਸਵਰਨ ਸਿੰਘ ਜੋਨ ਕੁਆਰਡੀਨੇਟਰ ਬਹਿਮਣ ਜੱਸਾ ਸਿੰਘ, ਪਰਮਜੀਤ ਸਿੰਘ ਸੀਐਚਟੀ, ਹਰਸ਼ਰਨ ਸਿੰਘ ਬਲਾਕ ਮੀਡੀਆ ਕੋਆਰਡੀਨੇਟਰ ਸਿੱਖਿਆ ਵਿਭਾਗ, ਬਿੰਦਰ ਸਿੰਘ, ਸੁਖਪਾਲ ਸਿੰਘ ਖਾਲਸਾ, ਗੁਰਬਾਜ ਸਿੰਘ ਮੁੱਖ ਅਧਿਆਪਕ, ਨਿਰਭੈ ਸਿੰਘ, ਚੇਅਰਮੈਨ ਨਿਰਮਲ ਸਿੰਘ, ਹਰਮੰਦਰ ਸਿੰਘ ਸਰਪੰਚ ਲਹਿਰੀ, ਸ਼੍ਰੀਮਤੀ ਰਾਜ ਰਾਣੀ ਸਰਪੰਚ ਨਥੇਹਾ, ਸੁਖਪਾਲ ਸਿੰਘ ਚਾਹਲ, ਜਸਵੀਰ ਸਿੰਘ ਚਾਹਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੁਖਬੀਰ ਬਾਦਲ ਦੇ ਪ੍ਰਧਾਨ ਬਣਨ ਤੇ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਧੂਰੀ ਵਿਖੇ ਵੰਡੇ ਲੱਡੂ



ਧੂਰੀ ( ਰਣਜੀਤ ਸਿੰਘ ਪੇਧਨੀ ) ਸੂਬੇ ਦੇ ਵਿਕਾਸ - ਪੁਰਸ਼ ਵਜੋਂ ਜਾਣੇ ਜਾਂਦੇ ਸੁਖਬੀਰ ਸਿੰਘ ਬਾਦਲ ਦੇ ਪਾਰਟੀ ਪ੍ਰਧਾਨ ਬਣਨ ਨਾਲ ਸ਼੍ਰੋਮਣੀ ਅਕਾਲੀ ਦਲ ਆਉਂਦੇ ਦਿਨਾਂ ਵਿੱਚ ਹੋਰ ਮਜਬੂਤ ਹੋਵੇਗਾ । ਇਸ ਖੁਸ਼ੀ ਨੂੰ ਦੁਗਣਾ ਕਰਨ ਤੇ ਲਈ ਧੂਰੀ ਇਲਾਕੇ ਦੇ ਸੀਨੀਅਰ ਆਗੂ ਰਣਜੀਤ ਸਿੰਘ ਰੰਧਾਵਾ ਨੇ ਅਕਾਲੀ ਆਗੂਆਂ ਦੇ ਨਾਲ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਅਤੇ ਪੰਥ ਦੀ ਅਸਲੀ ਪਹਿਰੇਦਾਰ ਹੈ। ਪਰੰਤੂ ਅਫਸੋਸ ਐਨਡੀਏ ਵਿੱਚੋਂ ਪਾਰਟੀ ਦੇ ਬਾਹਰ ਆਉਣ ਤੋਂ ਬਾਅਦ ਕੇਂਦਰੀ ਤਾਕਤਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਤੋੜਨ ਦੇ ਮਨਸੂਬੇ ਘੜੇ ਗਏ ਪਰ ਉਹ ਕਦੇ ਵੀ ਕਾਮਯਾਬ ਨਾ ਹੋ ਸਕੇ। ਉਹਨਾਂ ਕਿਹਾ ਕਿ ਅੱਜ ਪੰਜਾਬ ਭਰ ਵਿੱਚੋਂ ਆਏ ਸੂਬਾ ਡੈਲੀਗੇਟਾਂ ਵੱਲੋਂ ਸਰਬ ਸੰਮਤੀ ਨਾਲ ਸੁਖਬੀਰ ਸਿੰਘ ਬਾਦਲ ਦੀ ਚੋਣ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਸੁਖਬੀਰ ਸਿੰਘ ਬਾਦਲ ਹੀ ਮਜ਼ਬੂਤ ਕਰ ਸਕਦੇ ਹਨ ਅਤੇ ਪੰਜਾਬ ਤੇ ਪੰਥ ਦੀ ਅਗਵਾਈ ਕਰ ਸਕਦੇ ਹਨ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀਆਂ ਸਰਕਾਰਾਂ ਵੇਲੇ ਹੀ ਪੰਜਾਬ ਵਿੱਚ ਚਾਰ ਅਤੇ ਛੇ ਲੈਣ ਸੜਕਾਂ ਹਵਾਈ ਅੱਡੇ ਕੇਂਦਰੀ ਯੂਨੀਵਰਸਿਟੀਆਂ ਏਮਜ ਵਰਗੇ ਵੱਡੇ ਪ੍ਰੋਜੈਕਟ ਆਏ ਜਿਸ ਲਈ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਦਾ ਵੀ ਸਹਿਯੋਗ ਰਿਹਾ। ਇਸ ਮੌਕੇ ਬਲਾਕ ਸੰਮਤੀ ਮੈਂਬਰ ਜਗਰੂਪ ਸਿੰਘ ਲੱਡਾ, ਜਗਜੀਤ ਸਿੰਘ ਲੱਡਾ, ਲੀਲਾ ਬੁਗਰਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਸਾ ਸਾਜਨਾ ਦਿਵਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਨਿਭਾਈ ਸਿੱਖਿਆ ਜਾਗਰੂਕਤਾ ਅਤੇ ਮੁੱਢਲੀ ਸਹਾਇਤਾ ਕੈਂਪ ਦੀ ਸੇਵਾ




ਤਲਵੰਡੀ ਸਾਬੋ, 15 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਦੇ ਨਾਲ-ਨਾਲ ਸਮਾਜ ਸੇਵਾ ਵਿੱਚ ਮੋਹਰੀ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਾਹਿਰਾਂ, ਡਾਕਟਰਾਂ, ਫਾਰਮਾਸਿਸਟ, ਫਿਜ਼ੀਓਥੈਰੇਪਿਸਟ ਅਤੇ ਵਲੰਟੀਅਰਾਂ ਵੱਲੋਂ ਪ੍ਰਬੰਧਕੀ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਤੇ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਉਪ ਕੁਲਪਤੀ ਦੀ ਪ੍ਰੇਰਣਾ ਸਦਕਾ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਚਾਰ ਰੋਜ਼ਾ ਸਿੱਖਿਆ ਜਾਗਰੂਕਤਾ ਅਤੇ ਮੁੱਢਲੀ ਸਹਾਇਤਾ ਕੈਂਪ ਲਗਾ ਕੇ ਸੇਵਾ ਨਿਭਾਈ ਗਈ। ਕੈਂਪ ਦੀ ਸ਼ੁਰੂਆਤ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਵੱਲੋਂ ਸਰਬੱਤ ਦੇ ਭਲੇ ਅਤੇ ਸਭਨਾਂ ਦੇ ਚੜ੍ਹਦੀ ਕਲਾ ਵਿੱਚ ਰਹਿਣ ਦੀ ਅਰਦਾਸ ਨਾਲ ਕੀਤੀ ਗਈ। ਇਸ ਮੌਕੇ ਉਨ੍ਹਾਂ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸਿੱਖਿਆ ਦੇ ਚਾਨਣ ਨੂੰ ਘਰ ਘਰ ਪਹੁੰਚਾਉਣ ਤੇ ਅਨਪੜ੍ਹਤਾ ਦੇ ਹਨੇਰੇ ਨੂੰ ਦੂਰ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਕੈਂਪ ਮੌਕੇ ਸੰਗਤਾਂ ਨੇ ਦੁਰਘਟਨਾ ਸਮੇਂ ਵਰਸਿਟੀ ਵੱਲੋਂ ਸ਼ਰਧਾਲੂਆਂ ਨੂੰ ਉਪਲਬਧ ਕਰਵਾਈ ਗਈ ਐਂਬੂਲੈਂਸ ਸੇਵਾ ਤੇ ਦਿੱਤੀ ਗਈ ਮੁੱਢਲੀ ਸਹਾਇਤਾ ਦੀ ਪ੍ਰਸ਼ੰਸਾ ਕੀਤੀ। ਕੈਂਪ ਵਿੱਚ ਹਜਾਰਾਂ ਸ਼ਰਧਾਲੂਆਂ ਨੂੰ ਮੁਫ਼ਤ ਦਵਾਈਆਂ, ਮੁੱਢਲੀ ਸਹਾਇਤਾ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਨਵੇਂ ਚੱਲ ਰਹੇ ਕੋਰਸਾਂ ਸੰਬੰਧੀ ਜਾਣਕਾਰੀ ਵੀ ਉਪਲਬਧ ਕਰਵਾਈ ਗਈ।

ਪ੍ਰੋ. ਹਰਜਸਪਾਲ ਸਿੰਘ ਕੈਂਪਸ ਡਾਇਰੈਕਟਰ ਦੀ ਰਹਿਨੁਮਾਈ ਹੇਠ ਲਗਾਏ ਗਏ ਕੈਂਪ ਵਿੱਚ ਇਲਾਕੇ ਦੀਆਂ ਨਾਮਵਰ ਸਖ਼ਸ਼ੀਅਤਾਂ ਸੰਤ ਬਾਬਾ ਲਾਲ ਦਾਸ, ਸੰਤ ਕਲਿਆਣ ਦੇਵ ਰਾਜਸਥਾਨ, ਭਾਈ ਜਗਸੀਰ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰੋ. ਬਲਜਿੰਦਰ ਕੌਰ ਚੀਫ ਵ੍ਹਿਪ ਆਮ ਆਦਮੀ ਪਾਰਟੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੇਲੇ ਵਿੱਚ ਵਰਸਿਟੀ ਦੇ ਅਧਿਕਾਰੀ ਸੁਖਦੇਵ ਸਿੰਘ, ਰਜਿੰਦਰ ਸਿੰਘ, ਲਵਲੀਨ ਸੱਚਦੇਵਾ, ਹਰਪ੍ਰੀਤ ਸਿੰਘ, ਰਣਜੀਤ ਸਿੰਘ, ਬੂਟਾ ਸਿੰਘ, ਹੈਪੀ ਕੁਮਾਰ ਨੇ ਵਿਸ਼ੇਸ਼ ਤੌਰ 'ਤੇ ਦਿਨ ਰਾਤ ਸੇਵਾ ਨਿਭਾਈ। ਕੈਂਪ ਦੀ ਸਮਾਪਤੀ ਮੌਕੇ ਕੈਂਪ ਕੁਆਰਡੀਨੇਟਰ ਡਾ. ਗੁਰਜੀਤ ਸਿੰਘ ਖਾਲਸਾ ਮੁਖੀ ਧਰਮ ਅਧਿਐਨ ਵਿਭਾਗ ਅਤੇ ਭਾਈ ਮਰਦਾਨਾ ਚੇਅਰ ਨੇ ਸਭਨਾਂ ਦੀ ਖੁਸ਼ਹਾਲੀ ਦੀ ਅਰਦਾਸ ਕਰਨ ਉਪਰਾਂਤ ਕਿਹਾ ਕਿ 'ਵਰਸਿਟੀ ਪਰਿਵਾਰ ਇਲਾਕੇ ਨੂੰ ਨਸ਼ਾ ਮੁਕਤ ਕਰਨ, ਵਾਤਾਵਰਣ ਦੀ ਸਾਂਭ-ਸੰਭਾਲ ਪ੍ਰਤੀ ਜਾਗਰੂਕਤਾ ਫੈਲਾਉਣ, ਸਾਫ਼ ਸਫਾਈ ਪ੍ਰਤੀ ਚੇਤਨਤਾ ਅਤੇ ਘਰ-ਘਰ ਵਿੱਚ ਵਿੱਦਿਆ ਦਾ ਚਾਨਣ ਪਹੁੰਚਾਉਣ ਲਈ ਆਪਣੇ ਯਤਨ ਜਾਰੀ ਰਖੇਗਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਭਾਈ ਰਣਜੀਤ ਸਿੰਘ ਮੈਨੇਜ਼ਰ ਤਖ਼ਤ ਸ਼੍ਰੀ ਦਮਦਮਾ ਸਾਹਿਬ ਵੱਲੋਂ ਕੈਂਪ ਨੂੰ ਸਫਲ ਬਣਾਉਣ ਲਈ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ

# ‘ਖੁਆਰ ਹੋਏ ਸਭ ਮਿਲੈਂਗੇ’ ਧਰਮ ਪ੍ਰਚਾਰ ਲਹਿਰ ਦਾ ਹੋਇਆ ਆਗਾਜ਼















**ਸ੍ਰੀ ਅੰਮ੍ਰਿਤਸਰ/ਨਵੀਂ ਦਿੱਲੀ, 15 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਅੱਜ ਨਗਾਰਾ ਵਜਾ ਕੇ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿੱਚ ਸਥਿਤ ਗੁਰਦੁਆਰਾ ਜਨਮ ਅਸਥਾਨ ਭਾਈ ਜੀਵਨ ਸਿੰਘ ਪਿੰਡ ਗੱਗੋ ਮਾਹਲ ਤੋਂ “ਖੁਆਰ ਹੋਏ ਸਭ ਮਿਲੈਂਗੇ” ਧਰਮ ਪ੍ਰਚਾਰ ਲਹਿਰ ਸ਼ੁਰੂ ਕਰ ਦਿੱਤੀ ਹੈ। ਇਹ ਲਹਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਤਰਫੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ ਸ਼ੁਰੂ ਕੀਤੀ ਗਈ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਵੱਡੀ ਗਿਣਤੀ ਵਿੱਚ ਨਗਰ ਅਤੇ ਇਲਾਕੇ ਦੀ ਸੰਗਤ ਨੇ ਸ਼ਮੂਲੀਅਤ ਕੀਤੀ। ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਨਾਲ ਜੋੜਿਆ। ਗੁਰਮਤਿ ਸਮਾਗਮ ਦੀ ਸਮਾਪਤੀ ਸਮੇਂ ਅਰਦਾਸ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਖੁਦ ਕੀਤੀ ਗਈ।

ਆਪਣੇ ਸੰਬੋਧਨ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ‘ਖੁਆਰ ਹੋਏ ਸਭ ਮਿਲੈਂਗੇ’ ਧਰਮ ਪ੍ਰਚਾਰ ਲਹਿਰ ਤਹਿਤ ਪੰਜਾਬ ਤੇ ਹੋਰ ਸੂਬਿਆਂ ਦੇ ਪਿੰਡ-ਪਿੰਡ ਸ਼ਹਿਰ-ਸ਼ਹਿਰ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਪ੍ਰਸਾਰ ਕਰਦਿਆਂ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਤੇ ਸੰਦੇਸ਼ ਨੂੰ ਪਹੁੰਚਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਸੰਗਤ ਨੂੰ ਅੰਮ੍ਰਿਤਪਾਨ ਕਰਨ ਲਈ ਪ੍ਰੇਰਿਆ ਜਾਵੇਗਾ। ਉਨ੍ਹਾਂ ਕਿਹਾ ਸਿੱਖ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਅਤੇ ਸਿੱਖੀ ਬਾਣੇ ਨਾਲ ਜੁੜਨ ਲਈ ਪ੍ਰੇਰਣਾ ਕੀਤੀ ਜਾਵੇਗੀ। ਇਸ ਲਹਿਰ ਤਹਿਤ ਪੰਜਾਬ ਅੰਦਰ ਪਿਛਲੇ ਸਮੇਂ ਤੋਂ ਹੋ ਰਹੇ ਧਰਮ ਪਰਿਵਰਤਨ ਨੂੰ ਠੱਲ੍ਹਣ ਦੇ ਨਾਲ-ਨਾਲ ਸਿੱਖ ਜਥੇਬੰਦੀਆਂ ਵਿਚਕਾਰ ਇਕਜੁੱਟਤਾ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਲਹਿਰ ਤਹਿਤ ਲਗਾਤਾਰ ਇੱਕ ਸਾਲ ਪਿੰਡਾਂ ਤੇ ਸ਼ਹਿਰਾਂ ਦੇ ਗੁਰਦੁਆਰਾ ਸਾਹਿਬਾਨ ਵਿਖੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਪੜਾਅ ਦਰ ਪੜਾਅ ਸਮਾਗਮ ਕੀਤੇ ਜਾਣਗੇ ਅਤੇ ਸੰਗਤ ਕਰਕੇ ਪਰਿਵਾਰਾਂ ਨੂੰ ਗੁਰਬਾਣੀ ਤੇ ਗੁਰਮਤਿ ਨਾਲ ਜੋੜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਖੁਦ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਜਾਣਗੇ ਅਤੇ ਸਿੱਖੀ ਦਾ ਪ੍ਰਚਾਰ ਕਰਨਗੇ ਤੇ ਸਿੱਖੀ ਤੋਂ ਦੂਰ ਹੋਏ ਭੈਣ ਭਰਾਵਾਂ ਨੂੰ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਸਿੱਖ ਵਿਰੋਧੀ ਡੇਰਾਵਾਦ ਵੀ ਇੱਕ ਵੱਡੀ ਸਮੱਸਿਆ ਹੈ ਜਿਸ ਨੂੰ ਇਕਜੁੱਟਤਾ ਨਾਲ ਠੱਲ੍ਹਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਤੋਂ ਲਗਭਗ 100 ਸਾਲ ਪਹਿਲਾਂ ਜਦੋਂ ਚਾਰ ਸਿੱਖਾਂ ਨੇ ਅੰਮ੍ਰਿਤਸਰ ਵਿੱਚ ਐਲਾਨ ਕੀਤਾ ਕਿ ਉਹ ਧਰਮ ਪਰਿਵਰਤਨ ਕਰ ਰਹੇ ਹਨ ਤਾਂ ਉਸ ਸਮੇਂ ਦੇ ਉੱਘੇ ਸਿੱਖ ਵਿਦਵਾਨਾਂ ਨੇ ਸਮੁੱਚਾ ਸਿੱਖ ਪੰਥ ਇਕੱਠਾ ਕੀਤਾ ਤੇ ਸਿੰਘ ਸਭਾ ਲਹਿਰ ਸ਼ੁਰੂ ਕੀਤੀ ਸੀ। ਇਹ ਸਚਾਈ ਹੈ ਕਿ ਅੱਜ ਪੰਜਾਬ ਵਿੱਚ ਵੱਡੇ ਪੱਧਰ ਉੱਤੇ ਐਸੀਆਂ ਸਾਜ਼ਸ਼ਾਂ ਚੱਲੀਆਂ ਜਾ ਰਹੀਆਂ ਹਨ ਕੇ ਸਿੱਖੀ ਦੀ ਘੱਟ ਸਮਝ ਰੱਖਣ ਵਾਲੇ ਸਿੱਖ ਪਰਿਵਾਰਾਂ ਦਾ ਧਰਮ ਪਰਿਵਰਤਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੱਚਾ ਸਿੱਖ ਬੰਦ ਬੰਦ ਕਟਵਾ ਲੈਂਦਾ ਹੈ ਪਰ ਸਿੱਖੀ ਨਹੀਂ ਛੱਡਦਾ। ਪੰਜਾਬ ਅੰਦਰ ਪਤਿਤਪੁਣੇ ਤੇ ਨਸ਼ਿਆਂ ਦਾ ਵਹਿਣ ਹੈ ਪਰ ਗੁਰੂ ਨੇ ਸਾਨੂੰ ਸਾਬਤ ਸੂਰਤ ਰਹਿਣ ਦੀ ਰਹਿਤ ਬਖ਼ਸ਼ੀ ਹੈ ਤੇ ਨਸ਼ਾ ਕੇਵਲ ਭੋਜਨ ਤੇ ਗੁਰਬਾਣੀ ਦਾ ਰੱਖਣ ਲਈ ਪ੍ਰੇਰਿਤ ਕੀਤਾ ਹੈ। ਉਨ੍ਹਾਂ ਕਿਹਾ ਕੀ ਅਰਦਾਸ ਤੋਂ ਬਾਅਦ ਪੜ੍ਹੇ ਜਾਣ ਵਾਲੇ ਦੋਹਰੇ ਦਾ ਬਹੁਤ ਵੱਡਾ ਮਹੱਤਵ ਹੈ, ਇਸ ਵਿੱਚ ਕਿਹਾ ਜਾਂਦਾ ਹੈ ਕਿ ਖੁਆਰ ਹੋਏ ਸਭ ਮਿਲੈਂਗੇ। ਅੱਜ ਅਸੀਂ ਖੁਆਰ ਹੋਏ ਹਾਂ ਪਰ ਅਸੀਂ ਦੁਬਾਰਾ ਇਕੱਤਰ ਹੋਵਾਂਗੇ, ਅਸੀਂ ਪਿੰਡ-ਪਿੰਡ ਪਹੁੰਚ ਕੇ ਆਪਣੇ ਪਰਿਵਾਰਾਂ ਵਿੱਚ ਬੈਠਾਂਗੇ ਉਨ੍ਹਾਂ ਦੀ ਗੱਲ ਸੁਣਾਂਗੇ। ਗੁਰੂ ਸਾਹਿਬ ਦੇ ਫ਼ਲਸਫ਼ੇ ਵਿੱਚ ਕੋਈ ਭੇਦਭਾਵ ਨਹੀਂ ਹੈ ਅਸੀਂ ਸਭ ਗੁਰਭਾਈ ਹਾਂ ਅਤੇ ਇੱਕ ਸਾਂਝਾ ਪਰਿਵਾਰ ਹਾਂ। ਭੁੱਲੇ ਭਟਕੇ ਲੋਕਾਂ ਨੂੰ ਝੂਠੇ ਦਿਲਾਸੇ, ਲਾਲਚ ਵੱਸ ਅਤੇ ਪਖੰਡਵਾਦ ਰਾਹੀਂ ਭਰਮਾ ਲਿਆ ਜਾਂਦਾ ਹੈ ਪਰ ਸੱਚਾ ਸਿੱਖ ਹਮੇਸ਼ਾ ਸਿੱਖੀ ਵਿੱਚ ਪ੍ਰਪੱਕ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਧਰਮ ਪਰਿਵਰਤਨ ਦਾ ਇੱਕ ਵੱਡਾ ਕਾਰਨ ਹੈ ਕਿ ਅੱਜ ਅਸੀਂ ਗੁਰੂ ਤੋਂ ਦੂਰ ਹੋ ਗਏ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਬਾਰੇ ਗਲਤ ਬਿਰਤਾਂਤ ਘੜਿਆ ਜਾਂਦਾ ਹੈ ਕਿ ਇੱਥੇ ਜਾਤੀ ਵਿਤਕਰਾ ਹੈ ਪਰ ਇਹ ਗੁਰੂ ਸਾਹਿਬਾਨ ਦੀ ਧਰਤੀ ਹੈ ਇੱਥੇ ਅਜਿਹਾ ਨਹੀਂ ਹੈ। ਪੰਜਾਬ ਅੰਦਰ ਰਗਰੇਟੇ ਸਿੱਖਾਂ ਨੂੰ ਵੱਖ ਕਰਨ ਦਾ ਵੀ ਬਿਰਤਾਂਤ ਸਾਜ਼ਸ਼ ਤਹਿਤ ਚਲਾਇਆ ਗਿਆ ਸੀ ਪਰ ਸਿੱਖ ਇਸ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਸਿੱਖਾਂ ਵਿੱਚ ਆਪਸੀ ਖਾਨਾਜੰਗੀ ਨੂੰ ਵੀ ਰੋਕਣ ਦੀ ਲੋੜ ਹੈ, ਅੱਜ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਅਤੇ ਉਨ੍ਹਾਂ ਉੱਤੇ ਕਾਬਜ਼ ਹੋਣ ਦੀਆਂ ਸਾਜ਼ਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖਾਂ ਨੂੰ ਦਸਵੰਧ ਕੱਢਣ ਦਾ ਸਿਧਾਂਤ ਬਖਸ਼ਿਆ ਹੈ ਅਤੇ ਹਰ ਇਲਾਕੇ ਵਿੱਚ ਸਿੱਖ ਸੰਗਤ ਦਾ ਫਰਜ਼ ਬਣਦਾ ਹੈ ਕੀ ਦਸਵੰਧ ਕੱਢ ਕੇ ਲੋੜਵੰਦ ਪਰਿਵਾਰਾਂ ਦੀ ਸਾਰਥਕ ਢੰਗ ਨਾਲ ਸਿੱਧੀ ਮਦਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਦੇਸ਼ ਵਿਦੇਸ਼ ਤੋਂ ਪੰਜਾਬ ਦੇ ਲੋੜਵੰਦਾਂ ਲਈ ਦਸਵੰਧ ਕੱਢਣ ਵਾਲੇ ਸਿੱਖ ਪਰਿਵਾਰਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਵੱਲੋਂ ਭੇਜਿਆ ਦਸਵੰਧ ਸਹੀ ਜਗ੍ਹਾ ਪਹੁੰਚ ਰਿਹਾ ਹੈ ਜਾਂ ਨਹੀਂ। ਉਨ੍ਹਾਂ ਸੰਗਤ ਨੂੰ ਕਿਹਾ ਕਿ ਅਸੀਂ ਬਾਬਾ ਗਰਜਾ ਸਿੰਘ ਤੇ ਬਾਬਾ ਬੋਤਾ ਸਿੰਘ ਦੇ ਵਾਰਿਸ ਹਾਂ ਇਸ ਲਈ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਅੱਗੇ ਆਈਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ ਨੇ ਧਰਮ ਪ੍ਰਚਾਰ ਲਹਿਰ ਅਜਨਾਲਾ ਹਲਕੇ ਤੋਂ ਲਹਿਰ ਸ਼ੁਰੂ ਕਰਨ ਲਈ ਸਿੰਘ ਸਾਹਿਬ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਧਰਮ ਪਰਿਵਰਤਨ ਦੀ ਸਮੱਸਿਆ ਹੈ ਅਤੇ ਸਿੱਖੀ ਧਰਮ ਪ੍ਰਚਾਰ ਲਹਿਰ ਤਹਿਤ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਉਨ੍ਹਾਂ ਆਪਣੇ ਸੁਝਾਅ ਵੀ ਦਿੱਤੇ।

ਜਥੇਦਾਰ ਗੜਗੱਜ ਨੇ ਸ਼੍ਰੋਮਣੀ ਕਮੇਟੀ ਵੱਲੋਂ ਸ਼ੁਰੂ ਕੀਤੀ ਗਈ ਇਸ ਲਹਿਰ ਨੂੰ ਪ੍ਰਚੰਡ ਕਰਨ ਲਈ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਜਥੇਬੰਦੀਆਂ, ਕਾਰ ਸੇਵਾ ਵਾਲੇ ਮਹਾਂਪੁਰਖਾਂ, ਸਿੰਘ ਸਭਾਵਾਂ ਨੂੰ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ।

ਇਹ ਲਹਿਰ ਸ਼ੁਰੂ ਕਰਨ ਤੋਂ ਪਹਿਲਾਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਉਨ੍ਹਾਂ ਛਬੀਲ ਬਾਬਾ ਬੁੱਢਾ ਜੀ ਵਿਖੇ ਜਲ ਦੀ ਸੇਵਾ ਵੀ ਕੀਤੀ। ਗੱਗੋ ਮਾਹਲ ਵਿਖੇ ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਸੰਬੋਧਨ ਕਰਦਿਆਂ ਸੰਗਤ ਨੂੰ ਆਪਣੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸਕੱਤਰ ਸ. ਬਿਜੈ ਸਿੰਘ, ਭਾਈ ਜੀਵਨ ਸਿੰਘ, ਕਾਰ ਸੇਵਾ ਕਿਲਾ ਅਨੰਦਗੜ੍ਹ ਸਾਹਿਬ ਦੀ ਤਰਫੋਂ ਭਾਈ ਗੁਰਕਰਨ ਸਿੰਘ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਨਿਹੰਗ ਸਿੰਘ ਜਥੇਬੰਦੀਆਂ ਦੀ ਤਰਫੋਂ ਬਾਬਾ ਬਲਦੇਵ ਸਿੰਘ ਵੱਲ੍ਹਾ, ਬਾਬਾ ਲਵਪ੍ਰੀਤ ਸਿੰਘ ਅਨੰਦਪੁਰ ਸਾਹਿਬ, ਬਾਬਾ ਗੁਰਦੇਵ ਸਿੰਘ ਗੋਇੰਦਵਾਲ ਸਾਹਿਬ, ਬਾਬਾ ਜਸਬੀਰ ਸਿੰਘ ਮਜੀਠਾ ਰੋਡ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਸ. ਬਗੀਚਾ ਸਿੰਘ, ਗੁਰਦੁਆਰਾ ਜਨਮ ਅਸਥਾਨ ਬਾਬਾ ਜੀਵਨ ਸਿੰਘ ਦੇ ਪ੍ਰਬੰਧਕ ਬਾਬਾ ਸਤਨਾਮ ਸਿੰਘ ਤੇ ਬਾਬਾ ਸੁੱਚਾ ਸਿੰਘ ਕਿਲਾ ਅਨੰਦਗੜ੍ਹ ਵਾਲਿਆਂ ਦੀ ਤਰਫ਼ੋਂ ਬਾਬਾ ਹਰਬੰਸ ਸਿੰਘ ਕੰਦੋਵਾਲੀ ਤੇ ਬਾਬਾ ਸੁਰਜੀਤ ਸਿੰਘ ਹਾਜ਼ਰ ਸਨ, ਪ੍ਰਚਾਰਕ-ਕਮ-ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸੁਖਰਾਜ ਸਿੰਘ, ਢਾਡੀ ਜਥਾ ਭਾਈ ਜਗਦੀਸ਼ ਸਿੰਘ ਵਡਾਲਾ ਬਾਬਾ ਬੁੱਢਾ ਜੀ ਕੱਥੂਨੰਗਲ ਤੋਂ, ਭਾਈ ਲਖਵੀਰ ਸਿੰਘ ਤੇੜੀ ਕਵੀਸ਼ਰ ਜਥਾ ਤੇ ਭਾਈ ਬਲਬੀਰ ਸਿੰਘ ਦਾ ਰਾਗੀ ਜਥਾ ਹਾਜ਼ਰ ਸਨ। ••

### ਕਣਕ ਦੀ ਖਰੀਦ ਸ਼ੁਰੂ ਕਰਨ ਤੋਂ ਪਹਿਲਾਂ ਮੰਡੀ 'ਚ ਸ਼ੁਕਰਾਨੇ ਵਜੋਂ

# ਸ਼੍ਰੀ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ : ਪ੍ਰਧਾਨ ਸੁਨੀਲ ਪਾਸੀ





**ਜੰਡਿਆਲਾ ਗੁਰੂ 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਅੱਜ ਆੜ੍ਹਤੀਆ ਐਸੋਸੀਏਸ਼ਨ ਜੰਡਿਆਲਾ ਗੁਰੂ ਵਿਖੇ ਸਰਕਾਰੀ ਕਣਕ ਦੀ ਖਰੀਦ ਕਰਨ ਤੋਂ ਪਹਿਲਾਂ ਸ਼ੁਕਰਾਨੇ ਵਜੋ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ ਅਤੇ ਭੋਗ ਤੋਂ ਉਪਰੰਤ ਰਾਗੀ ਸਿੰਘਾਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ੍ਰ ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਵਾਈ ਅਤੇ ਕੈਬਨਿਟ ਮੰਤਰੀ ਸ੍ ਈ ਟੀ ਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਸਰਕਾਰ ਕਣਕ ਦੀ ਖਰੀਦ ਦੀ ਤੁਰੰਤ ਸ਼ੁਰੂ ਕਰਨ ਦੀ ਹਦਾਇਤਾਂ ਤੋਂ ਬਾਅਦ ਸਰਕਾਰੀ ਏਜੰਸੀਆਂ ਵੱਲੋਂ ਪੰਜਾਬ ਭਰ ਚ ਕਣਕ ਦੀ ਖਰੀਦ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤੀ ਗਈ ਹੈ। ਮੰਡੀਆਂ ਚ ਕਣਕ ਦਾ ਇੱਕ-ਇੱਕ ਦਾਣਾ ਖਰੀਦ ਕੇ ਪੰਜਾਬ ਨੂੰ ਖੁਸ਼ਹਾਲ ਬਣਾਇਆ ਜਾਵੇਗਾ ਤੇ ਕਿਸਾਨ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਮੌਕੇ ਕੈਬਿਨੇਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੂੰ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਪਾਸੀ ਵਲੋ ਸਨਮਾਨਿਤ ਕੀਤਾ ਗਿਆ੍ਰ ਇਸ ਮੌਕੇ ਆਏ ਹੋਏ ਪਤਵੰਤੇ ਸੱਜਣਾ ਵਿੱਚ ਮਹੰਤ ਬਾਬਾ ਪਰਮਾਨੰਦ ਜੀ ਸ਼੍ਰੀ ਗੁਰੂ ਬਾਬਾ ਹੁੰਦਾਲ ਜੀ ,ਵਿਜੈ ਕਾਲੜਾ ਪੰਜਾਬ ਪ੍ਰਧਾਨ ਨਰਿੰਦਰ ਬਹਿਲ ਜਿਲਾ ਪ੍ਰਧਾਨ, ਅਮਨਦੀਪ ਛੀਨਾ ਅੰਮ੍ਰਿਤਸਰ ਮੰਡੀ ਪ੍ਰਧਾਨ ,ਦਿਲਬਾਗ ਸਿੰਘ ਮੰਡੀ ਤਰਨ ਤਾਂਰਨ ਅਟਾਰੀ ਮੰਡੀ ਪ੍ਰਧਾਨ ,ਅਜੇ ਕੁਮਾਰ ਘੜਿਆਲਾ ਮੰਡੀ ਅਤੇ ਹੋਰ ਵੱਖ ਵੱਖ ਮੰਡੀਆਂ ਤੋਂ ਆਏ ਆੜਤੀ ਵੀਰਾ ਤੋਂ ਇਲਾਵਾ ਨਰੇਸ਼ ਪਾਠਕ ਮੈਂਬਰ ਸਲੈਕਸਨ ਬੋਰਡ,ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ, ਸਤਿੰਦਰ ਸਿੰਘ ,ਅਮਰੀਕ ਸਿੰਘ ਸੋਢੀ,ਸੁਰਜੀਤ ਸਿੰਘ ਕੰਗ ਸਾਬਕਾ ਪ੍ਰਧਾਨ,ਸਾਰੀਆਂ ਖਰੀਦ ਏਜੰਸੀਆਂ ਦੇ ਇੰਸਪੈਕਟਰ ਅਤੇ ਡੀ ਐਫ ਐਸ ਸੀ ਅਮਨਦੀਪ ਸੰਧੂ, ਡੀ ਐਮ ਓ ਮਾਰਕੀਟ ਕਮੇਟੀ ਅਮਨਦੀਪ ਸਿੰਘ,ਰੋਮੀ ਬੱਸੀ ਪਰਮਿੰਦਰ ਸਿੰਘ ਰਿੱਪਣ,ਮਨਜਿੰਦਰ ਸਰਜਾ ਸਾਬਕਾ ਪ੍ਰਧਾਨ, ਮੋਹਿੰਦਰ ਛੱਜਲਵੱਡੀ, ਰਸ਼ਪਾਲ ਪਾਸੀ ,ਗੁਰਪ੍ਰੀਤ ਸਿੰਘ ਰਾਕੇਸ਼ ਕੁਮਾਰ ਗੋਲਡੀ ,ਰਣਜੀਤ ਸਿੰਘ ,ਮੋਹਿਤ ਮਿਗਲਾਨੀ, ਚਰਨਜੀਤ ਸਿੰਘ, ਸੁਖਬੀਰ ਸਿੰਘ ਨਵਦੀਪ ਨੀਟਾ ,ਇੰਦਰਜੀਤ ਸਿੰਘ ਰਾਜਾ ਭੈਣੀ ਅਤੇ ਸਰਬਜੀਤ ਸਿੰਘ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਏ ਆਈ ਐਸ ਐਸ ਐਫ ਖਾਲਸਾ ਨੇ ਸਿੰਘ ਸਾਹਿਬ ਜਥੇਦਾਰ ਬਾਬਾ ਮਾਨ ਸਿੰਘ ਜੀ ਦੇ ਅਕਾਲ ਚਲਾਣੇ 'ਤੇ

# ਗਹਿਰੇ ਦੁੱਖ ਦਾ ਪ੍ਰਗਟਾਵਾ ਦਲ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਭਾਈ ਖਾਲਸਾ



**ਜੰਡਿਆਲਾ ਗੁਰੂ, 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ, ਮੁੱਖ ਬੁਲਾਰੇ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਪ੍ਰਚਾਰ ਸੈਕਟਰੀ ਭਾਈ ਦਿਲਬਾਗ ਸਿੰਘ ਬਾਗੀ ਤੇ ਸਿਆਸੀ ਸਲਾਹਕਾਰ ਭਾਈ ਸੁਖਦੇਵ ਸਿੰਘ ਫ਼ੌਜੀ ਨੇ ਇੱਕ ਸਾਂਝੇ ਲਿਖਤੀ ਪ੍ਰੈਸ ਬਿਆਨ ਰਾਹੀਂ ਸਿੰਘ ਸਾਹਿਬ ਜਥੇਦਾਰ ਬਾਬਾ ਮਾਨ ਸਿੰਘ ਜੀ ਪੰਥ ਅਕਾਲੀ ਗੁਰੂ ਨਾਨਕ ਦਲ ਮੜੀਆਂ ਵਾਲਿਆਂ ਦੇ ਸੱਚਖੰਡ ਬਿਰਾਜਣ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਤੇ ਕੌਮ ਨੂੰ ਨਾਂ ਪੂਰਾ ਹੋਣ ਵਾਲ਼ਾ ਘਾਟਾ ਦੱਸਿਆ, ਇਹਨਾਂ ਆਗੂਆਂ ਨੇ ਦੱਸਿਆ ਜਥੇਦਾਰ ਬਾਬਾ ਮਾਨ ਸਿੰਘ ਬਹੁਤ ਮਿੱਠੇ ਸੁਭਾਅ ਤੇ ਦਲ ਪੰਥ ਦੇ ਸਿੰਘਾਂ ਨਾਲ ਪਿਆਰ ਕਰਨ ਵਾਲੇ ਪੰਥਕ ਜਥੇਦਾਰ ਸਨ ਅਤੇ ਉਨ੍ਹਾਂ ਦੀ ਅਗਵਾਈ ਹੇਠ ਦਲ ਪੰਥ ਨੇ ਦੇਸ਼ਾਂ ਵਿਦੇਸ਼ਾਂ ਵਿੱਚ ਸਿੱਖੀ ਪ੍ਰਚਾਰ ਲਈ ਦਿੱਨ ਰਾਤ ਇੱਕ ਕੀਤਾ ਹੋਇਆ ਸੀ ਇਸ ਕਰਕੇ ਅਸੀਂ ਉਨ੍ਹਾਂ ਦੇ ਸੰਚਖੰਡ ਬਿਰਾਜਣ ਤੇ ਦਲਪੰਥ ਅਤੇ ਕੌਮ ਨੂੰ ਨਾ ਪੂਰਾ ਹੋਣ ਵਾਲ਼ਾ ਵੱਡਾ ਘਾਟਾ ਪਿਆ ਹੈ ਇੰਨ੍ਹਾਂ ਆਗੂਆਂ ਨੇ ਕਿਹਾ ਅਸੀ ਉਹਨਾਂ ਦੇ ਸਮੁੱਚੇ ਪ੍ਰਵਾਰ ਤੇ ਦਲਪੰਥ ਦੇ ਸਿੰਘਾਂ ਨਾਲ ਗਹਿਰੀ ਹਮਦਰਦੀ ਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਦਿਤੀ, ਭਾਈ ਖਾਲਸਾ ਨੇ ਦੱਸਿਆ ਉਨ੍ਹਾਂ ਦੇ ਸੰਚਖੰਡ ਬਿਰਾਜਣ ਤੇ ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ, ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਜਥੇਦਾਰ ਬਾਬਾ ਗੁਰਦੇਵ ਸਿੰਘ ਅਨੰਦਪੁਰ ਸਾਹਿਬ ਵਾਲੇ, ਜਥੇਦਾਰ ਬਾਬਾ ਸ੍ਰਵਣ ਸਿੰਘ ਰਸਾਲਦਾਰ ਬੁਢਾ ਦਲ, ਜਥੇਦਾਰ ਬਾਬਾ ਸੁੱਖਾ ਸਿੰਘ ਮੰਨਣ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ, ਜਥੇਦਾਰ ਬਾਬਾ ਸਤਨਾਮ ਸਿੰਘ ਖਾਪੜਖੇੜੀ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਰਵਿੰਦਰ ਸਿੰਘ ਟੁੱਟਕਲਾ, ਆਦਿ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦ ਕੀਤਾ ਜਾਵੇਗਾ- ਈਟੀਓ
## ਜੰਡਿਆਲਾ ਗੁਰੂ ਦਾਣਾ ਮੰਡੀ ਵਿੱਚ ਕਰਵਾਈ ਕਣਕ ਦੀ ਖਰੀਦ ਸ਼ੁਰੂ



**ਜੰਡਿਆਲਾ ਗੁਰੂ, 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਅੱਜ ਜੰਡਿਆਲਾ ਗੁਰੂ ਦੀ ਦਾਣਾ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਰਸਮੀ ਤੌਰ ਉੱਤੇ ਸ਼ੁਰੂ ਕਰਵਾਈ। ਇਸ ਮੌਕੇ ਉਹਨਾਂ ਨਾਲ ਜਿਲਾ ਮੰਡੀ ਅਫਸਰ ਅਮਨਦੀਪ ਸਿੰਘ, ਜਿਲਾ ਖੁਰਾਕ ਸਪਲਾਈ ਅਧਿਕਾਰੀ ਸ ਅਮਨਦੀਪ ਸਿੰਘ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ ।ਉਹਨਾਂ ਨੇ ਨਵੇਂ ਸੀਜਨ ਦੀ ਸ਼ੁਰੂਆਤ ਲਈ ਕਿਸਾਨਾਂ, ਆੜਤੀਆਂ, ਮਜ਼ਦੂਰਾਂ ਅਤੇ ਟਰਾਂਸਪੋਰਟਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀਂ ਸਾਰੇ ਇੱਕ ਟੀਮ ਬਣ ਕੇ ਕੰਮ ਕਰੋ, ਸਾਡੇ ਸਾਰੇ ਵਿਭਾਗ ਤੁਹਾਡੀ ਮਦਦ ਲਈ ਤਿਆਰ ਹਨ। ਉਹਨਾਂ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਕਣਕ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦ ਕੀਤਾ ਜਾਵੇਗਾ ਅਤੇ ਅਦਾਇਗੀ ਨਾਲੋਂ ਨਾਲ ਕੀਤੀ ਜਾਵੇਗੀ। ਬੀਤੇ ਦਿਨ ਰਈਆ ਮੰਡੀ ਵਿੱਚ ਹੋਈ ਕਣਕ ਦੀ ਖਰੀਦ ਦਾ ਜ਼ਿਕਰ ਕਰਦਿਆਂ ਉਹਨਾਂ ਦੱਸਿਆ ਕਿ ਕੱਲ ਅਜੇ ਕਣਕ ਦੀ ਖਰੀਦ ਪਨਗਰੇਨ ਨੇ ਕੀਤੀ ਸੀ ਅਤੇ ਅੱਜ ਉਸਦੀ ਅਦਾਇਗੀ ਕਿਸਾਨ ਦੇ ਖਾਤੇ ਵਿੱਚ ਜਾ ਚੁੱਕੀ ਹੈ। ਉਨਾਂ ਕਿਹਾ ਕਿ ਤੁਸੀਂ ਸੁੱਕੀ ਫਸਲ ਲੈ ਕੇ ਆਓ ਅਤੇ ਤੁਹਾਡੀ ਫਸਲ ਵੀ ਨਾਲੋ ਨਾਲ ਖਰੀਦੀ ਜਾਵੇਗੀ ਤੇ ਅਦਾਇਗੀ ਵੀ ਨਾਲੋ ਨਾਲ ਕੀਤੀ ਜਾਣੀ ਯਕੀਨੀ ਬਣਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਐਕਸੀਅਨ ਗੁਰਮੁੱਖ ਸਿੰਘ ਨਾਲ ਇੰਪਲਾਈਜ ਫੈਡਰੇਸ਼ਨ (ਚਾਹਲ) ਮੰਡਲ ਜੰਡਿਆਲਾ ਦੇ ਪ੍ਰਧਾਨ ਮਨਿੰਦਰ ਸਿੰਘ ਮਨੀ ਦੀ ਰਹਿਨੁਮਾਈ ਹੇਠ ਪਲੇਠੀ ਮੀਟਿੰਗ ਦੌਰਾਨ ਐਕਸੀਅਨ ਸਾਬ ਨੂੰ ਸਿਰਪਾਓ ਪਾ ਕਿ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ 15 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਅੱਜ ਪੀ ਐਸ ਪੀ ਸੀ ਐਲ ਦੇ ਦਫਤਰ ਜੰਡਿਆਲਾ ਗੁਰੂ ਵਿਖੇ ਇੰਪਲਾਈਜ ਫੈਡਰੇਸ਼ਨ ਚਾਹਲ ਵੱਲੋਂ ਪਾਵਰਕਾਮ ਦੀ ਨਵੀਂ ਬਣਾਈ ਗਈ ਮੰਡਲ ਕਮੇਟੀ ਦੀ ਪਲੇਠੀ ਮੀਟਿੰਗ ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਜੀ ਦੇ ਨਾਲ ਮੰਡਲ ਜੰਡਿਆਲਾ ਗੁਰੂ ਦੇ ਪ੍ਰਧਾਨ ਮਨਿੰਦਰ ਮਨੀ ਤੇ ਮੰਡਲ ਕਮੇਟੀ ਦੇ ਮੈਬਰਾਂ ਵਿਚਕਾਰ ਹੋਈ 9 ਇਸ ਮੀਟਿੰਗ ਵਿੱਚ ਵੱਖ ਵੱਖ ਮਸਲਿਆਂ ਤੇ ਵਿਚਾਰ ਵਟਾਦਰਾ ਕੀਤਾ ਗਿਆ। ਇਸ ਮੌਕੇ ਤੇ ਮੁੱਖ ਇੰਨਜੀਨਅਰ ਜੀ ਨੇ ਮੰਡਲ ਜੰਡਿਆਲਾ ਕਮੇਟੀ ਨੂੰ ਵਿਸ਼ਵਾਸ ਦਿੱਤਾ ਕਿ ਜੋ ਵੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਜਾਂ ਆਉਂਦੀਆਂ ਮੁਸ਼ਕਲਾਂ ਦਾ ਸੰਭਵ ਹੱਲ ਕੀਤਾ ਜਾਵੇਗਾ ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਨੇ ਨਵੀਂ ਚੁਣੀ ਮੰਡਲ ਕਮੇਟੀ ਨੂੰ ਸ਼ੁਭਕਾਮਨਾਵਾ ਦਿੱਤੀਆਂ,ਇਸ ਮੌਕੇ ਤੇ ਪ੍ਰਤਾਪ ਸਿੰਘ ਬਾਡਰ ਜੋਨ ਪ੍ਰਧਾਨ ਤੇ ਸੁਖਦੇਵ ਸਿੰਘ ਸਰਕਲ ਪ੍ਰਧਾਨ ਤੇ ਮਨਿੰਦਰ ਸਿੰਘ ਮਨੀ ਪ੍ਰਧਾਨ ਮੰਡਲ ਜੰਡਿਆਲਾ ਗੁਰੂ ਨੇ ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਜੀ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਮੰਡਲ ਜੰਡਿਆਲਾ ਦੇ ਪ੍ਰਧਾਨ ਮਨਿੰਦਰ ਸਿੰਘ ਮਨੀ ਜੰਡਿਆਲਾ ਨੇ ਕਿਹਾ ਕਿ ਬੀਤੇ ਦਿਨ ਮੈਨੂੰ ਮੰਡਲ ਪ੍ਰਧਾਨ ਵਜੋਂ ਮਿਲੀਆਂ ਸੇਵਾਵਾਂ ਨੂੰ ਨਿਭਾਉਣ ਦਾ ਯਤਨ ਕਰਾਂਗਾ ਅੱਗੇ ਪ੍ਰਧਾਨ ਮਨਿੰਦਰ ਸਿੰਘ ਮਨੀ ਨੇ ਕਿਹਾ ਕਿ ਜਿਸ ਦਿਨ ਮੈਨੂੰ ਮੰਡਲ ਜੰਡਿਆਲਾ ਗੁਰੂ ਦੀਆਂ ਸੇਵਾਵਾਂ ਮਿਲੀਆਂ ਸਨ ਉਸ ਦਿਨ ਵਿਸ਼ੇਸ਼ ਤੌਰ ਤੇ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਸ੍ ਹਰਭਜਨ ਸਿੰਘ ਈ ਟੀ ਉ ਜੀ ਤੇ ਪੰਜਾਬ ਪ੍ਰਧਾਨ ਗੁਰਵੇਲ ਸਿੰਘ ਬਲਪੁਰੀਆਂ ,ਬਾਡਰ ਜੋਨ ਪ੍ਰਧਾਨ ਪ੍ਰਤਾਪ ਸਿੰਘ ਸੁਖੇਵਾਲ ਜੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਾ ਹਾਂ। ਇਸ ਮੌਕੇ ਤੇ ਸਰਪ੍ਰਸਤ ਕਰਨ ਸਿੰਘ, ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ, ਮੀਤ ਪ੍ਰਧਾਨ ਦਵਿੰਦਰ ਸਿੰਘ ਭੰਗੂ, ਸਕੱਤਰ ਪ੍ਰਤਾਪ ਸਿੰਘ, ਸਹਾਇਕ ਸਕੱਤਰ ਲਖਬੀਰ ਸਿੰਘ, ਕੈਸ਼ੀਅਰ ਮਨਜੀਤ ਸਿੰਘ, ਪ੍ਰਚਾਰ ਸਕੱਤਰ ਦਿਲਬਾਗ ਸਿੰਘ ਮੌਕੇ ਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਨੇ ਲੜੀਵਾਰ ਸੰਘਰਸ਼ ਦਾ ਐਲਾਨ ਕੀਤਾ, 17 ਅਪ੍ਰੈਲ ਨੂੰ ਤਲਵਾੜਾ 'ਚ ਰੋਸ ਪ੍ਰਦਰਸ਼ਨ

**ਤਲਵਾੜਾ, ਹੁਸ਼ਿਆਰਪੁਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੇਂਡੂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਦੇ ਵਿਰੋਧ 'ਚ ਪੀ ਡਬਲਿਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਇਕਾਈ ਤਲਵਾੜਾ ਮੁਕੇਰੀਆਂ ਵੱਲੋਂ ਵੀਰਵਾਰ ਨੂੰ ਸਥਵਾਂ ਸਥਿਤ ਕਾਰਜ਼ਕਾਰੀ ਇੰਜਨੀਅਰ ਦਫ਼ਤਰ ਮੂਹਰੇ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਨੇ ਜਾਣਕਰੀ ਦਿੰਦੇ ਹੋਇਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਪੱਤਰ ਜ਼ਾਰੀ ਕਰਕੇ ਮੰਡਲ ਪੱਧਰ 'ਤੇ ਬਲਾਕ ਰਿਸੋਰਸ ਕੋਆਰਡੀਨੇਟਰ ਬੀਆਰਸੀ ਨੂੰ ਮਹੀਨੇ 'ਚ ਇੱਕ ਪੇਂਡੂ ਜਲ ਸਪਲਾਈ ਸਕੀਮ ਪੰਚਾਇਤਾਂ ਦੇ ਹਵਾਲੇ ਕਰਨ ਦੇ ਹੁਕਮ ਜਾਰੀ ਕੀਤੇ ਹਨ। ਜਦ ਕਿ ਪਿੰਡਾਂ ਦੀ ਪੰਚਾਇਤਾਂ ਪਹਿਲਾਂ ਹੀ ਇਹ ਯੋਜਨਾਵਾਂ ਚਲਾਉਣ 'ਚ ਅਸਮਰੱਥ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਬਲਿਕ ਹੈਂਥਲ ਵਿਭਾਗ ਦੇ ਨਿੱਜੀਕਰਨ ਵਾਲੇ ਪਾਸੇ ਤੁਰੀ ਹੋਈ ਹੈ। ਸਰਕਾਰ ਆਪਣੀ ਜ਼ਿੰਮੇਵਾਰੀ ਲਾਹ ਕੇ ਪੰਚਾਇਤਾਂ ਦੇ ਗਲ਼ ਪਾਉਣਾ ਚਾਹੁੰਦੀ ਹੈ। ਜਦ ਕਿ ਪਹਿਲਾਂ ਪੰਚਾਇਤਾਂ ਹਵਾਲੇ ਕੀਤੀਆਂ ਪੇਂਡੂ ਜਲ ਸਪਲਾਈ ਸਕੀਮਾਂ ਤਰਸਯੋਗ ਹਾਲਤ ਵਿਚ ਹਨ। ਉੱਥੇ ਹੀ ਸਰਕਾਰ ਸੂਬੇ 'ਚ ਲੋਕਾਂ ਦੇ ਰੁਜ਼ਗਾਰ ਦੇ ਮੌਕੇ ਵੀ ਖਤਮ ਕਰਨ ਦੇ ਰਾਹ ਪਈ ਹੋਈ ਹੈ। ਸਰਕਾਰ ਹੋਰ ਵਿਭਾਗਾਂ 'ਚ ਅਸਾਮੀਆਂ ਭਰਨ ਦਾ ਖ਼ੂਬ ਪ੍ਰਚਾਰ ਕਰ ਰਹੀ ਹੈ। ਪਰ ਪਬਲਿਕ ਹੈਲਥ ਅਜਿਹਾ ਵਿਭਾਗ ਹੈ, ਜਿਸ ਵਿੱਚ ਪਿਛਲੇ ਤਿੰਨ ਸਾਲ ਤੋਂ ਸਰਕਾਰ ਨੇ ਇੱਕ ਵੀ ਨਵੀਂ ਅਸਾਮੀ ਨਹੀਂ ਭਰੀ। 'ਆਪ' ਸਰਕਾਰ ਨੇ ਪਿਛਲੇ ਤਿੰਨ ਸਾਲ ਤੋਂ ਸਰਵਿਸ ਦੌਰਾਨ ਮੌਤ ਹੋਏ ਕਰਮਚਾਰੀਆਂ ਦੇ ਵਾਰਿਸਾਂ ਨੂੰ ਨੌਕਰੀ ਦੇਣ ਦੇ ਕੇਸ ਰੋਕੇ ਹੋਏ ਹਨ। ਵਿਭਾਗ ਦੇ ਠੇਕਾ ਅਤੇ ਦਫ਼ਤਰਾਂ 'ਚ ਕੰਮ ਕਰਦੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਤਨਖਾਹਾਂ 'ਚ ਵਾਧਾ ਨਹੀਂ ਕੀਤਾ ਜਾ ਰਿਹਾ ਹੈ। ਸਰਕਾਰ ਦੇ ਇਸ ਫੈਸਲੇ ਨਾਲ ਵਿਭਾਗ 'ਚ ਕੰਮ ਕਰਦੇ 35 ਸੌ ਦੇ ਕਰੀਬ ਠੇਕਾ ਮੁਲਾਜ਼ਮਾਂ ਦੇ ਰੈਗੂਲਰ ਹੋਣ 'ਤੇ ਤਲਵਾਰ ਲਟਕ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ. ਆਤਮਾ ਸਿੰਘ ਤਾਲਬਪੁਰਾ ਨਮਿੱਤ ਅੰਤਿਮ ਅਰਦਾਸ

## ਵੈਰਾਗਮਈ ਕੀਰਤਨ ਅਤੇ ਸਰਧਾਂਜਲੀ ਸਮਾਗਮ ਗੁਰਦੁਆਰਾ ਭੰਡਾਰ ਸਾਹਿਬ ਰਮਦਾਸ ਵਿਖੇ ਕਰਵਾਏ ਗਏ















ਸ. ਆਤਮਾ ਸਿੰਘ ਤਾਲਬਪੁਰਾ ਨਮਿੱਤ ਅੰਤਿਮ ਅਰਦਾਸ, ਵੈਰਾਗਮਈ ਕੀਰਤਨ ਅਤੇ ਸਰਧਾਂਜਲੀ ਸਮਾਗਮ ਗੁਰਦੁਆਰਾ ਭੰਡਾਰ ਸਾਹਿਬ ਰਮਦਾਸ ਵਿਖੇ ਕਰਵਾਏ ਗਏ। ਜਿਸ ਵਿੱਚ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ, ਚਾਚਾ ਸੁਖਚੈਨ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸਰਬਜੀਤ ਸਿੰਘ ਜੰਮੂ, ਪ੍ਰਗਟ ਸਿੰਘ, ਮੇਜਰ ਸਿੰਘ, ਰਛਪਾਲ ਸਿੰਘ, ਯੁੱਧਬੀਰ ਸਿੰਘ, ਬਾਪੂ ਦਿਆ ਸਿੰਘ, ਭਾਈ ਪਲਵਿੰਦਰ ਸਿੰਘ, ਸ਼ਮਸ਼ੇਰ ਸਿੰਘ ਪੱਧਰੀ, ਕਿਸਾਨ ਆਗੂ ਚਰਨਜੀਤ ਸਿੰਘ ਗਾਲਬ, ਡਾ. ਦਰਸ਼ਨ ਸਿੰਘ ਸਿੱਧੂ, ਭਾਈ ਕਾਬਲ ਸਿੰਘ ਸ਼ਾਹਪੁਰ,ਭਾਈ ਬੁੱਧ ਸਿੰਘ ਝਾਮਕਾ, ਮਾਸਟਰ ਜਸਵੰਤ ਸਿੰਘ ਹੇਰ, ਮਾਸਟਰ ਰਣਜੀਤ ਸਿੰਘ ਬਟਾਲਾ, ਭਾਈ ਇਕਬਾਲ ਸਿੰਘ ਤੁੰਗ, ਉਘੇ ਵਕੀਲ ਅਨਿਲ ਸਾਗਰ, ਭਾਈ ਪ੍ਰੀਤਮ ਸਿੰਘ ਚੰਡੀਗੜ੍ਹ, ਭਾਈ ਅਮਰਜੀਤ ਸਿੰਘ ਵਣਚੜੀ,ਭਾਈ ਹਰਪ੍ਰਤਾਪ ਸਿੰਘ ਜਲੰਧਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਪੰਚ, ਪੰਚ ਅਤੇ ਇਲਾਕਾ ਨਿਵਾਸੀਆਂ ਨੇ ਸਰਧਾਂਜਲੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਅਤੇ ਆਤਮ ਸਿੰਘ ਤਾਲਬਪੁਰਾ ਨੂੰ ਸਰਧਾਂਜਲੀ ਭੇਟ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਯੂਨਾਈਟਿਡ ਸਿੱਖ ਕੌਂਸਲ ਦੇ ਸੇਵਾਦਾਰ ਭਾਈ ਰਣਜੀਤ ਸਿੰਘ ਜੰਮੂ-ਕਸ਼ਮੀਰ ਵੱਲੋਂ ਸ਼ੋਕ ਸੰਦੇਸ਼ ਭੇਜ ਕਿ ਮਾਤਾ ਗੁਰਮੀਤ ਕੌਰ, ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਅਤੇ ਦਵਿੰਦਰ ਪਾਲ ਸਿੰਘ ਨਾਲ ਦੁੱਖ ਦਾ ਇਜ਼ਹਾਰ ਕੀਤਾ।ਅਕਾਲੀ ਦਲ (ਵਾਰਿਸ ਪੰਜਾਬ ਦੇ) ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਸੇਵਾਦਾਰ ਵਿਧਾਨ ਸਭਾ ਹਲਕਾ ਅਜਨਾਲਾ ਨੇ ਸਰਧਾਂਜਲੀ ਸਮਾਗਮ ਵਿੱਚ ਪਹੁੰਚੇ ਇਲਾਕਾ ਨਿਵਾਸੀਆਂ, ਸਿਆਸੀ ਪਾਰਟੀਆਂ ਦੇ ਆਗੂਆਂ, ਧਾਰਮਿਕ ਜਥੇਬੰਦੀਆਂ ਅਤੇ ਕਿਸਾਨ ਜੱਥੇਬੰਦੀਆਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਭਗਤ ਬਾਬਾ ਨਾਮਦੇਵ ਜੀ ਲਲਹੇੜੀ ਰੋਡ ਖੰਨਾ ਵਿਖੇ

# ਖਾਲਸਾ ਸਾਜਨਾ ਦਿਵਸ ਵਿਸਾਖੀ ਅਤੇ ਵਿਸਾਖ ਮਹੀਨੇ ਦੀ ਸੰਗ੍ਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ






**ਖੰਨਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੰਤ ਨਾਮਦੇਵ ਸਭਾ ਰਜਿ ਖੰਨਾ ਵੱਲੋਂ ਗੁਰਦਵਾਰਾ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਲਲਹੇੜੀ ਰੋਡ ਖੰਨਾ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਅਤੇ ਵਿਸਾਖ ਮਹੀਨੇ ਦੀ ਸੰਗ੍ਰਾਂਦ ਦਾ ਪਵਿੱਤਰ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ ਜਿਸ ਵਿੱਚ ਅੰਮ੍ਰਿਤ ਵੇਲੇ ਨਿੱਤਨੇਮ ਦੀਆਂ ਬਾਣੀਆਂ ਅਤੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਸੰਗਤੀ ਰੂਪ ਵਿੱਚ ਪਾਠਾਂ ਦੇ ਭੋਗ ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਪਾਏ ਗਏ। ਹਜ਼ੂਰੀ ਰਾਗੀ ਭਾਈ ਪਰਮਜੀਤ ਸਿੰਘ ਜੀ ਰਹਿਮਤ ਦੇ ਜੱਥੇ ਵੱਲੋਂ ਗੁਰਬਾਣੀ ਦੇ ਮਨੋਹਰ ਕੀਰਤਨ ਅਤੇ ਕਥਾ ਵਿਖਿਆਨ ਨਾਲ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ। ਪ੍ਰਧਾਨ ਕਰਮਜੀਤ ਸਿੰਘ ਜੀ ਵਲੋਂ ਹਾਜ਼ਰ ਹੋਈਆਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਦੱਸਿਆ ਕਿ ਸੰਤ ਨਾਮਦੇਵ ਸਭਾ ਰਜਿ ਖੰਨਾ ਵੱਲੋਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਮ੍ਰਿਤਕ ਦੇਹ ਨੂੰ ਸ਼ਮਸ਼ਾਨ ਘਾਟ ਲੈ ਜਾਣ ਲਈ ਸੰਤ ਨਾਮਦੇਵ ਸਭਾ ਰਜਿ ਖੰਨਾ ਵੱਲੋਂ ਜਿਹੜੀ ਗੱਡੀ ਦਾ ਪਰਬੰਧ ਕੀਤਾ ਜਾ ਰਿਹਾ ਹੈ ਉਸ ਵਿੱਚ ਵੱਧ ਤੋਂ ਵੱਧ ਸਹਿਜੋਗ ਦਿੱਤਾ ਜਾਵੇ। ਮੁੱਖ ਗ੍ਰੰਥੀ ਭਾਈ ਗੁਰਸ਼ਰਨ ਸਿੰਘ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਨਾਮਦੇਵ ਸਭਾ ਰਜਿ ਖੰਨਾ ਦੇ ਪ੍ਰਧਾਨ ਕਰਮਜੀਤ ਸਿੰਘ ਮੀਤ ਪ੍ਰਧਾਨ ਅਮਰਜੀਤ ਸਿੰਘ ਔਲਖ ਅਮੋਲਕ ਸਿੰਘ ਬੱਟੂ ਤੇ ਦਵਿੰਦਰ ਸਿੰਘ ਮੋਹਲ ਸਰਪ੍ਰਸਤ ਜੀਤ ਸਿੰਘ ਬੇਦੀ ਜਨਰਲ ਸਕੱਤਰ ਦਵਿੰਦਰ ਸਿੰਘ ਤੱਗੜ ਸੱਕਤਰ ਡਾਕਟਰ ਹਰਭਜਨ ਸਿੰਘ ਤੇ ਜਰਨੈਲ ਸਿੰਘ ਤੱਗੜ ਖ਼ਜਾਨਚੀ ਖੁਸ਼ਕਰਨ ਸਿੰਘ ਤੇ ਗੁਰਦਰਸ਼ਨ ਸਿੰਘ ਮੋਹਲ ਮੋਹਨ ਸਿੰਘ ਜੱਸਲ ਮਨਦੀਪ ਸਿੰਘ ਰਾਜਿੰਦਰ ਸਿੰਘ ਅਰਵਿੰਦਰ ਸਿੰਘ ਗੁਰਮੀਤ ਸਿੰਘ ਮਨੀ ਸਿੰਘ ਕੇਸਰ ਸਿੰਘ ਧਰਮ ਸਿੰਘ ਅਮ੍ਰਿਤ ਸਿੰਘ ਡਾਕਟਰ ਗੁਰਮੀਤ ਸਿੰਘ ਜਗਤਾਰਨਜੀਤ ਸਿੰਘ ਹਰਸ਼ ਲਵਲੀ ਆਦਿ ਹਾਜ਼ਰ ਸਨ।

### ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਉੱਤੇ ਅੰਬੇਡਕਰ ਭਵਨ ਖੰਨਾ ਵਿਖੇ ਪਹੁੰਚਣ 'ਤੇ

# ਮੈਂਬਰ ਲੋਕ ਸਭਾ ਫਤਿਹਗੜ੍ਹ ਸਾਹਿਬ ਡਾ. ਅਮਰ ਸਿੰਘ ਦਾ ਡਾਕਟਰ ਅੰਬੇਡਕਰ ਮਿਸ਼ਨ ਸੋਸਾਇਟੀ ਦੇ ਮੈਂਬਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ




**ਖੰਨਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਾਬਾ ਸਾਹਿਬ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਉੱਤੇ ਅੰਬੇਡਕਰ ਭਵਨ ਖੰਨਾ ਵਿਖੇ ਪਹੁੰਚਣ ਤੇ ਮੈਂਬਰ ਲੋਕ ਸਭਾ ਫਤਿਹਗੜ੍ਹ ਸਾਹਿਬ ਡਾ. ਅਮਰ ਸਿੰਘ ਜੀ ਦਾ ਡਾਕਟਰ ਅੰਬੇਡਕਰ ਮਿਸ਼ਨ ਸੋਸਾਇਟੀ ਦੇ ਮੈਂਬਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸਭ ਤੋਂ ਪਹਿਲਾਂ ਡਾਕਟਰ ਅਮਰ ਸਿੰਘ ਜੀ ਅਤੇ ਸੁਸਾਇਟੀ ਦੇ ਸਮੂਹ ਮੈਂਬਰਾਂ ਵੱਲੋਂ ਡਾਕਟਰ ਅੰਬੇਡਕਰ ਜੀ ਦੇ ਬੁੱਤ ਉੱਤੇ ਫੁੱਲਾਂ ਦੇ ਹਾਰ ਪਾ ਕੇ ਉਹਨਾਂ ਅੱਗੇ ਸੀਸ ਝੁਕਾਇਆ ਗਿਆ। ਉਪਰੰਤ ਆਪਣੇ ਸੰਬੋਧਨ ਵਿੱਚ ਡਾਕਟਰ ਅਮਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਆਖਿਆ ਕਿ ਸਾਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਫਲਸਫੇ ਨੂੰ ਘਰ ਘਰ ਤੱਕ ਪਹੁੰਚਾਉਣ ਦੀ ਅੱਜ ਬਹੁਤ ਜਰੂਰਤ ਹੈ। ਉਹਨਾਂ ਅੱਗੇ ਇਸ ਗੱਲ ਉੱਤੇ ਵੀ ਜੋਰ ਦਿੱਤਾ ਕਿ ਸਾਨੂੰ ਸਾਡੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਤਕਨੀਕੀ ਸਿੱਖਿਆ ਵੱਲ ਧਿਆਨ ਦੇਣ ਦੀ ਅਹਿਮ ਜਰੂਰਤ ਹੈ ਅਤੇ ਉਹਨਾਂ ਅਪੀਲ ਕੀਤੀ ਕਿ ਸਾਨੂੰ ਬੱਚਿਆਂ ਦੀ ਜੋ ਅੱਜ ਦੇ ਸਮੇਂ ਦੀ ਜਰੂਰਤ ਹੈ ਉਸ ਅਨੁਸਾਰ ਹੀ ਪੜ੍ਹਾਈ ਕਰਾਉਣੀ ਚਾਹੀਦੀ ਹੈ ਤਾਂ ਜੋ ਉਹ ਉੱਚੀਆਂ ਨੌਕਰੀਆਂ ਪ੍ਰਾਪਤ ਕਰ ਸਕਣ। ਸਮਾਗਮ ਦੌਰਾਨ ਡਾਕਟਰ ਅਮਰ ਸਿੰਘ ਨੇ ਸਮੂਹ ਸੁਸਾਇਟੀ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਜੋ ਅੰਬੇਡਕਰ ਭਵਨ ਅਧੂਰਾ ਹੈ ਉਸ ਨੂੰ ਪੂਰਨ ਤੌਰ ਤੇ ਮੁਕੰਮਲ ਕਰਨ ਵਾਸਤੇ ਜਲਦੀ ਹੀ ਗਰਾਂਟ ਜਾਰੀ ਕੀਤੀ ਜਾਵੇਗੀ। ਸਮਾਗਮ ਨੂੰ ਨਗਰ ਕੌਂਸਲ ਖੰਨਾ ਦੇ ਪ੍ਰਧਾਨ ਕਮਲਜੀਤ ਸਿੰਘ ਲੱਧੜ, ਸੁਸਾਇਟੀ ਦੇ ਸਰਪ੍ਰਸਤ ਪ੍ਰਿੰਸੀਪਲ ਜਸਵੰਤ ਸਿੰਘ ਮਿੱਤਰ ਅਤੇ ਜਨਰਲ ਸਕੱਤਰ ਬਲਬੀਰ ਸਿੰਘ ਭੱਟੀ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਸੁਸਾਇਟੀ ਦੇ ਪ੍ਰਧਾਨ ਕਰਮਜੀਤ ਸਿੰਘ ਸਿਫਤੀ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੀ 20 ਅਪ੍ਰੈਲ ਦਿਨ ਐਤਵਾਰ ਨੂੰ ਭਾਰਤ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਬੜੀ ਹੀ ਧੂਮ ਧਾਮ ਨਾਲ ਅੰਬੇਡਕਰ ਭਵਨ ਵਿਖੇ ਮਨਾਇਆ ਜਾਵੇਗਾ ਜਿਸ ਵਿੱਚ ਸਾਰੇ ਇਲਾਕਾ ਨਿਵਾਸੀ ਸਮੂਲੀਅਤ ਜਰੂਰ ਕਰਨ ਉਨਾਂ ਅੱਗੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਵਜੋਂ ਡਾਕਟਰ ਪਿਆਰੇ ਲਾਲ ਗਰਗ ਉਚੇਚੇ ਤੌਰ ਤੇ ਸ਼ਿਰਕਤ ਕਰਨਗੇ। ਸਮਾਗਮ ਦੌਰਾਨ ਪ੍ਰਿੰਸੀਪਲ ਤਾਰਾ ਸਿੰਘ, ਪਾਲ ਸਿੰਘ ਕੈੜੇ, ਈਸ਼ਰ ਸਿੰਘ, ਟੇਕ ਚੰਦ, ਪ੍ਰੇਮ ਸਿੰਘ ਬੰਗੜ, ਹਰਮੇਸ਼ ਕੁਮਾਰ ਜੱਸਲ, ਗੁਰਮੀਤ ਸਿੰਘ ਨਾਗਪਾਲ ਐਮਸੀ, ਮੱਖਣ ਸਿੰਘ ਐਮਸੀ, ਹਰਜਿੰਦਰ ਸਿੰਘ ਇਕੋਲਾਹਾ ਪ੍ਰਧਾਨ, ਗੁਰਨਾਮ ਸਿੰਘ ਸੁਪਰਡੈਂਟ, ਐਕਸੀਅਨ ਜਤਿੰਦਰ ਸਿੰਘ, ਏਜੀਐਮ ਕਰਮਜੀਤ ਸਿੰਘ, ਹੈਡ ਮਾਸਟਰ ਬਲਵਿੰਦਰ ਸਿੰਘ, ਹਰਦੇਵ ਸਿੰਘ, ਖੁਸ਼ੀ ਰਾਮ ਚੌਹਾਨ, ਸੁਰਿੰਦਰ ਸਿੰਘ ਮਾਨੂੰਪੁਰ, ਦਰਬਾਰਾ ਸਿੰਘ ਖੱਟੜਾ, ਕੈਪਟਨ ਹਰਜਿੰਦਰ ਸਿੰਘ, ਜਰਨੈਲ ਸਿੰਘ ਅਜਨੇਰ, ਹਰਪਾਲ ਸਿੰਘ ਹੋਲ, ਹਰਪਾਲ ਸਿੰਘ ਫੌਜੀ, ਕਰਮ ਸਿੰਘ ਲਲਹੇੜੀ, ਜਸਵੀਰ ਸਿੰਘ ਰਤਨਹੇੜੀ, ਮਹਿੰਦਰ ਸਿੰਘ ਮਾਨੂੰਪੁਰ, ਸੌਦਾਗਰ ਸਿੰਘ, ਅਮਰਜੀਤ ਸਿੰਘ ਸਿਫਤੀ, ਪਰਮਜੀਤ ਸਿੰਘ ਰਾਜੂ, ਕੁਲਦੀਪ ਸਿੰਘ, ਕਾਮਰੇਡ ਹਰਨੇਕ ਸਿੰਘ, ਸਤਨਾਮ ਸਿੰਘ ਕੰਮਾ ਆਦਿ ਮੈਂਬਰ ਹਾਜ਼ਰ ਸਨ।

# ਅੰਬੇਡਕਰ ਇੱਕ ਇਨਕਲਾਬੀ ਸ਼ਖਸੀਅਤ ਜਿਸਨੇ ਬ੍ਰਾਹਮਣਵਾਦੀ ਹਿੰਦੂ ਧਰਮ ਦੀ ਢਾਂਚਾਗਤ ਹਿੰਸਾ ਦਾ ਪਰਦਾਫਾਸ਼ ਕੀਤਾ : ਇਕੋਲਾਹਾ



**ਖੰਨਾ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੀ ਮਾਰਕਸਵਾਦੀ ਤੇ ਲੈਨਿਨਵਾਦੀ ਵਿਚਾਰ ਧਾਰਾ ਦੀ ਰਾਜਨੀਤਕ ਪਾਰਟੀ ਰੈਵੋਲੀਊਸਨਰੀ ਸੋਸ਼ਿਲਸਟ ਪਾਰਟੀ (ਆਰਐਸਪੀ) ਦੇ ਕੇਂਦਰੀ ਕਮੇਟੀ ਮੈਂਬਰ ਕਰਨੈਲ ਸਿੰਘ ਇਕੋਲਾਹਾ ਨੇ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਤੇ ਪ੍ਰੈਸ ਦੇ ਨਾ ਜਾਰੀ ਬਿਆਨ ਵਿੱਚ ਕਿਹਾ ਕਿ ਅਸਾਡੀ ਪਾਰਟੀ ਸਮਾਜਿਕ ਨਿਆਂ ਪ੍ਰਤੀ ਆਪਣੀ ਵਚਨਬੱਧਤਾ ਦੇ ਅਨੁਸਾਰ, ਜਾਤੀ ਜ਼ੁਲਮ ਵਿਰੁੱਧ ਉਹਨਾਂ ਦੇ ਨਿਰੰਤਰ ਸੰਘਰਸ਼ ਲਈ ਅੰਬੇਡਕਰ ਨੂੰ ਉੱਚ ਸਤਿਕਾਰ ਵਜੋਂ ਵੇਖਦੀ ਹੈ। ਆਰਐਸਪੀ ਅੰਬੇਡਕਰ ਨੂੰ ਇੱਕ ਇਨਕਲਾਬੀ ਸ਼ਖਸੀਅਤ ਵਜੋਂ ਮਾਨਤਾ ਦਿੰਦੀ ਹੈ ਜਿਸਨੇ ਬ੍ਰਾਹਮਣਵਾਦੀ ਹਿੰਦੂ ਧਰਮ ਦੀ ਢਾਂਚਾਗਤ ਹਿੰਸਾ ਦਾ ਪਰਦਾਫਾਸ਼ ਕੀਤਾ ਅਤੇ ਸੰਵਿਧਾਨਕ ਅਤੇ ਸਮਾਜਿਕ ਸੁਧਾਰਾਂ ਰਾਹੀਂ ਸਮਾਜਿਕ ਦਰਜਾਬੰਦੀ ਨੂੰ ਖਤਮ ਕਰਨ ਲਈ ਕੰਮ ਕੀਤਾ। ਦਲਿਤਾਂ ਲਈ ਰਾਖਵੇਂਕਰਨ, ਕਾਨੂੰਨੀ ਸਮਾਨਤਾ ਅਤੇ ਮਨੁੱਖੀ ਸਨਮਾਨ ਨੂੰ ਸੁਰੱਖਿਅਤ ਕਰਨ ਵਿੱਚ ਉਹਨਾਂ ਦੀ ਭੂਮਿਕਾ ਨੂੰ ਸਮਾਜਿਕ ਮੁਕਤੀ ਲਈ ਵਿਆਪਕ ਸੰਘਰਸ਼ ਵਿੱਚ ਇੱਕ ਇਤਿਹਾਸਕ ਕਦਮ ਵਜੋਂ ਦੇਖਿਆ ਜਾਂਦਾ ਹੈ। ਉਹਨਾਂ ਅੱਗੇ ਡਾ. ਭੀਮ ਰਾਓ ਅੰਬੇਡਕਰ ਦੀ ਜਾਤ-ਵਿਰੋਧੀ ਸਰਗਰਮੀ ਦੀ ਕਦਰ ਕਰਦੇ ਹੋਏ ਕਿਹਾ ਬੇਸ਼ੱਕ ਆਰਐਸਪੀ ਅਤੇ ਮਾਰਕਸਵਾਦੀ ਪਾਰਟੀਆਂ ਨੇ ਅੰਬੇਡਕਰ ਦੀ ਆਲੋਚਨਾ ਕੀਤੀ ਹੈ ਜਿਸਨੂੰ ਉਹ ਜਮਾਤੀ ਸੰਘਰਸ਼ 'ਤੇ ਘੱਟ ਜ਼ੋਰ ਦਿੰਦੇ ਹਨ। ਇੱਕ ਰਵਾਇਤੀ ਮਾਰਕਸਵਾਦੀ ਦ੍ਰਿਸ਼ਟੀਕੋਣ ਤੋਂ, ਜਾਤ ਨੂੰ ਇੱਕ ਸਮਾਜਿਕ-ਧਾਰਮਿਕ ਉੱਚ-ਸੰਰਚਨਾ ਵਜੋਂ ਦੇਖਿਆ ਜਾਂਦਾ ਹੈ ਜੋ ਜਮਾਤ ਅਤੇ ਆਰਥਿਕ ਸ਼ੋਸ਼ਣ ਦੇ ਭੌਤਿਕ ਅਧਾਰ ਦੁਆਰਾ ਕਾਇਮ ਹੈ। ਇਸ ਲਈ, ਆਰਐਸਪੀ ਨੇ ਇਤਿਹਾਸਕ ਤੌਰ 'ਤੇ ਅੰਬੇਡਕਰ ਦੇ ਸੁਧਾਰਵਾਦੀ ਅਤੇ ਸੰਵਿਧਾਨਕ ਪਹੁੰਚ ਨੂੰ ਇਨਕਲਾਬੀ ਪਰਿਵਰਤਨ ਲਈ ਨਾਕਾਫ਼ੀ ਮੰਨਿਆ ਹੈ, ਇਹ ਦਲੀਲ ਦਿੰਦੇ ਹੋਏ ਕਿ ਇਹ ਸਿੱਧੇ ਤੌਰ 'ਤੇ ਪੂੰਜੀਵਾਦੀ ਸ਼ੋਸ਼ਣ ਦਾ ਸਾਹਮਣਾ ਨਹੀਂ ਕਰਦਾ। ਹਾਲਾਂਕਿ, ਇਹ ਆਲੋਚਨਾ ਅੰਬੇਡਕਰ ਦੇ ਯੋਗਦਾਨ ਨੂੰ ਘਟਾਉਣ ਦੇ ਉਦੇਸ਼ ਨਾਲ ਨਹੀਂ ਹੈ ਬਲਕਿ ਮਾਰਕਸਵਾਦੀ ਵਿਸ਼ਵਾਸ ਵਿੱਚ ਜੜ੍ਹੀ ਹੋਈ ਹੈ ਕਿ ਜਾਤੀ ਦੇ ਵਿਨਾਸ਼ ਨੂੰ ਪੂੰਜੀਵਾਦੀ ਅਤੇ ਜਗੀਰੂ ਢਾਂਚੇ ਦੇ ਤਖਤੇ ਨਾਲ ਜੋੜਿਆ ਜਾਣਾ ਚਾਹੀਦਾ ਹੈ। ਉਹਨਾਂ ਅੱਗੇ ਕਿਹਾ ਕਿ ਦਲਿਤ ਅੰਦੋਲਨਾਂ ਅਤੇ ਅੰਬੇਡਕਰਵਾਦੀ ਵਿਚਾਰਾਂ ਦੇ ਪੁਨਰ-ਉਭਾਰ ਨੂੰ ਵੇਖਦਿਆਂ ਭਾਰਤ ਵਿੱਚ ਇੱਕ ਹੋਰ ਸਮਾਵੇਸ਼ੀ ਅਤੇ ਪ੍ਰਭਾਵਸ਼ਾਲੀ ਇਨਕਲਾਬੀ ਰਣਨੀਤੀ ਬਣਾਉਣ ਲਈ ਅੰਬੇਡਕਰ ਦੀ ਜਾਤ-ਵਿਰੋਧੀ ਵਿਚਾਰਧਾਰਾ ਨੂੰ ਮਾਰਕਸਵਾਦੀ ਜਮਾਤੀ ਵਿਸ਼ਲੇਸ਼ਣ ਨਾਲ ਸੰਸ਼ਲੇਸ਼ਣ ਕਰਨਾ ਸਮੇ ਦੀ ਲੋੜ ਹੈ। ਉਹਨਾਂ "ਦਲਿਤ-ਮਾਰਕਸਵਾਦੀ" ਏਕਤਾ ਦੀ ਵਕਾਲਤ ਕਰਦਿਆ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜਾਤ ਅਤੇ ਵਰਗ ਭਾਰਤੀ ਸਮਾਜ ਵਿੱਚ ਡੂੰਘਾਈ ਨਾਲ ਜੁੜੇ ਹੋਏ ਹਨ, ਅਤੇ ਕਿਸੇ ਵੀ ਪਰਿਵਰਤਨਸ਼ੀਲ ਰਾਜਨੀਤੀ ਨੂੰ ਦੋਵਾਂ ਨੂੰ ਇੱਕੋ ਸਮੇਂ ਸੰਬੋਧਿਤ ਹੋਣ ਦੀ ਲੋੜ ਹੈ।

# ਵਿਸਾਖੀ ਜੋੜ ਮੇਲੇ ਦੌਰਾਨ ਸਰੋਵਰ 'ਚ ਡੁੱਬਣ ਨਾਲ ਮਾਪਿਆਂ ਦੇ ਇਕਲੌਤੇ ਪੁੱਤਰ ਦੀ ਮੌਤ



**ਤਲਵੰਡੀ ਸਾਬੋ (ਰਣਜੀਤ ਸਿੰਘ ਰਾਜੂ)**-ਖਾਲਸਾ ਸਾਜਨਾ ਦਿਹਾੜੇ ਵਿਸਾਖੀ ਜੋੜ ਮੇਲੇ ਦੇ ਆਖਿਰੀ ਦਿਨ ਵਾਪਰੇ ਇੱਕ ਦਰਦਨਾਕ ਹਾਦਸੇ ਚ ਇੱਕ ਤੇਰ੍ਹਾਂ ਸਾਲਾਂ ਦੇ ਅੰਮ੍ਰਿਤਧਾਰੀ ਬੱਚੇ ਦੀ ਸਰੋਵਰ ਚ ਡੁੱਬਣ ਨਾਲ ਮੌਤ ਹੋ ਗਈ। ਮ੍ਰਿਤਕ ਬੱਚਾ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਮਿਲੀ ਜਾਣਕਾਰੀ ਅਨੁਸਾਰ ਬੀਤੇ ਕੱਲ੍ਹ ਬਾਅਦ ਦੁਪਹਿਰ ਤਖਤ ਸਾਹਿਬ ਦੇ ਨਜ਼ਦੀਕ ਬਣੇ ਇੱਕ ਪਾਵਨ ਸਰੋਵਰ ਚ ਇਸ਼ਨਾਨ ਕਰਨ ਦੌਰਾਨ ਇੱਕ ਬੱਚੇ ਦੇ ਡੁੱਬ ਜਾਣ ਦੀ ਘਟਨਾ ਸਾਹਮਣੇ ਆਈ, ਪਤਾ ਲੱਗਣ ਤੇ ਕੁਝ ਵਿਅਕਤੀਆਂ ਨੇ ਬੱਚੇ ਨੂੰ ਸਰੋਵਰ ਚੋਂ ਬਾਹਰ ਕੱਢ ਕੇ ਸਿਵਲ ਹਸਪਤਾਲ ਤਲਵੰਡੀ ਸਾਬੋ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਬੱਚੇ ਦੀ ਪਛਾਣ ਜਸਕੀਰਤ ਸਿੰਘ (13) ਪੁੱਤਰ ਸੁਖਪਾਲ ਸਿੰਘ ਵਾਸੀ ਪਿੰਡ ਜੀਵਨ ਸਿੰਘ ਵਾਲਾ ਵਜੋਂ ਹੋਈ ਹੈ। ਦੱਸਣਯੋਗ ਹੈ ਕਿ ਮ੍ਰਿਤਕ ਬੱਚਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੇ ਪ੍ਰਮੁੱਖ ਸੇਵਾਦਾਰ ਭਾਈ ਸੁਖਪਾਲ ਸਿੰਘ ਦਾ ਇਕਲੌਤਾ ਪੁੱਤਰ ਸੀ ਅਤੇ ਮਿਲੀ ਜਾਣਕਾਰੀ ਅਨੁਸਾਰ ਉਹ ਵਿਸਾਖੀ ਜੋੜ ਮੇਲਾ ਦੇਖਣ ਘਰੋਂ ਆਪਣੇ ਸੰਗੀ ਸਾਥੀਆਂ ਨਾਲ ਆਇਆ ਸੀ ਘਟਨਾ ਦਾ ਪਤਾ ਲੱਗਦਿਆਂ ਹੀ ਜਿੱਥੇ ਪ੍ਰਸ਼ਾਸਨਿਕ ਅਧਿਕਾਰੀ ਸਿਵਲ ਹਸਪਤਾਲ ਪੁੱਜੇ ਉੱਥੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੀ ਤੁਰੰਤ ਸਿਵਲ ਹਸਪਤਾਲ ਤਲਵੰਡੀ ਸਾਬੋ ਪੁੱਜੇ ਅਤੇ ਉਨਾਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਸਮੁੱਚੀ ਘਟਨਾ ਬਾਬਤ ਜਾਣਕਾਰੀ ਹਾਸਿਲ ਕੀਤੀ ਬੱਚੇ ਦੀ ਮੌਤ ਨੂੰ ਉਨਾਂ ਨੇ ਪਰਿਵਾਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਦੂਜੇ ਪਾਸੇ ਬੱਚੇ ਦੀ ਮੌਤ ਦੀ ਖਬਰ ਨਾਲ ਪਿੰਡ ਜੀਵਨ ਸਿੰਘ ਵਾਲਾ ਚ ਵੀ ਸੋਗ ਦੀ ਲਹਿਰ ਦੌੜ ਗਈ ਪੁਲਿਸ ਅਧਿਕਾਰੀਆਂ ਮੁਤਾਬਿਕ ਮੁਢਲੀ ਕਾਨੂੰਨੀ ਪ੍ਰਕ੍ਰਿਆ ਉਪਰੰਤ ਮ੍ਰਿਤਕ ਬੱਚੇ ਦੀ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਸੀ। ਅੱਜ ਸਵੇਰੇ 11 ਪਿੰਡ ਜੀਵਨ ਸਿੰਘ ਵਾਲਾ ਦੇ ਸ਼ਮਸ਼ਾਨ ਘਾਟ ਵਿੱਚ ਬੱਚੇ ਦਾ ਸਸਕਾਰ ਕਰ ਦਿੱਤਾ ਗਿਆ। ਇਸ ਅਤਿਅੰਤ ਦੁਖਦਾਈ ਘੜੀ ਮੌਕੇ ਇੰਟਰਨੈਸ਼ਨਲ ਪੰਥਕ ਦਲ ਅਤੇ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਦੇ ਸੇਵਾਦਾਰਾਂ ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਰਘਵੀਰ ਸਿੰਘ ਮਾਲੜੀ, ਬਾਬਾ ਬਘੇਲ ਸਿੰਘ ਕਥਾਵਾਚਕ, ਭਾਈ ਕਪਤਾਨ ਸਿੰਘ ਵੁਲਵਰਹੈਂਪਟਨ, ਭਾਈ ਬਲਜੀਤ ਸਿੰਘ ਕੰਗ, ਭਾਈ ਮੱਖਣ ਸਿੰਘ ਈਰਾਨੀ ਤੋਂ ਇਲਾਵਾ ਭਾਈ ਕੁਲਵਿੰਦਰ ਸਿੰਘ ਪੱਤੜ, ਗਿਆਨੀ ਰਾਜਪਾਲ ਸਿੰਘ ਬੋਪਾਰਾਏ ਕਥਾਵਾਚਕ ਗੁਰਦੁਆਰਾ ਸ਼ਹੀਦਾਂ ਤੱਲ੍ਹਣ (ਜਲੰਧਰ), ਗਿਆਨੀ ਮਨਦੀਪ ਸਿੰਘ ਏਲਨਾਬਾਦ ਕਥਾਵਾਚਕ, ਰਣਜੀਤ ਸਿੰਘ ਰਾਜੂ ਸੀਨੀਅਰ ਪੱਤਰਕਾਰ, ਭਾਈ ਗੁਰਪਾਲ ਸਿੰਘ ਕੋਟਸ਼ਮੀਰ, ਭਾਈ ਅੰਗਰੇਜ਼ ਸਿੰਘ ਫੱਗੂ, ਭਾਈ ਹਰਜੀਤ ਸਿੰਘ ਪੰਡੋਰੀ, ਡਾਕਟਰ ਪਰਮਿੰਦਰ ਸਿੰਘ ਰਾਣਾ, ਗਗਨਦੀਪ ਸਿੰਘ ਮੋਹਾਲੀ ਆਦਿ ਨੇ ਇਸ ਨਾ ਪੂਰੇ ਹੋਣ ਵਾਲੇ ਘਾਟੇ ਲਈ ਪਰਿਵਾਰ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਮ੍ਰਿਤਕ ਬੱਚੇ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ ਦੇ ਸੇਵਾਦਾਰ ਸਰਾਜ ਮੁਹੰਮਦ (ਘਨ੍ਹਈਆ) ਜੀ ਅਕਾਲ ਚਲਾਣਾ ਕਰ ਗਏ



**ਜਲੰਧਰ, 15 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ ਦੇ ਸੇਵਾਦਾਰ ਸਰਾਜ ਮੁਹੰਮਦ (ਉਰਫ ਘਨ੍ਹਈਆ) ਜੀ ਨਿਵਾਸੀ ਪਿੰਡ ਸਰੀਂਹ (ਜਲੰਧਰ) ਦੇ ਅਕਾਲ ਚਲਾਣੇ ਦੀ ਖ਼ਬਰ ਨਾਲ ਪਿੰਡ ਅਤੇ ਇਲਾਕੇ ਭਰ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ। ਘਨੱਈਆ ਜੀ ਪਿਛਲੇ ਕੁਝ ਸਮੇਂ ਤੋ ਬੀਮਾਰ ਚੱਲੇ ਆ ਰਹੇ ਸਨ ਉਨ੍ਹਾਂ ਨੇ 13 ਅਪ੍ਰੈਲ ਤੜਕੇ 3 ਵਜੇ ਆਖ਼ਰੀ ਸਵਾਸ ਲਏ। ਜ਼ਿਕਰਯੋਗ ਹੈ ਕਿ ਪੰਥ ਦੀਆਂ ਮਾਣਯੋਗ ਹਸਤੀਆਂ ਜਥੇਦਾਰ ਸਾਹਿਬਾਨ, ਕਾਰਸੇਵਾ ਵਾਲੇ ਅਤੇ ਗੁਰਮਤਿ ਪ੍ਰਚਾਰਕ ਸੰਤ-ਮਹਾਂਪੁਰਖਾਂ ਨਾਲ ਆਪਣੇ ਖੁੱਲ੍ਹੇ-ਡੁੱਲ੍ਹੇ ਸੁਭਾਅ ਅਤੇ ਮਿੱਠਬੋਲੜੇ ਤੇ ਮਿਲਾਪੜੇ ਘਨੱਈਆ ਜੀ ਦਾ ਵਿਸ਼ੇਸ਼ ਸਨੇਹ ਸੀ। ਉਹ ਹਰ ਸਾਲ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਦੇ ਜਥੇ ਨਾਲ ਪੰਜ ਤਖ਼ਤ ਸਾਹਿਬਾਨ ਦੀ ਸਾਲਾਨਾ ਯਾਤਰਾ ਦੌਰਾਨ ਸੇਵਾ ਵਿੱਚ ਵਿਸ਼ੇਸ਼ ਤੌਰ ਤੇ ਉਤਸ਼ਾਹ ਸਹਿਤ ਹਾਜ਼ਰ ਹੁੰਦੇ ਸਨ। ਇਸਲਾਮ ਮਤ ਵਿੱਚ ਜਨਮ ਹੋਣ ਦੇ ਬਾਵਜੂਦ ਗੁਰਸਿੱਖੀ ਲਈ ਵਿਸ਼ੇਸ਼ ਸ਼ਰਧਾ ਰੱਖਦੇ ਸਨ। ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ, ਬਾਬਾ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ, ਗਿਆਨੀ ਰਾਜਪਾਲ ਸਿੰਘ ਬੋਪਾਰਾਏ ਕਥਾਵਾਚਕ ਗੁਰਦੁਆਰਾ ਸ਼ਹੀਦਾਂ ਤੱਲ੍ਹਣ, ਡਾਕਟਰ ਦਲਵੀਰ ਸਿੰਘ ਸਰੀਂਹ, ਭਾਈ ਕੁਲਵਿੰਦਰ ਸਿੰਘ ਟਾਹਲੀ ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਰਘਵੀਰ ਸਿੰਘ ਮਾਲੜੀ, ਬਾਬਾ ਬਘੇਲ ਸਿੰਘ ਕਥਾਵਾਚਕ, ਭਾਈ ਕਪਤਾਨ ਸਿੰਘ ਵੁਲਵਰਹੈਂਪਟਨ, ਭਾਈ ਬਲਜੀਤ ਸਿੰਘ ਕੰਗ, ਭਾਈ ਚਰਨਜੀਤ ਸਿੰਘ ਡਰਬੀ, ਭਾਈ ਗਿਆਨ ਸਿੰਘ ਪੰਨੂ, ਭਾਈ ਜੋਗਾ ਸਿੰਘ ਯੂਕੇ, ਬੀਬੀ ਜਸਵਿੰਦਰ ਕੌਰ ਥਾਂਦੀ, ਭਾਈ ਸਤਨਾਮ ਸਿੰਘ ਲੈਸਟਰ, ਬੀਬੀ ਨਿਰੰਜਨ ਕੌਰ ਬੱਲ, ਬੀਬੀ ਭਜਨ ਕੌਰ ਬੈਂਸ, ਬੀਬੀ ਸਕਿੰਦਰਦੀਪ ਕੌਰ, ਬੀਬੀ ਇਕਬਾਲ ਕੌਰ ਕੈਨੇਡਾ, ਬੀਬੀ ਰਤਨ ਕੌਰ ਡਰਬੀ ਤੋਂ ਇਲਾਵਾ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਯਾਤਰਾ ਕਰ ਚੁੱਕੇ ਸਮੂਹ ਸ਼ਰਧਾਲੂਆਂ ਨੇ ਇਸ ਨਾ ਪੂਰੇ ਹੋਣ ਵਾਲੇ ਘਾਟੇ ਲਈ ਪਰਿਵਾਰ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਮ੍ਰਿਤਕ ਘਨੱਈਆ ਜੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।